ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

# ਆਵਾਜ਼ਿ ਕੌਮ

www.awazeqaumtv.com

Also On

Visit on facebook

https://www.facebook.com/awazeqaumtv/videos/194899582124531/

**Awaze Qaum**

(ਯੂ. ਕੇ. ਤੋਂ ਪ੍ਰਕਾਸ਼ਿਤ)

https://youtu.be/LQwolgxDu7l

**International Daily Newspaper & WEB TV**

awazeqaumtvpunjab@gmail.com

ਸ਼ੁੱਕਰਵਾਰ, 3 ਅਪ੍ਰੈਲ 2026 (ਨਾਨਕਸ਼ਾਹੀ ਸੰਮਤ : ੫੫੮, ੨੧ ਚੇਤ) ਸੰਪਾਦਕ : ਰਘਵੀਰ ਸਿੰਘ ਵਾਲਸਾਲ ਯੂ.ਕੇ., ਸੰਪਰਕ : +447458381111,+447976210161,+919729091243

## ਪੰਜਾਬ ਅਤੇ ਹਰਿਆਣਾ ਹਾਈਕੋਰਟ ਨੂੰ

# ਫਿਰ ਮਿਲੀ ਬੰਬ ਨਾਲ ਉਡਾਉਣ ਦੀ ਧਮਕੀ !

**ਚੰਡੀਗੜ੍ਹ, 2 ਅਪ੍ਰੈਲ (ਆਵਾਜ਼ਿ ਕੌਮ ਬਿਊਰੋ)**-ਚੰਡੀਗੜ੍ਹ ਦੇ ਸੈਕਟਰ 37 ਵਿੱਚ ਪੰਜਾਬ ਭਾਜਪਾ ਹੈੱਡਕੁਆਰਟਰ ਦੇ ਬਾਹਰ ਹੋਏ ਧਮਾਕੇ ਤੋਂ ਬਾਅਦ ਹੁਣ ਪੰਜਾਬ ਅਤੇ ਹਰਿਆਣਾ ਹਾਈ ਕੋਰਟ ਨੂੰ ਚੌਥੀ ਵਾਰ ਬੰਬ ਨਾਲ ਉਡਾਉਣ ਦੀ ਧਮਕੀ ਈਮੇਲ ਜ਼ਰੀਏ ਭੇਜੀ ਗਈ ਹੈ। ਇਹ ਈਮੇਲ ਐੱਸਐੱਸਪੀ ਦਫ਼ਤਰ ਨੂੰ ਪ੍ਰਾਪਤ ਹੋਈ, ਜਿਸ ਤੋਂ ਬਾਅਦ ਪੁਲਿਸ ਅਤੇ ਸੁਰੱਖਿਆ ਏਜੰਸੀਆਂ ਚੌਕਸ ਹੋ ਗਈਆਂ ਹਨ। ਸੂਚਨਾ ਮਿਲਣ ਤੋਂ ਬਾਅਦ ਮੌਕੇ 'ਤੇ ਪਹੁੰਚੀ ਪੁਲਿਸ ਅਤੇ ਬੰਬ ਸਕੁਐਡ ਦੀ ਟੀਮ




ਵੱਲੋਂ ਜਾਂਚ ਕੀਤੀ ਜਾ ਰਹੀ ਹੈ। ਦੱਸਿਆ ਜਾ ਰਿਹਾ ਹੈ ਕਿ ਪਿਛਲੀਆਂ ਤਿੰਨ ਈਮੇਲਾਂ ਹਾਈ ਕੋਰਟ ਦੇ ਰਜਿਸਟਰਾਰ ਦੇ ਅਧਿਕਾਰਤ ਈਮੇਲ ਪਤੇ 'ਤੇ ਭੇਜੀਆਂ ਗਈਆਂ ਸਨ। ਸੁਰੱਖਿਆ ਏਜੰਸੀਆਂ ਹਾਈ ਕੋਰਟ ਦੀ ਜਾਂਚ ਕਰ ਰਹੀਆਂ ਹਨ। ਫਿਲਹਾਲ ਹਾਈਕੋਰਟ ਵਿੱਚ ਕੁਝ ਵੀ ਸ਼ੱਕੀ ਨਹੀਂ ਮਿਲਿਆ ਹੈ। ਜਾਣਕਾਰੀ ਅਨੁਸਾਰ ਈਮੇਲ ਵਿੱਚ ਹਾਈ ਕੋਰਟ ਵਿੱਚ ਬੰਬ ਧਮਾਕੇ ਦੀ ਧਮਕੀ ਦਿੱਤੀ ਗਈ ਹੈ। ਸੂਚਨਾ ਮਿਲਦੇ ਹੀ ਪੁਲਿਸ, ਬੰਬ ਨਿਰੋਧਕ ਦਸਤਾ ਅਤੇ ਹੋਰ ਸੁਰੱਖਿਆ ਏਜੰਸੀਆਂ ਨੂੰ ਤੁਰੰਤ ਮੌਕੇ 'ਤੇ ਭੇਜ ਦਿੱਤਾ ਗਿਆ ਹੈ। ਹਾਈ ਕੋਰਟ ਤੇ ਆਸ-ਪਾਸ ਦੇ ਇਲਾਕਿਆਂ ਵਿੱਚ ਸਖ਼ਤ ਤਲਾਸ਼ੀ ਅਭਿਆਨ ਚਲਾਇਆ ਜਾ ਰਿਹਾ ਹੈ। ਸੁਰੱਖਿਆ ਨੂੰ ਧਿਆਨ ਵਿੱਚ ਰੱਖਦੇ ਹੋਏ ਐਂਟਰੀ ਅਤੇ ਆਵਾਜਾਈ 'ਤੇ ਨਿਗਰਾਨੀ ਕੀਤੀ ਜਾ ਰਹੀ ਹੈ। ਪੁਲਿਸ ਅਧਿਕਾਰੀਆਂ ਦਾ ਕਹਿਣਾ ਹੈ ਕਿ ਇਸ ਵੇਲੇ ਇਹ ਸਪੱਸ਼ਟ ਨਹੀਂ ਕਿ ਧਮਕੀ ਅਸਲ ਹੈ ਜਾਂ ਅਫ਼ਵਾਹ ਪਰ ਕਿਸੇ ਵੀ ਕਿਸਮ ਦਾ ਖ਼ਤਰਾ ਨਾ ਲੈਂਦੇ ਹੋਏ ਹਰ ਸੰਭਵ ਸਾਵਧਾਨੀ ਵਰਤੀ ਜਾ ਰਹੀ ਹੈ। ਸਾਇਬਰ ਟੀਮ ਵੀ ਐਕਟਿਵ ਹੋ ਗਈ ਹੈ ਅਤੇ ਈਮੇਲ ਭੇਜਣ ਵਾਲੇ ਦੀ ਪਛਾਣ ਕਰਨ ਦੀ ਕੋਸ਼ਿਸ਼ ਕੀਤੀ ਜਾ ਰਹੀ ਹੈ। ਮਾਮਲੇ ਦੀ ਜਾਂਚ ਜਾਰੀ ਹੈ।




## ਮਜੀਠਾ ਹਲਕੇ ਦੇ ਪਿੰਡ ਸਿਆਲਕਾ 'ਚ ਘਰ 'ਤੇ ਅਣਪਛਾਤੇ ਹਮਲਾਵਰਾਂ ਨੇ ਚਲਾਈਆਂ ਗੋਲੀਆਂ, ਫੈਲੀ ਦਹਿਸ਼ਤ

**ਅੰਮ੍ਰਿਤਸਰ, 2 ਅਪ੍ਰੈਲ (ਆਵਾਜ਼ਿ ਕੌਮ ਬਿਊਰੋ)**-ਅੰਮ੍ਰਿਤਸਰ ਦੇ ਮਜੀਠਾ ਹਲਕੇ ਦੇ ਪਿੰਡ ਸਿਆਲਕਾ ਵਿੱਚ ਮੰਗਲਵਾਰ ਦੇਰ ਰਾਤ ਅਣਪਛਾਤੇ ਵਿਅਕਤੀਆਂ ਵੱਲੋਂ ਗੋਲੀਆਂ ਚਲਾਉਣ ਦਾ ਮਾਮਲਾ ਸਾਹਮਣੇ ਆਇਆ ਹੈ। ਦੱਸ ਦਈਏ ਕਿ ਪੂਰੀ ਘਟਨਾ ਦੀ ਸੀਸੀਟੀਵੀ ਫੁਟੇਜ ਸਾਹਮਣੇ ਆਈ ਹੈ, ਜੋ ਅਕਾਲੀ ਆਗੂ ਬਿਕਰਮ ਸਿੰਘ ਮਜੀਠੀਆ ਨੇ ਆਪਣੇ ਸੋਸ਼ਲ ਮੀਡੀਆ ਪੇਜ 'ਤੇ ਸਾਂਝੀ ਕੀਤੀ ਹੈ। ਵੀਡੀਓ ਵਿੱਚ ਗੋਲੀਆਂ ਦੀ ਆਵਾਜ਼ ਸਾਫ਼ ਸੁਣਾਈ ਦੇ ਰਹੀ ਹੈ। ਰਿਪੋਰਟਾਂ ਅਨੁਸਾਰ, ਲਗਭਗ 9 ਤੋਂ 10 ਰਾਊਂਡ ਗੋਲੀਆਂ ਚਲਾਈਆਂ ਗਈਆਂ। ਘਰ ਦੇ ਬਾਹਰ ਗੇਟ 'ਤੇ ਗੋਲੀਆਂ ਦੇ ਨਿਸ਼ਾਨ ਮਿਲੇ ਹਨ, ਜਦੋਂ ਕਿ ਪਰਿਵਾਰਕ ਮੈਂਬਰਾਂ ਨੂੰ ਘਟਨਾ ਸਥਾਨ ਤੋਂ ਖਾਲੀ ਗੋਲੀਆਂ ਦੇ ਖੋਲ ਵੀ ਮਿਲੇ ਹਨ। ਖੁਸ਼ਕਿਸਮਤੀ ਨਾਲ, ਹਮਲੇ ਵਿੱਚ ਕੋਈ ਜਾਨੀ ਨੁਕਸਾਨ ਨਹੀਂ ਹੋਇਆ, ਪਰ ਇਸ ਘਟਨਾ ਨੇ ਇਲਾਕੇ ਵਿੱਚ ਡਰ ਦਾ ਮਾਹੌਲ ਪੈਦਾ ਕਰ ਦਿੱਤਾ ਹੈ। ਪਰਿਵਾਰਕ ਮੈਂਬਰ ਰਸ਼ਪਾਲ ਸਿੰਘ ਦਾ ਕਹਿਣਾ ਹੈ ਕਿ ਉਨ੍ਹਾਂ ਦਾ ਕਿਸੇ ਨਾਲ ਕੋਈ ਝਗੜਾ ਜਾਂ ਦੁਸ਼ਮਣੀ ਨਹੀਂ ਹੈ, ਫਿਰ ਵੀ ਇਸ ਘਟਨਾ ਨੇ ਉਨ੍ਹਾਂ ਨੂੰ ਡਰਾਇਆ ਹੋਇਆ ਹੈ। ਉਨ੍ਹਾਂ ਨੇ ਪ੍ਰਸ਼ਾਸਨ ਤੋਂ ਮੰਗ ਕੀਤੀ ਹੈ ਕਿ ਦੋਸ਼ੀਆਂ ਨੂੰ ਜਲਦੀ ਤੋਂ ਜਲਦੀ ਗ੍ਰਿਫ਼ਤਾਰ ਕੀਤਾ ਜਾਵੇ ਅਤੇ ਉਨ੍ਹਾਂ ਨੂੰ ਸਖ਼ਤ ਸਜ਼ਾ ਦਿੱਤੀ ਜਾਵੇ। ਇਸ ਘਟਨਾ ਸਬੰਧੀ ਸਰਕਾਰ ਅਤੇ ਪੁਲਿਸ 'ਤੇ ਵੀ ਸਵਾਲ ਉਠਾਏ ਜਾ ਰਹੇ ਹਨ। ਬਿਕਰਮ ਸਿੰਘ ਮਜੀਠੀਆ ਨੇ ਪੰਜਾਬ ਦੇ ਡੀਜੀਪੀ ਅਤੇ ਮੁੱਖ ਮੰਤਰੀ ਨੂੰ ਅਪੀਲ ਕੀਤੀ ਹੈ ਕਿ ਉਹ ਸੂਬੇ ਵਿੱਚ ਵਿਗੜਦੀ ਕਾਨੂੰਨ ਵਿਵਸਥਾ ਦੀ ਸਥਿਤੀ ਨੂੰ ਤੁਰੰਤ ਸੁਧਾਰਣ।

## ਗੋਲਡੀ ਢਿੱਲੋਂ ਗੈਂਗ ਦੇ 4 ਮੈਂਬਰ ਗ੍ਰਿਫਤਾਰ, 10 ਪਿਸਤੌਲ ਬਰਾਮਦ

**ਪਟਿਆਲਾ, 2 ਅਪ੍ਰੈਲ (ਆਵਾਜ਼ਿ ਕੌਮ ਬਿਊਰੋ)**-ਸੀਨੀਅਰ ਪੁਲਿਸ ਕਪਤਾਨ ਵਰੁਣ ਸ਼ਰਮਾ, ਆਈਪੀਐਸ ਨੇ ਦੱਸਿਆ ਕਿ ਪੰਜਾਬ ਦੇ ਡੀਜੀਪੀ ਦੇ ਨਿਰਦੇਸ਼ਾਂ ਹੇਠ ਗੈਂਗਸਟਰਾਂ ਅਤੇ ਅਪਰਾਧਿਕ ਤੱਤਾਂ ਖ਼ਿਲਾਫ਼ ਵਿਸ਼ੇਸ਼ ਮੁਹਿੰਮ ਚਲਾਈ ਜਾ ਰਹੀ ਹੈ। ਇਸ ਮੁਹਿੰਮ ਤਹਿਤ ਪੁਲਿਸ ਪਾਰਟੀ ਨੇ ਇੱਕ ਗੁਪਤ ਸੂਚਨਾ ਦੇ ਆਧਾਰ 'ਤੇ ਮੁੱਖ ਹਾਈਵੇ ਸੰਭੂ 'ਤੇ ਨਾਕਾਬੰਦੀ ਕੀਤੀ ਗਈ। ਇਸ ਦੌਰਾਨ ਜਾਣਕਾਰੀ ਮਿਲੀ ਕਿ ਵਿਦੇਸ਼ ਵਿੱਚ ਬੈਠਾ ਗੈਂਗਸਟਰ ਗੋਲਡੀ ਢਿੱਲੋਂ ਅੰਤਰਰਾਜੀ ਹਥਿਆਰ ਸਪਲਾਇਰਾਂ ਨਾਲ ਸੰਪਰਕ ਵਿੱਚ ਰਹਿ ਕੇ ਪੰਜਾਬ ਵਿੱਚ ਆਪਣੇ ਸਾਥੀਆਂ ਨੂੰ ਹਥਿਆਰ ਸਪਲਾਈ ਕਰ ਰਿਹਾ ਹੈ। ਉਨ੍ਹਾਂ ਨੇ ਦੱਸਿਆ ਕਿ ਪੁਲਿਸ ਨੇ ਤੁਰੰਤ ਕਾਰਵਾਈ ਕਰਦੇ ਹੋਏ ਚਾਰ ਮੁਲਜ਼ਮਾਂ ਸੌਰਵ ਕੁਮਾਰ (ਨਿਵਾਸੀ ਮੁਜ਼ੱਫ਼ਰਨਗਰ, ਬਿਹਾਰ), ਸਾਜਨ (ਨਿਵਾਸੀ ਸੈਕਟਰ-38, ਸੋਹਾਣਾ, ਮੋਹਾਲੀ), ਇੰਦਰਜੀਤ ਸਿੰਘ (ਨਿਵਾਸੀ ਪਟਿਆਲਾ) ਅਤੇ ਅਭਿਸ਼ੇਕ (ਨਿਵਾਸੀ ਅਬਲੋਵਾਲ, ਪਟਿਆਲਾ) ਨੂੰ ਗ੍ਰਿਫਤਾਰ ਕਰ ਲਿਆ, ਜਿਨ੍ਹਾਂ ਉਪਰ ਪਹਿਲਾਂ ਵੀ ਚੋਰੀ, ਕਤਲ ਦੀ ਕੋਸ਼ਿਸ਼, ਮਾਰਪੀਟ ਅਤੇ ਐਨਡੀਪੀਐਸ ਐਕਟ ਸਮੇਤ ਕਈ ਗੰਭੀਰ ਮਾਮਲੇ ਦਰਜ ਹਨ। ਉਨ੍ਹਾਂ ਦੱਸਿਆ ਕਿ 1 ਅਪ੍ਰੈਲ 2026 ਨੂੰ ਸੀਆਈਏ ਪਟਿਆਲਾ ਅਤੇ ਥਾਣਾ ਸੰਭੂ ਦੀ ਟੀਮ ਪਿੰਡ ਮਹਿਮਦਪੁਰ ਨੇੜੇ ਮੌਜੂਦ ਸੀ। ਇਸ ਦੌਰਾਨ ਸੂਚਨਾ ਮਿਲੀ ਕਿ ਦੋਸ਼ੀ ਯੂਪੀ-ਬਿਹਾਰ ਤੋਂ ਸਸਤੇ ਦਾਮਾਂ 'ਤੇ ਹਥਿਆਰ ਲਿਆ ਕੇ ਪੰਜਾਬ ਵਿੱਚ ਮਹਿੰਗੇ ਦਾਮਾਂ 'ਤੇ ਵੇਚਦੇ ਹਨ ਅਤੇ ਅੱਜ ਇੱਕ ਖੇਪ ਸਪਲਾਈ ਕਰਨ ਵਾਲੇ ਹਨ। ਪੁਲਿਸ ਨੇ ਮਹਿਮਦਪੁਰ-ਬਨੂੜ ਰੋਡ ਨੇੜੇ ਛਾਪੇਮਾਰੀ ਕਰਕੇ ਚਾਰਾਂ ਮੁਲਜ਼ਮਾਂ ਨੂੰ ਮੌਕੇ 'ਤੇ ਹੀ ਗ੍ਰਿਫਤਾਰ ਕਰ ਲਿਆ ਅਤੇ ਉਨ੍ਹਾਂ ਕੋਲੋਂ .32 ਬੋਰ ਦੀਆਂ 10 ਦੇਸੀ ਪਿਸਤੌਲ ਬਰਾਮਦ ਕੀਤੀਆਂ। ਇਸ ਸਬੰਧੀ ਥਾਣਾ ਸੰਭੂ ਵਿੱਚ ਮਾਮਲਾ ਨੰਬਰ 50 ਮਿਤੀ 01.04.2026 ਧਾਰਾ 111 ਬੀਐਨਐਸ ਅਤੇ ਆਰਮਜ਼ ਐਕਟ ਅਧੀਨ ਦਰਜ ਕੀਤਾ ਗਿਆ ਹੈ। ਪੁਲਿਸ ਵੱਲੋਂ ਮੁੱਢਲੀ ਪੁੱਛਗਿੱਛ ਦੌਰਾਨ ਮੁਲਜ਼ਮ ਅਭਿਸ਼ੇਕ ਨੇ ਦੱਸਿਆ ਕਿ ਉਸਦਾ ਪਟਿਆਲਾ ਦੇ ਸੱਨੀ ਕੁਮਾਰ ਨਾਲ ਪੁਰਾਣਾ ਵਿਵਾਦ ਸੀ। ਸਾਲ 2025 ਵਿੱਚ ਉਸ 'ਤੇ ਜਾਨਲੇਵਾ ਹਮਲਾ ਵੀ ਹੋਇਆ ਸੀ, ਜਿਸਦਾ ਕੇਸ ਥਾਣਾ ਲਾਹੌਰੀ ਗੇਟ ਵਿੱਚ ਦਰਜ ਹੋਇਆ ਸੀ।

## ਐਮ. ਪੀ. ਅਸ਼ੋਕ ਮਿੱਤਲ ਹੋਣਗੇ ਰਾਜ ਸਭਾ ਦੇ ਡਿਪਟੀ ਲੀਡਰ, 'ਆਪ' ਨੇ ਰਾਘਵ ਚੱਢਾ ਨੂੰ ਅਹੁਦੇ ਤੋਂ ਹਟਾਇਆ

**ਨਵੀਂ ਦਿੱਲੀ, 2 ਅਪ੍ਰੈਲ (ਆਵਾਜ਼ਿ ਕੌਮ ਬਿਊਰੋ)**-ਆਮ ਆਦਮੀ ਪਾਰਟੀ ਨੇ ਰਾਜ ਸਭਾ ਵਿੱਚ ਆਪਣੀ ਲੀਡਰਸ਼ਿਪ ਵਿੱਚ ਵੱਡਾ ਬਦਲਾਅ ਕੀਤਾ ਹੈ। ਪਾਰਟੀ ਨੇ ਰਾਜ ਸਭਾ ਦੇ ਸੰਸਦ ਮੈਂਬਰ ਰਾਘਵ ਚੱਢਾ ਨੂੰ ਸੰਸਦ ਦੇ ਉਪਰਲੇ ਸਦਨ ਵਿੱਚ ਡਿਪਟੀ ਲੀਡਰ ਦੇ ਅਹੁਦੇ ਤੋਂ ਹਟਾ ਦਿੱਤਾ ਹੈ। ਉਨ੍ਹਾਂ ਦੀ ਜਗ੍ਹਾ ਜਲੰਧਰ ਦੇ ਸੰਸਦ ਮੈਂਬਰ ਅਸ਼ੋਕ ਮਿੱਤਲ ਰਾਜ ਸਭਾ ਵਿੱਚ ਆਮ ਆਦਮੀ ਪਾਰਟੀ ਦੇ ਨਵੇਂ ਡਿਪਟੀ ਲੀਡਰ ਬਣਨਗੇ। ਆਮ ਆਦਮੀ ਪਾਰਟੀ ਨੇ ਰਾਜ ਸਭਾ ਸਕੱਤਰੇਤ ਨੂੰ ਇੱਕ ਪੱਤਰ ਲਿਖ ਕੇ ਕਿਹਾ ਹੈ ਕਿ ਰਾਘਵ ਚੱਢਾ ਨੂੰ 'ਆਪ' ਦੇ ਕੋਟੇ ਤੋਂ ਬੋਲਣ ਦਾ ਸਮਾਂ ਨਹੀਂ ਦਿੱਤਾ ਜਾਣਾ ਚਾਹੀਦਾ। ਪਾਰਟੀ ਨੇ ਰਾਘਵ ਚੱਢਾ ਦੀ ਜਗ੍ਹਾ ਹੁਣ ਅਸ਼ੋਕ ਮਿੱਤਲ ਨੂੰ ਡਿਪਟੀ ਸਪੀਕਰ ਨਿਯੁਕਤ ਕਰਨ ਦੀ ਬੇਨਤੀ ਕੀਤੀ ਗਈ ਹੈ। ਇਹ ਕਦਮ ਪਾਰਟੀ ਦੇ ਅੰਦਰ ਚੱਲ ਰਹੀਆਂ ਨਵੀਆਂ ਰਣਨੀਤਕ ਹਲਚਲਾਂ ਵੱਲ ਇਸ਼ਾਰਾ ਕਰਦਾ ਹੈ। ਰਾਘਵ ਚੱਢਾ ਤੇ ਆਮ ਆਦਮੀ ਪਾਰਟੀ (ਆਪ) ਵਿਚਕਾਰ ਕੁਝ ਮਤਭੇਦਾਂ ਜਾਂ ਦੂਰੀਆਂ ਬਾਰੇ ਖ਼ਬਰਾਂ ਤੇ ਅਟਕਲਾਂ ਕਾਫ਼ੀ ਸਮੇਂ ਤੋਂ ਚੱਲ ਰਹੀਆਂ ਹਨ। 'ਆਪ' ਦਾ ਇਹ ਕਦਮ ਇਨ੍ਹਾਂ ਚੱਲ ਰਹੇ ਮਤਭੇਦਾਂ 'ਤੇ ਮੋਹਰ ਲਗਾਉਂਦਾ ਦਿਖਾਈ ਦੇ ਰਿਹਾ। ਹਾਲਾਂਕਿ, ਪਾਰਟੀ ਵੱਲੋਂ ਕਿਸੇ ਵਿਵਾਦ ਬਾਰੇ ਕੋਈ ਅਧਿਕਾਰਤ ਬਿਆਨ ਜਾਰੀ ਨਹੀਂ ਕੀਤਾ ਗਿਆ ਹੈ। ਰਾਘਵ ਚੱਢਾ ਨੂੰ ਲੈ ਕੇ ਪਾਰਟੀ ਨੇ ਨਾ ਸਿਰਫ਼ ਉਨ੍ਹਾਂ ਨੂੰ ਉਨ੍ਹਾਂ ਦੇ ਅਹੁਦੇ ਤੋਂ ਹਟਾ ਦਿੱਤਾ ਹੈ ਬਲਕਿ ਸਕੱਤਰੇਤ ਨੂੰ ਵੀ ਹਦਾਇਤ ਕੀਤੀ ਹੈ ਕਿ ਉਨ੍ਹਾਂ ਨੂੰ ਸਦਨ ਵਿੱਚ ਬੋਲਣ ਦਾ ਸਮਾਂ ਨਾ ਦਿੱਤਾ ਜਾਵੇ। ਕਿਸੇ ਸੀਨੀਅਰ ਸੰਸਦ ਮੈਂਬਰ ਵਿਰੁੱਧ ਅਜਿਹਾ ਨਿਰਦੇਸ਼ ਆਮ ਤੌਰ 'ਤੇ ਪਾਰਟੀ ਦੇ ਅੰਦਰੂਨੀ ਕਲੇਸ਼ ਜਾਂ ਵੱਡੀ ਸਜ਼ਾ ਵਾਲੀ ਕਾਰਵਾਈ ਦਾ ਸੰਕੇਤ ਮੰਨਿਆ ਜਾਂਦਾ ਹੈ। ਰਾਘਵ ਚੱਢਾ ਲੰਬੇ ਸਮੇਂ ਤੋਂ ਰਾਜ ਸਭਾ ਵਿੱਚ 'ਆਪ' ਦੀ ਇੱਕ ਪ੍ਰਮੁੱਖ ਆਵਾਜ਼ ਰਹੇ ਹਨ ਅਤੇ ਇਸ ਫੈਸਲੇ ਨੇ ਰਾਜਨੀਤਿਕ ਹਲਕਿਆਂ ਵਿੱਚ ਚਰਚਾ ਛੇੜ ਦਿੱਤੀ ਹੈ। ਅਸ਼ੋਕ ਮਿੱਤਲ ਪੰਜਾਬ ਤੋਂ ਆਮ ਆਦਮੀ ਪਾਰਟੀ ਦੇ ਸੰਸਦ ਮੈਂਬਰ ਹਨ। ਉਹ ਅਪ੍ਰੈਲ 2022 ਵਿੱਚ ਰਾਜ ਸਭਾ ਲਈ ਚੁਣੇ ਗਏ ਸਨ। ਉਦੋਂ ਤੋਂ ਉਨ੍ਹਾਂ ਨੇ ਰੱਖਿਆ ਕਮੇਟੀ ਅਤੇ ਵਿੱਤ ਕਮੇਟੀ ਸਮੇਤ ਕਈ ਸੰਸਦੀ ਕਮੇਟੀਆਂ ਵਿੱਚ ਸੇਵਾ ਨਿਭਾਈ ਹੈ। ਉਨ੍ਹਾਂ ਨੂੰ ਫਰਵਰੀ 2026 ਵਿੱਚ ਭਾਰਤ-ਅਮਰੀਕਾ ਸੰਸਦੀ ਦੋਸਤੀ ਸਮੂਹ ਦਾ ਮੈਂਬਰ ਵੀ ਨਿਯੁਕਤ ਕੀਤਾ ਗਿਆ ਸੀ। ਅਸ਼ੋਕ ਮਿੱਤਲ ਆਪਰੇਸ਼ਨ ਸਿੰਦੂਰ ਤੋਂ ਬਾਅਦ ਡੀਐਮਕੇ ਸੰਸਦ ਮੈਂਬਰ ਕਨੀਮੋਝੀ ਦੀ ਅਗਵਾਈ ਵਿੱਚ ਰੂਸ, ਲਾਤਵੀਆ, ਸਲੋਵੇਨੀਆ, ਗ੍ਰੀਸ ਅਤੇ ਸਪੇਨ ਗਏ ਸਰਬ-ਪਾਰਟੀ ਵਫ਼ਦ ਦਾ ਵੀ ਹਿੱਸਾ ਸਨ।



## ਹੁਣ ਰੂਸੀ ਰਾਸ਼ਟਰਪਤੀ ਪੁਤਿਨ ਰੁਕਵਾਉਣਗੇ ਅਮਰੀਕਾ-ਈਰਾਨ ਦੀ ਜੰਗ ! ਪਾਕਿ ਦੇ ਫੇਲ੍ਹ ਹੋਣ ਮਗਰੋਂ ਮਾਰੀ ਐਂਟਰੀ

**ਮਾਸਕੋ/ਵਾਸ਼ਿੰਗਟਨ, 2 ਅਪ੍ਰੈਲ (ਆਵਾਜ਼ਿ ਕੌਮ ਬਿਊਰੋ)**-ਅਮਰੀਕਾ ਅਤੇ ਈਰਾਨ ਵਿਚਾਲੇ ਵਧਦੇ ਤਣਾਅ ਨੂੰ ਘੱਟ ਕਰਨ ਅਤੇ ਸ਼ਾਂਤੀ ਸਮਝੌਤਾ ਕਰਵਾਉਣ ਦੀਆਂ ਕੋਸ਼ਿਸ਼ਾਂ ਵਿੱਚ ਇੱਕ ਵੱਡਾ ਉਲਟਫੇਰ ਦੇਖਣ ਨੂੰ ਮਿਲ ਰਿਹਾ ਹੈ। ਇਸ ਮਾਮਲੇ ਵਿੱਚ ਵਿਚੋਲਗੀ ਕਰ ਰਿਹਾ ਪਾਕਿਸਤਾਨ ਬੁਰੀ ਤਰ੍ਹਾਂ ਫੇਲ੍ਹ ਸਾਬਤ ਹੋਇਆ ਹੈ, ਜਿਸ ਤੋਂ ਬਾਅਦ ਹੁਣ ਰੂਸ ਨੇ ਇਸ ਜੰਗ ਨੂੰ ਰੁਕਵਾਉਣ ਲਈ ਮੈਦਾਨ ਵਿੱਚ ਐਂਟਰੀ ਲੈ ਲਈ ਹੈ। ਰੂਸ ਦੇ ਰਾਸ਼ਟਰਪਤੀ ਵਲਾਦੀਮੀਰ ਪੁਤਿਨ ਨੇ ਖੁਦ ਇਸ ਸਮਝੌਤੇ ਦੀ ਕਮਾਨ ਸੰਭਾਲ ਲਈ ਹੈ ਅਤੇ ਰੂਸੀ ਪ੍ਰੈਸ ਸਕੱਤਰ ਦਮਿਤਰੀ ਪੇਸਕੋਵ ਅਨੁਸਾਰ, ਰੂਸ ਮੱਧ ਪੂਰਬ 'ਚ ਸ਼ਾਂਤੀ ਬਹਾਲ ਕਰਨ ਲਈ ਹਰ ਸੰਭਵ ਕਦਮ ਚੁੱਕੇਗਾ। ਸੂਤਰਾਂ ਅਨੁਸਾਰ, ਪਾਕਿਸਤਾਨ ਪਿਛਲੇ ਇੱਕ ਹਫ਼ਤੇ ਤੋਂ ਅਮਰੀਕਾ ਅਤੇ ਈਰਾਨ ਵਿਚਾਲੇ ਸੰਦੇਸ਼ਵਾਹਕ ਦੀ ਭੂਮਿਕਾ ਨਿਭਾ ਰਿਹਾ ਸੀ, ਪਰ ਉਹ ਦੋਵਾਂ ਦੇਸ਼ਾਂ ਵਿਚਾਲੇ ਕੋਈ ਵੀ ਬੈਠਕ ਕਰਵਾਉਣ 'ਚ ਅਸਫਲ ਰਿਹਾ। ਪਾਕਿਸਤਾਨ ਦੀ ਸਥਿਤੀ ਉਦੋਂ ਹੋਰ ਕਮਜ਼ੋਰ ਹੋ ਗਈ ਜਦੋਂ: ਪਾਕਿਸਤਾਨ ਜਿਸ ਨੇਤਾ (ਕਮਾਲ ਖਰਾਜੀ) ਰਾਹੀਂ ਈਰਾਨ ਦੇ ਸੁਪਰੀਮ ਲੀਡਰ ਤੱਕ ਸੰਦੇਸ਼ ਪਹੁੰਚਾ ਰਿਹਾ ਸੀ, ਉਸ ਉੱਤੇ 1 ਅਪ੍ਰੈਲ ਨੂੰ ਅਮਰੀਕਾ ਨੇ ਹਮਲਾ ਕਰ ਦਿੱਤਾ, ਜਿਸ ਵਿੱਚ ਉਹ ਗੰਭੀਰ ਜ਼ਖਮੀ ਹੋ ਗਏ। ਈਰਾਨ ਨੇ ਅਮਰੀਕਾ 'ਤੇ ਭਰੋਸਾ ਕਰਨ ਤੋਂ ਇਨਕਾਰ ਕਰ ਦਿੱਤਾ ਹੈ। ਈਰਾਨ ਦੇ ਵਿਦੇਸ਼ ਮੰਤਰੀ ਅੱਬਾਸ ਅਰਾਗਚੀ ਦਾ ਕਹਿਣਾ ਹੈ ਕਿ ਜਦੋਂ ਤੱਕ ਹਮਲੇ ਨਾ ਰੁਕਣ ਦਾ ਪੂਰਾ ਭਰੋਸਾ ਨਹੀਂ ਮਿਲਦਾ, ਕੋਈ ਗੱਲਬਾਤ ਨਹੀਂ ਹੋਵੇਗੀ। ਪਾਕਿਸਤਾਨੀ ਵਿਦੇਸ਼ ਮੰਤਰੀ ਇਸ ਨਾਜ਼ੁਕ ਸਮੇਂ ਦੌਰਾਨ ਖੁਦ ਚੀਨ ਚਲੇ ਗਏ ਸਨ।



**ਪੁਤਿਨ ਦਾ ਐਕਸ਼ਨ ਪਲਾਨ** - ਰਾਸ਼ਟਰਪਤੀ ਪੁਤਿਨ ਨੇ ਸ਼ਾਂਤੀ ਸਥਾਪਿਤ ਕਰਨ ਲਈ ਇੱਕ ਵਿਸ਼ੇਸ਼ ਪਲਾਨ ਤਿਆਰ ਕੀਤਾ ਹੈ। ਇਸ ਦੇ ਤਹਿਤ:

1. ਵੀਰਵਾਰ (2 ਅਪ੍ਰੈਲ) ਨੂੰ ਪੁਤਿਨ ਨੇ ਮਿਸਰ ਦੇ ਵਿਦੇਸ਼ ਮੰਤਰੀ ਨਾਲ ਅਹਿਮ ਮੁਲਾਕਾਤ ਕੀਤੀ।
2. ਉਨ੍ਹਾਂ ਨੇ ਸਾਊਦੀ ਅਰਬ ਦੇ ਕ੍ਰਾਊਨ ਪ੍ਰਿੰਸ ਮੁਹੰਮਦ ਬਿਨ ਸਲਮਾਨ ਨਾਲ ਵੀ ਫ਼ੋਨ 'ਤੇ ਗੱਲਬਾਤ ਕਰਕੇ ਇਸ ਮੁੱਦੇ 'ਤੇ ਚਰਚਾ ਕੀਤੀ ਹੈ।
3. ਰੂਸੀ ਖੁਫੀਆ ਏਜੰਸੀ ਦੇ ਮੁਖੀ ਸਰਗੇਈ ਨਾਰੀਸ਼ਿਕਨ ਨੇ ਦਾਅਵਾ ਕੀਤਾ ਹੈ ਕਿ ਉਹ ਈਰਾਨ ਦੀ ਸਥਿਤੀ ਨੂੰ ਲੈ ਕੇ ਅਮਰੀਕੀ ਖੁਫੀਆ ਏਜੰਸੀਆਂ ਦੇ ਲਗਾਤਾਰ ਸੰਪਰਕ ਵਿੱਚ ਹਨ।

**ਜੰਗ ਦੀ ਮੌਜੂਦਾ ਸਥਿਤੀ**-ਦੂਜੇ ਪਾਸੇ, ਅਮਰੀਕੀ ਰਾਸ਼ਟਰਪਤੀ ਡੋਨਾਲਡ ਟਰੰਪ ਨੇ ਸੰਕੇਤ ਦਿੱਤੇ ਹਨ ਕਿ ਇਹ ਜੰਗ ਅਜੇ 2-3 ਹਫ਼ਤੇ ਹੋਰ ਚੱਲ ਸਕਦੀ ਹੈ। ਈਰਾਨ ਦੇ ਸੁਪਰੀਮ ਲੀਡਰ ਨੇ ਵੀ ਫਿਲਹਾਲ ਲੜਾਈ ਜਾਰੀ ਰੱਖਣ ਦਾ ਐਲਾਨ ਕੀਤਾ ਹੈ। ਅਜਿਹੀ ਸਥਿਤੀ 'ਚ ਹੁਣ ਪੂਰੀ ਦੁਨੀਆ ਦੀਆਂ ਨਜ਼ਰਾਂ ਰੂਸ ਦੇ ਅਗਲੇ ਕਦਮਾਂ 'ਤੇ ਟਿਕੀਆਂ ਹੋਈਆਂ ਹਨ ਕਿ ਕੀ ਪੁਤਿਨ ਇਸ ਭਿਆਨਕ ਜੰਗ ਨੂੰ ਰੁਕਵਾਉਣ ਵਿੱਚ ਕਾਮਯਾਬ ਹੁੰਦੇ ਹਨ ਜਾਂ ਨਹੀਂ।

## ਬੇਅਦਬੀ ਮਾਮਲੇ 'ਤੇ ਸਸਤੀ ਨੌਟੰਕੀ ਕਰਨ 'ਤੇ ਸੁਖਬੀਰ ਸਿੰਘ ਬਾਦਲ ਨੇ ਰਾਜਾ ਵੜਿੰਗ ਨੂੰ ਕੀਤੀ ਤਾੜਨਾ

**ਚੰਡੀਗੜ੍ਹ, 2 ਅਪ੍ਰੈਲ (ਆਵਾਜ਼ਿ ਕੌਮ ਬਿਊਰੋ)**-ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਨੇ ਅੱਜ ਪੰਜਾਬ ਕਾਂਗਰਸ ਦੇ ਪ੍ਰਧਾਨ ਅਮਰਿੰਦਰ ਸਿੰਘ ਰਾਜਾ ਵੜਿੰਗ ਵੱਲੋਂ ਪਵਿੱਤਰ ਗ੍ਰੰਥਾਂ ਦੇ ਸੰਵੇਦਨਸ਼ੀਲ ਮਾਮਲੇ 'ਤੇ ਸਸਤੀ ਨੌਟੰਕੀ ਕਰਨ ਵਿਰੁੱਧ ਤਾੜਨਾ ਕੀਤੀ ਅਤੇ ਉਹਨਾਂ ਵੜਿੰਗ ਨੂੰ ਸਵਾਲ ਕੀਤਾ ਕਿ 2017 ਤੋਂ 2022 ਤੱਕ ਉਹਨਾਂ ਦੀ ਸਰਕਾਰ ਦੇ ਪੰਜ ਸਾਲਾਂ ਵਿਚ ਬੇਅਦਬੀ ਦੇ ਦੋਸ਼ੀ ਕਿਉਂ ਨਹੀਂ ਫੜੇ ਗਏ ? ਪਾਰਟੀ ਦੀ ਪੰਜਾਬ ਬਚਾਓ ਮੁਹਿੰਮ ਦੇ ਤਹਿਤ ਪਾਰਟੀ ਦੇ ਹਲਕਾ ਇੰਚਾਰਜ ਬਲਜੀਤ ਸਿੰਘ ਜਲਾਲਉਸਮਾ ਦੇ ਨਾਲ ਰਲ ਕੇ ਵਿਸ਼ਾਲ ਰੈਲੀ ਨੂੰ ਸੰਬੋਧਨ ਕਰਦਿਆਂ ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਨੇ ਵੜਿੰਗ ਨੂੰ ਇਹ ਵੀ ਆਖਿਆ ਕਿ ਉਹ ਇਹ ਵੀ ਦੱਸਣ ਕਿ ਉਹਨਾਂ ਨੇ ਕਦੇ ਵੀ ਉਹਨਾਂ ਦੀ 'ਮਾਤਾ' ਇੰਦਰਾ ਗਾਂਧੀ ਵੱਲੋਂ ਸ੍ਰੀ ਦਰਬਾਰ ਸਾਹਿਬ 'ਤੇ ਟੈਂਕਾਂ ਤੇ ਤੋਪਾਂ ਨਾਲ ਹਮਲਾ ਕਰਕੇ ਸਿੱਖ ਖਿਲਾਫ ਕੀਤੀ ਸਭ ਤੋਂ ਵੱਡੀ ਬੇਅਦਬੀ ਦਾ ਮਾਮਲਾ ਕਿਉਂ ਨਹੀਂ ਚੁੱਕਿਆ। ਸੁਖਬੀਰ ਸਿੰਘ ਬਾਦਲ ਨੇ ਵੜਿੰਗ ਨੂੰ ਇਹ ਵੀ ਆਖਿਆ ਕਿ ਉਹ ਦੱਸਣ ਕਿ ਪਿਛਲੇ 10 ਸਾਲਾਂ ਵਿਚ 597 ਥਾਵਾਂ 'ਤੇ ਜਿਹੜੀਆਂ ਬੇਅਦਬੀ ਦੀਆਂ ਘਟਨਾਵਾਂ ਵਾਪਰੀਆਂ, ਉਹਨਾਂ ਵਿਚੋਂ ਕਿਸੇ ਵੀ ਥਾਂ 'ਤੇ ਉਹ ਕਦੇ ਗਏ ਸਨ ? ਉਹਨਾਂ ਕਿਹਾ ਕਿ ਕਾਂਗਰਸ ਨੇ ਬੇਅਦਬੀ ਦੇ ਸੰਵੇਦਨਸ਼ੀਲ ਮਾਮਲੇ 'ਤੇ ਹਮੇਸ਼ਾ ਹੀ ਰਾਜਨੀਤੀ ਕੀਤੀ ਹੈ। ਉਹਨਾਂ ਕਿਹਾ ਕਿ ਪਾਰਟੀ ਨੇ ਅਕਾਲੀ ਦਲ ਨੂੰ ਬਰਗਾੜੀ ਵਿਚ ਹੋਈ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਮਹਾਰਾਜ ਦੀ ਬੇਅਦਬੀ ਦੀ ਜਾਂਚ ਤੋਂ ਰੋਕਣ ਵਾਸਤੇ ਹਮੇਸ਼ਾ ਰਾਜਨੀਤੀ ਕੀਤੀ। ਉਹਨਾਂ ਕਿਹਾ ਕਿ ਇਸਨੂੰ ਬੇਅਦਬੀ ਬਾਰੇ ਗੱਲ ਕਰਨ ਦਾ ਕੋਈ ਨਹੀਂ ਹੈ। ਉਨ੍ਹਾਂ ਨੇ ਇਹ ਵੀ ਦੱਸਿਆ ਕਿ ਜਦੋਂ 2014 ਵਿਚ ਆਮ ਆਦਮੀ ਪਾਰਟੀ (ਆਪ) ਦਾ ਪੰਜਾਬ ਵਿਚ ਦਾਖਲਾ ਹੋਇਆ ਤਾਂ ਉਸ ਮਗਰੋਂ ਹੀ 2015 ਤੋਂ ਬੇਅਦਬੀ ਦੀਆਂ ਘਟਨਾਵਾਂ ਸ਼ੁਰੂ ਹੋਈਆਂ। ਉਹਨਾਂ ਕਿਹਾ ਕਿ ਆਪ ਦੇ ਐਮ ਐਲ ਏ ਨਰੇਸ਼ ਯਾਦਵ ਨੂੰ ਤਾਂ 2016 ਵਿਚ ਮਾਲੇਰਕੋਟਲਾ ਵਿਚ ਹੋਈ ਬੇਅਦਬੀ ਦੀ ਘਟਨਾ ਦਾ ਦੋਸ਼ੀ ਵੀ ਠਹਿਰਾਇਆ ਗਿਆ ਹਾਲਾਂਕਿ ਆਪ ਨੇ ਡਿਪਟੀ ਕਮਿਸ਼ਨਰ 'ਤੇ ਕੇਸ ਵਾਪਸ ਲੈਣ ਦਾ ਦਬਾਅ ਬਣਾ ਕੇ ਅਤੇ ਹਰਪਾਲ ਚੀਮਾ ਤੇ ਹਰਜੋਤ ਬੈਂਸ ਵਰਗਿਆਂ ਨੂੰ ਉਸਦੇ ਬਚਾਅ ਵਾਸਤੇ ਤਾਇਨਾਤ ਕਰ ਕੇ ਬਚਾਉਣ ਦੀ ਕੋਸ਼ਿਸ਼ ਕੀਤੀ। ਅਕਾਲੀ ਦਲ ਦੇ ਪ੍ਰਧਾਨ ਨੇ ਮੁੱਖ ਮੰਤਰੀ ਭਗਵੰਤ ਮਾਨ ਵੱਲੋਂ ਨੌਜਵਾਨਾਂ ਨੂੰ ਪਸ਼ੂ ਪਾਲਣ ਦਾ ਧੰਦਾ ਅਪਣਾਉਣ ਤੋਂ ਨਿਰਉਤਸ਼ਾਹਿਤ ਕਰਨ ਦੀ ਵੀ ਨਿਖੇਧੀ ਕੀਤੀ।



ੴ ਸਤਿਗੁਰ ਪ੍ਰਸਾਦਿ

ਗੁਰਮੁਖਿ ਜਨਮ ਸਵਾਰ ਦਰਗਹਿ ਚਲਿਆ। ਸਚੀ ਦਰਗਹ ਜਾਇ ਸਚਾ ਪਿੜ ਮਲਿਆ ॥

# ਪਹਿਲੀ ਬਰਸੀ ਦਾ ਸਮਾਗਮ

## First Barsi (First Anniversary Memorial Service)



## ਸਵ. ਬੀਬੀ ਹਰਪ੍ਰੀਤ ਕੌਰ ਬੱਲ

## Sardani Harpreet Kaur Bal

ਪੰਥਕ ਹਲਕਿਆਂ ਵਿੱਚ ਜਾਣੀ-ਪਹਿਚਾਣੀ ਸ਼ਖਸ਼ੀਅਤ ਅਤੇ Sikh Federation (UK) ਦੇ ਪ੍ਰਧਾਨ ਭਾਈ ਪਰਮਿੰਦਰ ਸਿੰਘ ਬਲ ਜੀ ਦੀ ਸਿੰਘਣੀ ਬੀਬੀ ਹਰਪ੍ਰੀਤ ਕੌਰ ਬੱਲ ਜੀ, ਜੋ ਪਿਛਲੇ ਸਾਲ ਸਦੀਵੀ ਵਿਛੋੜਾ ਦੇ ਗਏ ਸਨ, ਉਹਨਾਂ ਦੀ ਪਵਿੱਤਰ ਯਾਦ ਵਿੱਚ ਪਹਿਲੀ ਬਰਸੀ ਦਾ ਸਮਾਗਮ ਮਨਾਇਆ ਜਾ ਰਿਹਾ ਹੈ।

**ਤਾਰੀਖ: 5 ਅਪ੍ਰੈਲ 2026 (ਦਿਨ ਐਤਵਾਰ)**

**ਸਮਾਂ: ਦੁਪਹਿਰ 12:00 ਵਜੇ ਤੋਂ 2:00 ਵਜੇ ਤੱਕ**

ਸਥਾਨ: Gurdwara Sri Guru Singh Sabha, Park Avenue, Southall.
(ਗੁਰਦੁਆਰਾ ਸ੍ਰੀ ਗੁਰੂ ਸਿੰਘ ਸਭਾ, ਪਾਰਕ ਐਵਨਿਊ, ਸਾਊਥਾਲ)

•ਸ੍ਰੀ ਸੁਖਮਨੀ ਸਾਹਿਬ ਜੀ ਦਾ ਪਾਠ •ਗੁਰਬਾਣੀ ਕੀਰਤਨ •ਅਰਦਾਸ

**• ਸਮਾਗਮ ਉਪਰੰਤ ਗੁਰੂ ਕੇ ਲੰਗਰ ਅਤੁੱਟ ਵਰਤਣਗੇ**

ਆਪ ਜੀ ਨੂੰ ਨਿਮਰਤਾ ਸਹਿਤ ਬੇਨਤੀ ਹੈ ਕਿ ਪਰਿਵਾਰ ਸਮੇਤ ਹਾਜ਼ਰੀ ਭਰ ਕੇ ਬੀਬੀ ਹਰਪ੍ਰੀਤ ਕੌਰ ਜੀ ਦੀ ਪਵਿੱਤਰ ਯਾਦ ਵਿੱਚ ਹੋ ਰਹੇ ਅਰਦਾਸ ਸਮਾਗਮ ਵਿੱਚ ਸ਼ਾਮਲ ਹੋ ਕੇ ਅਸੀਸਾਂ ਦੇ ਭਾਗੀ ਬਣੋ ਜੀ।

**ਬੇਨਤੀ ਕਰਤਾ:**

**ਹਰਮੀਤ ਸਿੰਘ ਬੱਲ, ਜਗਜੀਤ ਕੌਰ ਬੱਲ, ਭਵਨਪ੍ਰੀਤ ਕੌਰ ਸੰਧੂ**

By the Grace of the True Guru
First Barsi (First Anniversary Memorial Service)
In loving memory of our beloved mother
Sardani Harpreet Kaur Bal
We humbly invite you to join us for a memorial service in her cherished memory.

**Sunday, 5th April 2026, 12:00 noon – 2:00 pm**

Programme:
* Sri Sukhmani Sahib Path, * Gurbani Kirtan * Ardas
* Followed by Guru Ka Langar

Venue : Gurdwara Sri Guru Singh Sabha, Park Avenue, Southall, Middlesex

Your presence with family and friends will be deeply appreciated as we gather to remember and honour her life.

**With humble request from:**
Harmeet Singh Bal, Jagjeet Kaur Bal, Bhavanpreet Kaur Sandhu

**Contact: +44 7771 608363**

## ਮੈਂ ਸਰੀਰਕ ਮੌਤ ਨੂੰ ਮੌਤ ਨਹੀ ਮੰਨਦਾ ਜਮੀਰ ਦਾ ਮਰਜਾਣਾ ਯਕੀਨਨ ਮੌਤ ਹੈ।

ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲੇ

ਜਨਮ ਪਿੰਡ ਰੋਡੇ 2.6.1947 Birth Pind Rode

ਸ਼ਹੀਦੀ ਸ੍ਰੀ ਦਰਬਾਰ ਸਾਹਿਬ ਅੰਮ੍ਰਿਤਸਰ 6.6.1984 Shaheedi Sri Darbar Sahib Amritsar



www.damdamitaksal.net

Physical death i do not fear
death of conscience is a sure death
Sant Jarnail Singh Ji Khalsa Bhindranwale
www.damdamitaksal.net






ਵਾਹਿਗੁਰੂ ਜੀ ਕਾ ਖਾਲਸਾ॥ ਵਾਹਿਗੁਰੂ ਜੀ ਕੀ ਫਤਹਿ॥
WAHEGURU JI KA KHALSA WAHEGURU JI KI FATEH

ਖੰਡੇ ਬਾਟੇ ਦੀ ਪਾਹੁਲ ਛੱਕ ਕੇ ਗੁਰੂ ਵਾਲੇ ਬਣੋ
Khande Bate di Pahul Shak Ke Guru Wale Bano

ਗੁਰਬਾਣੀ ਸੰਥਿਆ ਅਤੇ ਗੁਰਮਤਿ ਸਿੱਖਿਆ ਨਾਲ ਜੁੜੋ
Join Gurbani Santhia and Gurmat Sikhia

ਕੀਰਤਨ ਕਥਾ ਕਵੀਸ਼ਰੀ ਅਤੇ ਢਾਡੀ ਵਾਰਾਂ ਸਿੱਖੋ
Learn Kirtan Katha Kavishri and Dhadi Waran

ਗੁਰਮੁਖੀ ਪੰਜਾਬੀ ਸਿੱਖੋ
Learn Gurmukhi Punjabi

ਗਤਕਾ ਸਿੱਖੋ Learn Gatka
www.damdamitaksal.net



ਆਵਾਜ਼ਿ ਕੌਮ
Daily Newspaper from U.K.

Publisher/Chief Editor
**Raghbir Singh Walsal**
E-mail : awazeqaumtv@gmail.com

www.awazeqaumtv.com

for AWAZE QAUM Channel

https://youtu.be/LQwolgxDu7I
Contact :
+447458381111
+447976210161
+919729091243

ਆਵਾਜ਼ਿ ਕੌਮ AWAZE QAUM TV



ਭਾਈ ਰਘਵੀਰ ਸਿੰਘ ਵਾਲਸਾਲ
ਯੂ.ਕੇ. ਮੁੱਖ ਸੰਪਾਦਕ
Raghbir Singh Walsall uk


**ਪੰਜਾਬੀ ਸਿੱਖੋ, ਪੰਜਾਬੀ ਪੜ੍ਹੋ, ਪੰਜਾਬੀ ਬੋਲੋ, ਮਾਂ ਬੋਲੀ ਪੰਜਾਬੀ ਅਤੇ ਆਪਣੇ ਪੰਜਾਬ ਨੂੰ ਪਿਆਰ ਕਰੋ**

## ਸਮੂਹ ਪੱਤਰਕਾਰ/ਲੇਖਕਾਂ ਦੇ ਧਿਆਨ ਹਿਤ

ਸਮੂਹ ਪੱਤਰਕਾਰਾਂ/ਲੇਖਕਾਂ ਨੂੰ ਅਪੀਲ ਹੈ ਕਿ ਉਹ ਆਪਣੀਆ ਖ਼ਬਰਾਂ, ਇਸ਼ਤਿਹਾਰ ਅਤੇ ਹੋਰ ਸਮੱਗਰੀ ਸ਼ੁੱਧ ਪੰਜਾਬੀ ਵਿੱਚ ਕੰਪੋਜ਼ ਕਰਕੇ ਭੇਜਣ। ਬਿਨਾਂ ਕੰਪੋਜ਼ ਕੀਤੀਆਂ ਗਈਆਂ ਖ਼ਬਰਾਂ, ਲੇਖ ਜਾਂ ਹੋਰ ਕਿਸੇ ਵੀ ਪ੍ਰਕਾਰ ਦੇ ਮੈਟਰ 'ਤੇ ਵਿਚਾਰ ਨਹੀਂ ਕੀਤਾ ਜਾਵੇਗਾ। -ਸੰਪਾਦਕ


ਦੇਗ ਤੇਗ ਫ਼ਤਿਹ – ਪੰਥ ਕੀ ਜੀਤ

ਹਮ ਰਾਖਤ ਪਾਤਿਸ਼ਾਹੀ ਦਾਵਾ ॥ ਜਾਂ ਇਤ ਕੋ ਜਾਂ ਅਗਲੋਂ ਪਾਵਾ ॥

ਧੰਨ ਗੁਰੂ ਨਾਨਕ ਦੇਵ ਸਾਹਿਬ ਜੀ ਦੇ ਪ੍ਰਕਾਸ਼ ਪੁਰਬ ਤੇ ਮਾਤਾ ਸਾਹਿਬ ਕੌਰ ਜੀ ਦੇ ਜਨਮ ਦਿਹਾੜੇ ਨੂੰ ਸਮਰਪਿਤ



ਧੰਨ-ਧੰਨ ਮਾਤਾ ਸਾਹਿਬ ਕੌਰ ਜੀ

# ਗੁਰਮਤਿ ਸਮਾਗਮ



ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂ ਵਾਲੇ

1 ਨਵੰਬਰ 2026, ਦਿਨ ਐਤਵਾਰ ਨੂੰ
ਬੱਬਰਾਂ ਦੇ ਹਾਈ ਕੋਰਟ ਗੁਰਦੁਆਰਾ ਸ਼ਹੀਦਾਂ, ਜੱਸੋਵਾਲ ਵਿਖੇ
ਬੜੀ ਸ਼ਰਧਾ ਨਾਲ ਕਰਵਾਇਆ ਜਾ ਰਿਹਾ ਹੈ।

ਲੜੀ ਅਰੰਭ ਸ੍ਰੀ ਅਖੰਡ ਪਾਠ ਸਾਹਿਬ -20 ਅਕਤੂਬਰ, ਮੰਗਲਵਾਰ, ਸਵੇਰੇ 10 ਵਜੇ
ਲੜੀ ਭੋਗ ਸ੍ਰੀ ਅਖੰਡ ਪਾਠ ਸਾਹਿਬ -1 ਨਵੰਬਰ, ਐਤਵਾਰ, ਸਵੇਰੇ 9 ਵਜੇ

ਜੋੜ ਮੇਲੇ ਵਿੱਚ ਸਿੰਘ ਸਾਹਿਬਾਨ, ਦਮਦਮੀ ਟਕਸਾਲ, ਸੰਤ ਮਹਾਂਪੁਰਸ਼, ਸੰਪਰਦਾਵਾਂ ਦੇ ਮੁਖੀ, ਨਿਹੰਗ ਸਿੰਘ ਜਥੇਬੰਦੀਆਂ, ਸ਼੍ਰੋਮਣੀ ਕਮੇਟੀ ਮੈਂਬਰ, ਨਿਰਮਲੇ, ਉਦਾਸੀ, ਧਾਰਮਿਕ, ਕਿਸਾਨ ਆਗੂ, ਹਰ ਪਾਰਟੀ ਦੇ ਸਿਆਸੀ ਲੀਡਰ, ਇੰਟਰਨੈਸ਼ਨਲ ਪੰਥਕ ਦਲ ਯੂ.ਕੇ. ਅਤੇ ਭਾਰਤ ਦੇ ਸਮੂਹ ਅਹੁਦੇਦਾਰ ਅਤੇ ਨਾਮਵਰ ਰਾਗੀ-ਢਾਡੀ-ਕਵੀਸ਼ਰ ਜਥੇ ਪਹੁੰਚ ਰਹੇ ਹਨ।



ਨੋਟ : ਇਹ ਸਮਾਗਮ 13 ਦਿਨ ਚੱਲੇਗਾ

ਸਮੂਹ ਸੰਗਤ ਨੂੰ ਪਹੁੰਚਣ ਲਈ ਬੇਨਤੀ ਕੀਤੀ ਜਾਂਦੀ ਹੈ। ਗੁਰੂ ਦੇ ਲੰਗਰ ਅਤੇ ਚਾਹ ਪਕੌੜਿਆਂ ਦੇ ਲੰਗਰ ਅਤੁੱਟ ਵਰਤਣਗੇ।

ਬੇਨਤੀ ਕਰਤਾ
ਸੰਤ ਬਾਬਾ ਚਰਨਜੀਤ ਸਿੰਘ ਜੱਸੋਵਾਲ 98141-27470
ਜਥੇਦਾਰਨੀ ਬੀਬੀ ਸੁਰਿੰਦਰ ਕੌਰ 73408-35137
ਦਮਦਮੀ ਟਕਸਾਲ ਵਾਲੇ ਅੰਤਰਰਾਸ਼ਟਰੀ ਮੁੱਖ ਬੁਲਾਰਾ ਇੰਟਰਨੈਸ਼ਨਲ ਪੰਥਕ ਦੱਲ
ਜਾਰੀ ਕਰਤਾ : ਭਾਈ ਜਰਨੈਲ ਸਿੰਘ ਢਿੱਲੋਂ, ਬੀਬੀ ਅਰਸ਼ਪ੍ਰੀਤ ਕੌਰ 84278-66404, ਜ: ਹਰਜੋਤ ਸਿੰਘ ਢਿੱਲੋਂ, ਜ: ਮਹਿਤਾਬ ਸਿੰਘ ਢਿੱਲੋਂ

ਸੰਪਰਕ ਨੰਬਰ 84278-66404


Vehicle360
Professional Car Repairs & Servicing
West Bromwich
CAR SERVICES – ALL MAKES & MODELS
FREE VEHICLE HEALTH CHECK
Full & Interim Servicing
Diagnostics & Fault Finding
Clutches & Gearboxes
Timing Chains & Cambelts
DPF & Engine Repairs
Brakes, Suspension & Exhausts
Experienced mechanics
(7–10 years)
Honest advice & fair pricing
Quality / OEM parts used
CALL NOW: 0121 269 9586
12 Ridgacre Rd, West Bromwich, B71 1DB
Your local trusted garage
ਆਵਾਜ਼ਿ ਕੌਮ
AWAZE QAUM
International Newspaper & WEB TV

## ਇੰਟਰਨੈਸ਼ਨਲ ਪੰਥਕ ਦਲ ਵੱਲੋਂ

# ਨਾਮਧਾਰੀ ਆਗੂ ਠਾਕੁਰ ਦਲੀਪ ਸਿੰਘ ਵੱਲੋਂ ਦਿੱਤੇ ਦੇਹਧਾਰੀ ਗੁਰੂ ਬਾਰੇ ਬਿਆਨ ਦਾ ਕਰੜਾ ਵਿਰੋਧ

### ਸ਼੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਗੁਰਤਾ ‘ਤੇ ਸਵਾਲ ਉਠਾਉਣਾ ਪੰਥ ਵਿਰੋਧੀ ਕਰਤੂਤ ਕਰਾਰ, ਗੁਰੂ ਗੋਬਿੰਦ ਸਿੰਘ ਜੀ ਦੇ ਹੁਕਮ ਦਾ ਦਿੱਤਾ ਇਤਿਹਾਸਕ ਹਵਾਲਾ



ਭਾਈ ਰਘਬੀਰ ਸਿੰਘ
ਪ੍ਰਧਾਨ
ਇੰਟਰਨੈਸ਼ਨਲ ਪੰਥਕ ਦਲ



ਭਾਈ ਪਰਮਜੀਤ ਸਿੰਘ ਢਾਡੀ
ਅੰਤਰਰਾਸ਼ਟਰੀ ਆਰਗੇਨਾਈਜ਼ਰ
ਇੰਟਰਨੈਸ਼ਨਲ ਪੰਥਕ ਦਲ



ਭਾਈ ਕਪਤਾਨ ਸਿੰਘ
ਜਨਰਲ ਸਕੱਤਰ ਅਤੇ ਮੁੱਖ ਬੁਲਾਰਾ
ਇੰਟਰਨੈਸ਼ਨਲ ਪੰਥਕ ਦਲ



ਬਾਬਾ ਨਛੱਤਰ ਸਿੰਘ ਜੀ
ਭੈਣੀ ਮੱਸਾ ਸਿੰਘ
ਪ੍ਰਧਾਨ, ਆਸਟਰੀਆ (ਯੂਰਪ)



ਭਾਈ ਪ੍ਰਗਟ ਸਿੰਘ
ਪ੍ਰਧਾਨ, ਇੰਟਰਨੈਸ਼ਨਲ ਪੰਥਕ
ਦਲ (ਇਟਲੀ)



ਬਾਬਾ ਬਘੇਲ ਸਿੰਘ
ਜਥੇਦਾਰ
ਧਾਰਮਿਕ ਵਿੰਗ

**ਲੰਡਨ/ਯੂਰਪ, 2 ਅਪ੍ਰੈਲ (ਵਿਸ਼ੇਸ਼ ਪ੍ਰਤੀਨਿਧ)**- ਨਾਮਧਾਰੀ ਆਗੂ ਠਾਕੁਰ ਦਲੀਪ ਸਿੰਘ ਵੱਲੋਂ ਹਾਲ ਹੀ ਵਿੱਚ ਦਿੱਤੇ ਬਿਆਨ, ਜਿਸ ਵਿੱਚ ਉਨ੍ਹਾਂ ਨੇ ਦੇਹਧਾਰੀ ਗੁਰੂ ਦੀ ਵਕਾਲਤ ਕਰਦਿਆਂ ਸ਼੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਸਦੀਵੀ ਗੁਰਤਾ ‘ਤੇ ਸਵਾਲ ਉਠਾਉਣ ਦੀ ਕੋਸ਼ਿਸ਼ ਕੀਤੀ, ਦੇ ਖਿਲਾਫ ਇੰਟਰਨੈਸ਼ਨਲ ਪੰਥਕ ਦਲ ਵੱਲੋਂ ਤਿੱਖਾ ਅਤੇ ਕਰੜਾ ਵਿਰੋਧ ਦਰਜ ਕਰਵਾਇਆ ਗਿਆ ਹੈ।

ਆਵਾਜ਼ਿ ਕੌਮ AWAZE QAUM International Newspaper & WEB TV

ਇੰਟਰਨੈਸ਼ਨਲ ਪੰਥਕ ਦਲ ਇੰਗਲੈਂਡ ਦੇ ਪ੍ਰਧਾਨ ਭਾਈ ਰਘਵੀਰ ਸਿੰਘ, ਅੰਤਰਰਾਸ਼ਟਰੀ ਚੀਫ ਆਰਗੇਨਾਈਜ਼ਰ ਭਾਈ ਪਰਮਜੀਤ ਸਿੰਘ ਢਾਡੀ, ਜਨਰਲ ਸਕੱਤਰ ਤੇ ਬੁਲਾਰੇ ਭਾਈ ਕਪਤਾਨ ਸਿੰਘ, ਧਾਰਮਿਕ ਵਿੰਗ ਦੇ ਜਥੇਦਾਰ ਬਾਬਾ ਬਘੇਲ ਸਿੰਘ, ਇਟਲੀ ਇਕਾਈ ਦੇ ਪ੍ਰਧਾਨ ਭਾਈ ਪ੍ਰਗਟ ਸਿੰਘ ਅਤੇ ਆਸਟਰੀਆ ਦੇ ਪ੍ਰਧਾਨ ਭਾਈ ਨਛੱਤਰ ਸਿੰਘ ਵੱਲੋਂ ਜਾਰੀ ਸਾਂਝੇ ਬਿਆਨ ਵਿੱਚ ਕਿਹਾ ਗਿਆ ਕਿ ਇਸ ਤਰ੍ਹਾਂ ਦੇ ਬਿਆਨ ਸਿੱਖ ਪੰਥ ਦੀ ਮੂਲ ਸ਼ਰਧਾ , ਅਟੱਲ ਮਰਯਾਦਾ ਅਤੇ ਇਤਿਹਾਸਕ ਸਿਧਾਂਤਾਂ ‘ਤੇ ਸਿੱਧਾ ਹਮਲਾ ਹਨ, ਜਿਨ੍ਹਾਂ ਨੂੰ ਕਿਸੇ ਵੀ ਕੀਮਤ ‘ਤੇ ਬਰਦਾਸ਼ਤ ਨਹੀਂ ਕੀਤਾ ਜਾ ਸਕਦਾ।



ਨਾਮਧਾਰੀ ਆਗੂ ਠਾਕੁਰ ਦਲੀਪ ਸਿੰਘ

ਆਗੂਆਂ ਨੇ ਕਰੜੇ ਸ਼ਬਦਾਂ ਵਿੱਚ ਕਿਹਾ ਕਿ ਸ਼੍ਰੀ ਗੁਰੂ ਗ੍ਰੰਥ ਸਾਹਿਬ ਜੀ ਸਿੱਖ ਕੌਮ ਦੇ ਸਦੀਵੀ ਅਤੇ ਸਰਵਉੱਚ ਗੁਰੂ ਹਨ ਅਤੇ ਇਹ ਸੱਚਾਈ ਅਟੱਲ, ਅਡੋਲ ਅਤੇ ਜੁਗੋ-ਜੁਗ ਕਾਇਮ ਰਹਿਣ ਵਾਲੀ ਹੈ। ਉਨ੍ਹਾਂ ਜ਼ੋਰ ਦੇ ਕੇ ਕਿਹਾ ਕਿ ਇਸ ਮੂਲ ਸਿਧਾਂਤ ‘ਤੇ ਸੰਦੇਹ ਪੈਦਾ ਕਰਨਾ ਪੰਥ ਵਿਰੋਧੀ ਕਰਤੂਤ ਹੈ ਅਤੇ ਇਸਨੂੰ ਕਦੇ ਵੀ ਬਰਦਾਸ਼ਤ ਨਹੀਂ ਕੀਤਾ ਜਾ ਸਕਦਾ।

ਆਗੂਆਂ ਨੇ ਇਤਿਹਾਸਕ ਹਵਾਲਾ ਦਿੰਦਿਆਂ ਕਿਹਾ ਕਿ ਧੰਨ ਧੰਨ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਨੇ 1708 ਵਿੱਚ ਸ਼੍ਰੀ ਗੁਰੂ ਗ੍ਰੰਥ ਸਾਹਿਬ ਜੀ ਨੂੰ ਸਦੀਵੀ ਗੁਰਤਾ-ਗੱਦੀ ਬਖ਼ਸ਼ੀ ਅਤੇ ਸਿੱਖਾਂ ਨੂੰ ਸਪਸ਼ਟ ਹੁਕਮ ਕੀਤਾ ਕਿ ਅਗਾਂਹ ਤੋਂ ਇਸੇ ਨੂੰ ਆਪਣਾ ਗੁਰੂ ਮੰਨਿਆ ਜਾਵੇ ਅਤੇ ਕਿਸੇ ਵੀ ਦੇਹਧਾਰੀ ਵਿਅਕਤੀ ਨੂੰ ਗੁਰੂ ਦਾ ਦਰਜਾ ਨਾ ਦਿੱਤਾ ਜਾਵੇ।

ਉਨ੍ਹਾਂ ਕਿਹਾ ਕਿ ਗੁਰੂ ਸਾਹਿਬ ਦੀ ਗੁਰਤਾ-ਗੱਦੀ ਨੂੰ ਵਾਦ-ਵਿਵਾਦ ਦਾ ਵਿਸ਼ਾ ਬਣਾਉਣਾ ਸਿੱਖ ਧਰਮ ਦੇ ਮੂਲ ਅਸੂਲਾਂ ਦੀ ਘੋਰ ਉਲੰਘਣਾ ਹੈ ਅਤੇ ਇਸ ਤਰ੍ਹਾਂ ਦੇ ਯਤਨ ਸਿੱਖ ਕੌਮ ਦੀ ਏਕਤਾ ਅਤੇ ਸ਼ਰਧਾ ਨੂੰ ਨੁਕਸਾਨ ਪਹੁੰਚਾਉਂਦੇ ਹਨ।

ਆਗੂਆਂ ਨੇ ਪੰਜੇ ਤਖ਼ਤ ਸਾਹਿਬਾਨ ਦੇ ਜਥੇਦਾਰਾਂ, ਸਿੱਖ ਜਥੇਬੰਦੀਆਂ ਅਤੇ ਗੁਰਦੁਆਰਾ ਪ੍ਰਬੰਧਕ ਕਮੇਟੀਆਂ ਨੂੰ ਅਪੀਲ ਕੀਤੀ ਕਿ ਇਸ ਮਾਮਲੇ ਨੂੰ ਗੰਭੀਰਤਾ ਨਾਲ ਲਿਆ ਜਾਵੇ ਅਤੇ ਇਸ ਤਰ੍ਹਾਂ ਦੇ ਬਿਆਨਾਂ ਦੀ ਖੁੱਲ੍ਹ ਕੇ ਨਿਖੇਧੀ ਕੀਤੀ ਜਾਵੇ। ਨਾਲ ਹੀ ਚੇਤਾਵਨੀ ਦਿੱਤੀ ਗਈ ਕਿ ਜੇ ਸੰਬੰਧਿਤ ਵਿਅਕਤੀ ਆਪਣੇ ਬਿਆਨ ਵਾਪਸ ਨਹੀਂ ਲੈਂਦਾ ਅਤੇ ਮਾਫ਼ੀ ਨਹੀਂ ਮੰਗਦਾ, ਤਾਂ ਉਸਦੇ ਖਿਲਾਫ ਸਖ਼ਤ ਪੰਥਕ ਕਾਰਵਾਈ ਅਤੇ ਲੋੜ ਪੈਣ ‘ਤੇ ਹੁਕਮਨਾਮਾ ਜਾਰੀ ਕੀਤਾ ਜਾਵੇ।

ਬਿਆਨ ਵਿੱਚ ਇਹ ਵੀ ਕਿਹਾ ਗਿਆ ਕਿ ਜਿਹੜੇ ਹੋਰ ਵਿਅਕਤੀ ਜਾਂ ਸੰਸਥਾਵਾਂ ਦੇਹਧਾਰੀ ਗੁਰੂ ਦੀ ਪ੍ਰਥਾ ਨੂੰ ਵਡਾਵਾ ਦੇ ਰਹੀਆਂ ਹਨ, ਉਹਨਾਂ ਦੇ ਵਿਚਾਰਾਂ ਅਤੇ ਕਿਰਿਆਵਾਂ ਦੀ ਵੀ ਪੂਰੀ ਤਰ੍ਹਾਂ ਨਿੰਦਾ ਕੀਤੀ ਜਾਵੇਗੀ।

ਅੰਤ ਵਿੱਚ ਆਗੂਆਂ ਨੇ ਦੁਹਰਾਇਆ ਕਿ ਸ਼੍ਰੀ ਗੁਰੂ ਗ੍ਰੰਥ ਸਾਹਿਬ ਜੀ ਸਿੱਖ ਕੌਮ ਦੇ ਸਦੀਵੀ, ਸਰਵਉੱਚ ਗੁਰੂ ਹਨ ਅਤੇ ਇਸ ਅਟੱਲ ਸਿਧਾਂਤ ਨਾਲ ਕਿਸੇ ਵੀ ਹਾਲਤ ਵਿੱਚ ਕੋਈ ਸਮਝੌਤਾ ਨਹੀਂ ਕੀਤਾ ਜਾ ਸਕਦਾ।

### ਵਿਸਾਖੀ ਰੈਲੀ ਦੀਆਂ ਤਿਆਰੀਆਂ ਸਬੰਧੀ ਅਕਾਲੀ ਦਲ ‘ਵਾਰਿਸ ਪੰਜਾਬ ਦੇ’ ਵੱਲੋਂ ਤਲਵੰਡੀ ਸਾਬੋ ’ਚ ਭਰਵੀਂ ਮੀਟਿੰਗ

# ਸਾਰੀਆਂ ਧਿਰਾਂ ਪਰਖ ਚੁੱਕੇ ਸੂਬੇ ਦੇ ਲੋਕ ਇਸ ਵਾਰ ਸਾਡੇ ਨਾਲ,2027 ’ਚ ਹੂੰਝਾ ਫੇਰ ਜਿੱਤ ਕਰਾਂਗੇ ਹਾਸਿਲ- ਭਾਈ ਤਰਸੇਮ ਸਿੰਘ

**ਤਲਵੰਡੀ ਸਾਬੋ, 02 ਅਪ੍ਰੈਲ (ਗੁਰਜੰਟ ਸਿੰਘ ਨਥੇਹਾ)**- ਖਾਲਸਾ ਸਾਜਨਾ ਦਿਵਸ ‘ਵਿਸਾਖੀ’ ਮੌਕੇ ਤਖਤ ਸ੍ਰੀ ਦਮਦਮਾ ਸਾਹਿਬ ਵਿਖੇ ਸਜਾਏ ਜਾਣ ਵਾਲੇ ਜੋੜ ਮੇਲ ਮੌਕੇ ਕੀਤੀਆਂ ਜਾ ਰਹੀਆਂ ਸਿਆਸੀ ਕਾਨਫਰੰਸਾਂ ਦੀ ਲੜੀ ਤਹਿਤ ਸ਼੍ਰੋਮਣੀ ਅਕਾਲੀ ਦਲ ‘ਵਾਰਿਸ ਪੰਜਾਬ ਦੇ’ ਵੱਲੋਂ ਕੀਤੀ ਜਾਣ ਵਾਲੀ ਰੈਲੀ ਦੀਆਂ ਤਿਆਰੀਆਂ ਸਬੰਧੀ ਅੱਜ ਖਡੂਰ ਸਾਹਿਬ ਤੋਂ ਸੰਸਦ ਮੈਂਬਰ ਭਾਈ ਅੰਮ੍ਰਿਤਪਾਲ ਸਿੰਘ ਦੇ ਪਿਤਾ ਅਤੇ ਪਾਰਟੀ ਦੇ ਕਾਰਜਕਾਰੀ ਪ੍ਰਧਾਨ ਭਾਈ ਤਰਸੇਮ ਸਿੰਘ ਦੀ ਅਗਵਾਈ ਹੇਠ ਤਖਤ ਸਾਹਿਬ ਵਿਖੇ ਅਹੁਦੇਦਾਰਾਂ ਦੀ ਭਰਵੀਂ ਮੀਟਿੰਗ ਕੀਤੀ ਗਈ। ਮੀਟਿੰਗ ਨੂੰ ਸੰਬੋਧਨ ਹੁੰਦਿਆਂ ਭਾਈ ਤਰਸੇਮ ਸਿੰਘ ਨੇ ਕਿਹਾ ਕਿ ਬਦਲਾਅ ਦੇ ਨਾਂ ਤੇ ਸੱਤਾ ਚ ਆਈ ਆਮ ਆਦਮੀ ਪਾਰਟੀ ਦੀ ਸਰਕਾਰ ਦੌਰਾਨ ਸੂਬੇ ਦਾ ਹਾਲ ਹੋਰ ਵੀ ਮੰਦਾ ਹੋ ਗਿਐ ।ਜਿੱਥੇ ਨਸ਼ਾ ਅਤੇ ਭ੍ਰਿਸ਼ਟਾਚਾਰ ਬਾਦਸਤੂਰ ਜਾਰੀ ਹਨ ਉੱਥੇ ਸੂਬੇ ਸਿਰ ਕਰਜ਼ੇ ਦਾ ਬੋਝ ਵਧਦਾ ਜਾ ਰਿਹੈ ਜਦੋਂਕਿ ਇਸ ਸਰਕਾਰ ਨੇ ਵਿਕਾਸ ਦੇ ਨਾਂ ਤੇ ਕਿਤੇ ਮਿੱਟੀ ਦਾ ਟੋਕਰਾ ਤੱਕ ਨਹੀ ਪਾਇਆ ।ਉਨਾਂ ਕਿਹਾ ਕਿ ਸਾਰੀਆਂ ਸਿਆਸੀ ਧਿਰਾਂ ਨੂੰ ਪਰਖ ਚੁੱਕੇ ਸੂਬੇ ਦੇ ਲੋਕ ਇਸ ਵਾਰ ਸਾਡੇ ਨਾਲ ਹਨ ਅਤੇ ਅਕਾਲੀ ਦਲ ‘ਵਾਰਿਸ ਪੰਜਾਬ ਦੇ’ 2027 ਵਿਧਾਨ ਸਭਾ ਚੋਣਾਂ ਚ ਹੂੰਝਾ ਫੇਰ ਜਿੱਤ ਹਾਸਿਲ ਕਰੇਗਾ ।ਉਨਾਂ ਨੇ ਆਗੂਆਂ ਤੇ ਵਰਕਰਾਂ ਨੂੰ ਵਿਸਾਖੀ ਰੈਲੀ ਦੀਆਂ ਤਿਆਰੀਆਂ ਸਬੰਧੀ ਜੀਅ ਜਾਨ ਨਾਲ ਜੁਟ ਜਾਣ ਦਾ ਸੱਦਾ ਦਿੱਤਾ ।ਮੀਟਿੰਗ ਨੂੰ ਸੰਬੋਧਨ ਹੁੰਦਿਆਂ ਸੀਨੀਅਰ ਆਗੂ ਭਾਈ ਜਸਕਰਨ ਸਿੰਘ ਕਾਹਨ ਸਿੰਘ ਵਾਲਾ ਨੇ ਕਿਹਾ ਕਿ ਕੇਂਦਰੀ ਏਜੰਸੀਆਂ ਧਮਾਕਿਆਂ ਦੇ ਨਾਂ ਤੇ ਮਾਹੌਲ ਖਰਾਬ ਕਰਕੇ ਗਵਰਨਰੀ ਰਾਜ ਲਗਾਉਣ ਦਾ ਮੁੱਢ ਵੱਝ ਰਹੀਆਂ ਹਨ ਪਰ ਸਾਨੂੰ ਸੁਚੇਤ ਹੋ ਕੇ ਸ਼ਾਂਤੀਪੂਰਬਕ ਕੰਮ ਕਰਨਾ ਹੋਵੇਗਾ ।ਉਨਾਂ ਕਿਹਾ ਕਿ ਇਸ ਵਾਰ ਵਿਸਾਖੀ ਰੈਲੀ ਰਿਕਾਰਡਤੋੜ ਹੋ ਜਾਵੇ ਤਾਂ ਫਿਰ ਅਗਲੀ ਵਿਸਾਖੀ ਰੈਲੀ ਅਕਾਲੀ ਦਲ ਵਾਰਿਸ ਪੰਜਾਬ ਦੇ ਦਾ ਮੁੱਖ ਮੰਤਰੀ ਹੀ ਕਰੇਗਾ ।ਮਰਹੂਮ ਆਗੂ ਸੰਦੀਪ ਸਿੰਘ ਦੀਪ ਸਿੱਧੂ ਦੇ ਭਰਾ ਤੇ ਪਾਰਟੀ ਦੇ ਸਕੱਤਰ ਜਨਰਲ ਮਨਦੀਪ ਸਿੰਘ ਸਿੱਧੂ ਨੇ ਇਸ ਮੌਕੇ ਵਰਕਰਾਂ ਨੂੰ ਅਪੀਲ ਕੀਤੀ ਕਿ ਇਕਜੁਟਤਾ ਨਾਲ ਪਾਰਟੀ ਨੂੰ ਮਜ਼ਬੂਤ ਕਰਨ ਦੇ ਮੰਤਵ ਤਹਿਤ ਇਸ ਵਾਰ ਵਿਸਾਖੀ ਰੈਲੀ ਚ ਸੰਗਤ ਦੀ ਇੰਨੀ ਇਕੱਤਰਤਾ ਕਰਨੀ ਹੈਕਿ ਸੂਬੇ ਦੀਆਂ ਸਿਆਸੀ ਸਫਾਂ ਚ ਉਸਤੋਂ ਬਾਅਦ ਸਿਰਫ ਅਕਾਲੀ ਦਲ ਵਾਰਿਸ ਪੰਜਾਬ ਦੇ ਦਾ ਨਾਂ ਹੀ ਸੁਣਾਈ ਦੇਵੇ ।ਮੀਟਿੰਗ ਚ ਹੋਰਨਾਂ ਤੋਂ ਇਲਾਵਾ ਸੂਬਾ ਕੋਆਰਡੀਨੇਟਰ ਬਾਬੂ ਸਿੰਘ ਬਰਾੜ, ਐਡਵੋਕੇਟ ਈਮਾਨ ਸਿੰਘ ਖਾਰਾ, ਬਠਿੰਡਾ ਜਿਲ੍ਹਾ ਪ੍ਰਧਾਨ ਚਮਕੌਰ ਸਿੰਘ ਬਰਾੜ, ਕੁਲਦੀਪ ਸਿੰਘ ਗੋਸਲ, ਪ੍ਰਦੀਪ ਸਿੰਘ ਸੋਨੀ ਬਾਬਾ, ਭਾਈ ਸਰਬਜੀਤ ਸਿੰਘ ਖਾਲਸਾ ਪ੍ਰਧਾਨ ਗੱਤਕਾ ਦਲ ਪੰਜਾਬ, ਗੁਰਵਿੰਦਰ ਸਿੰਘ ਪ੍ਰਧਾਨ ਬਰਨਾਲਾ, ਅਵਤਾਰ ਸਿੰਘ ਸੇਖੋਂ ਪ੍ਰਧਾਨ ਸੰਗਰੂਰ, ਕੁਲਵਿੰਦਰ ਸਿੰਘ ਪ੍ਰਧਾਨ ਮਾਨਸਾ, ਅਵਤਾਰ ਸਿੰਘ ਜਵਾਹਰਕੇ, ਸਤਨਾਮ ਸਿੰਘ, ਸਤਵਿੰਦਰ ਸਿੰਘ, ਜਗਦੀਪ ਸਿੰਘ ਭੁੱਲਰ ਪ੍ਰਧਾਨ ਫਿਰੋਜ਼ਪੁਰ, ਬਾਬਾ ਬਲਜਿੰਦਰ ਸਿੰਘ ਲੱਛਾ, ਡਾ.ਪ੍ਰਗਟ ਸਿੰਘ, ਹਰਿਮੰਦਰ ਸਿੰਘ, ਜਸਵਿੰਦਰ ਸਿੰਘ ਬਾਦਲ, ਆਕਾਸ਼ਦੀਪ ਸਿੰਘ ਇੰਚਾਰਜ ਸ਼ੋਸਲ ਮੀਡੀਆ, ਤੇਲੂ ਰਾਮ ਲਹਿਰੀ ਕੌਂਸਲਰ ਰਾਮਾਂ ਮੰਡੀ, ਕਸ਼ਮੀਰ ਸਿੰਘ ਸੰਗਤ, ਗੁਰਮੀਤ ਸਿੰਘ ਲੇਲੇਵਾਲਾ, ਸ਼ਮਸ਼ੇਰ ਸਿੰਘ ਜਗਾ, ਮੇਜਰ ਸਿੰਘ ਜੱਸੀ, ਜਸਵਿੰਦਰ ਸਿੰਘ ਸੰਧੂ ਸਰਦੂਲਗੜ੍ਹ, ਗੁਰਦੀਪ ਸਿੰਘ ਸਿੱਧੂ, ਪਰਮਜੀਤ ਸਿੰਘ, ਜਗਜੀਤ ਸਿੰਘ, ਦਰਸ਼ਨ ਸਿੰਘ,ਐਡਵੋਕੇਟ ਸੁਖਪ੍ਰੀਤ ਸਿੰਘ ਗੋਸਲ ਆਦਿ ਸ਼ਾਮਿਲ ਸਨ।



# ਸੱਤਿਆ ਐਲੀਮੈਂਟਰੀ ਸਕੂਲ ਹਠੂਰ ਦੇ ਦੋ ਬੱਚਿਆਂ ਦੀ ਸਕੂਲ ਆਫ ਐਮੀਨੈਂਸ ਲਈ ਹੋਈ ਚੋਣ





ਜਗਰਾਉ-(ਵਰਿਆਮ ਹਠੂਰ) ਇਤਿਹਾਸਕ ਕਸਬਾ ਹਠੂਰ ਵਿਖੇ ਸਥਿੱਤ ਭਾਰਤੀ ਏਅਰਟੈੱਲ ਫਾਊਂਡੇਸ਼ਨ ਦੇ ਸੱਤਿਆ ਐਲੀਮੈਂਟਰੀ ਸਕੂਲ ਹਠੂਰ ਦੇ ਦੋ ਬੱਚਿਆਂ ਦੀ ਟੈਸਟ ਤੋਂ ਬਾਅਦ ਨੌਵੀਂ ਕਲਾਸ ਲਈ ਸਕੂਲ ਆਫ ਐਮੀਨੈਂਸ ਲਈ ਚੋਣ ਹੋਈ ਜਾਣਕਾਰੀ ਸਾਂਝੀ ਕਰਦਿਆਂ ਸੱਤਿਆ ਐਲੀਮੈਂਟਰੀ ਸਕੂਲ ਦੇ ਹੈੱਡ ਟੀਚਰ ਮੈਡਮ ਸੀਮਾ ਰਾਣੀ ਨੇ ਕਿਹਾ ਕਿ ਸਾਡੇ ਸਕੂਲ ਦੀਆਂ ਦੋ ਹੋਣਹਾਰ ਵਿਦਿਆਰਥਣਾਂ ਕੁਲਵੀਰ ਕੌਰ ਪੁੱਤਰੀ ਸੁਖਦੇਵ ਸਿੰਘ ਅਤੇ ਸੁਖਮਨਪ੍ਰੀਤ ਕੌਰ ਪੁੱਤਰੀ ਗੁਰਚਰਨ ਸਿੰਘ ਦੋਵਾਂ ਦੀ ਨੌਵੀਂ ਕਲਾਸ ਲਈ ਸਕੂਲ ਆਫ ਐਮੀਨੈਂਸ ਲਈ ਚੋਣ ਹੋਈ ਹੈ। ਮੈਡਮ ਸੀਮਾ ਰਾਣੀ ਨੇ ਅੱਗੇ ਕਿਹਾ ਕਿ ਸਾਡੇ ਸੱਤਿਆ ਐਲੀਮੈਂਟਰੀ ਸਕੂਲ ਦੇ ਮਿਹਨਤੀ ਸਟਾਫ ਵੱਲੋਂ ਬੱਚਿਆਂ ਦੇ ਭਵਿੱਖ ਨੂੰ ਉਜਵਲ ਬਣਾਉਣ ਲਈ ਦਿਲੋਂ ਮਿਹਨਤ ਕੀਤੀ ਜਾਂਦੀ ਹੈ। ਦੋਵਾਂ ਬੱਚਿਆਂ ਅਤੇ ਉਹਨਾਂ ਦੇ ਮਾਪਿਆਂ ਨੂੰ ਬਹੁਤ-ਬਹੁਤ ਮੁਬਾਰਕਾਂ, ਪ੍ਰਮਾਤਮਾਂ ਮਿਹਰ ਕਰੇ ਦੋਵੇਂ ਬੱਚੇ ਅੱਗੇ ਪੜ ਲਿਖ ਕੇ ਜੀਵਨ ਵਿੱਚ ਖੂਬ ਤਰੱਕੀਆਂ ਕਰਨ ਤੇ ਆਪਣਾ ਅਤੇ ਆਪਣੇ ਮਾਪਿਆਂ ਦਾ ਨਾਮ ਰੌਸ਼ਨ ਕਰਨ।

ਆਵਾਜ਼ਿ ਕੌਮ AWAZE QAUM International Newspaper & WEB TV

### ਆਮ ਆਦਮੀ ਪਾਰਟੀ ਨੂੰ ਵੱਡਾ ਝਟਕਾ

# ਹਲਕਾ ਸਰਦੂਲਗੜ੍ਹ ਤੋਂ ਬਲਾਕ ਪ੍ਰਧਾਨ ਜਸਵਿੰਦਰ ਸਿੰਘ ਸੰਧੂ ਅਕਾਲੀ ਦਲ ਵਾਰਿਸ ਪੰਜਾਬ ਦੇ ਵਿੱਚ ਸ਼ਾਮਿਲ



**ਬਠਿੰਡਾ/ਤਲਵੰਡੀ ਸਾਬੋ, 2 ਅਪ੍ਰੈਲ (ਆਵਾਜ਼ਿ ਕੌਮ ਬਿਊਰੋ)**-ਅੱਜ ਤਖ਼ਤ ਸ਼੍ਰੀ ਦਮਦਮਾ ਸਾਹਿਬ, ਤਲਵੰਡੀ ਸਾਬੋ ਦੀ ਪਵਿੱਤਰ ਧਰਤੀ ਉੱਤੇ ਸ਼ਹੀਦ ਬਾਈ ਦੀਪ ਸਿੱਧੂ ਦੇ ਜਨਮ ਦਿਨ ਉੱਪਰ ਇੱਕ ਮਹੱਤਵਪੂਰਨ ਪ੍ਰੈਸ ਕਾਨਫਰੰਸ ਦੌਰਾਨ ਸਰਦੂਲਗੜ੍ਹ ਟਰੱਕ ਯੂਨੀਅਨ ਦੇ ਸਾਬਕਾ ਪ੍ਰਧਾਨ ਅਤੇ ਆਮ ਆਦਮੀ ਪਾਰਟੀ ਦੇ ਮੌਜੂਦਾ ਬਲਾਕ ਪ੍ਰਧਾਨ ਸ੍ਰ. ਜਸਵਿੰਦਰ ਸਿੰਘ ਸੰਧੂ ਆਪਣੇ ਸਾਥੀਆਂ ਸਮੇਤ ਅਕਾਲੀ ਦਲ ਵਾਰਿਸ ਪੰਜਾਬ ਦੇ ਵਿੱਚ ਰਸਮੀ ਤੌਰ 'ਤੇ ਸ਼ਾਮਿਲ ਹੋ ਗਏ। ਇਸ ਮੌਕੇ ਉਨ੍ਹਾਂ ਨੂੰ ਪਾਰਟੀ ਪ੍ਰਧਾਨ ਮੈਂਬਰ ਪਾਰਲੀਮੈਂਟ ਭਾਈ ਅੰਮ੍ਰਿਤਪਾਲ ਸਿੰਘ ਜੀ ਦੇ ਪਿਤਾ ਬਾਪੂ ਤਰਸੇਮ ਸਿੰਘ ਜੀ, ਸਕੱਤਰ ਜਨਰਲ ਭਾਈ ਮਨਦੀਪ ਸਿੰਘ ਸਿੱਧੂ, ਪੀ.ਏ.ਸੀ ਮੈਂਬਰ ਸ੍ਰ. ਬਾਬੂ ਸਿੰਘ ਬਰਾੜ ਅਤੇ ਸ੍ਰ. ਜਸਕਰਨ ਸਿੰਘ ਕਾਹਨਸਿੰਘਵਾਲਾ, ਕੋਰ ਕਮੇਟੀ ਮੈਂਬਰ ਸ੍ਰ. ਅਵਤਾਰ ਸਿੰਘ ਜਵਾਰਕੇ, ਮਾਨਸਾ ਜ਼ਿਲ੍ਹਾ ਪ੍ਰਧਾਨ ਸ੍ਰ. ਕੁਲਵਿੰਦਰ ਸਿੰਘ ਸਿੱਧੂ ਅਤੇ ਪਾਰਟੀ ਦੇ ਮੁੱਖ ਬੁਲਾਰੇ ਅਤੇ ਸਰਦੂਲਗੜ੍ਹ ਤੋਂ ਹਲਕਾ ਇੰਚਾਰਜ ਐਡਵੋਕੇਟ ਇਮਾਨ ਸਿੰਘ ਖਾਰਾ ਦੀ ਮੌਜੂਦਗੀ ਵਿੱਚ ਸਿਰੋਪਾਓ ਦੇ ਕੇ ਸਨਮਾਨਿਤ ਕੀਤਾ ਗਿਆ। ਇਸ ਸਬੰਧੀ ਜਾਣਕਾਰੀ ਪ੍ਰੈਸ ਸਕੱਤਰ ਭਾਈ ਸ਼ਮਸ਼ੇਰ ਸਿੰਘ ਪੱਧਰੀ ਵੱਲੋਂ ਜਾਰੀ ਕੀਤੇ ਪ੍ਰੈਸ ਨੋਟ ਰਾਹੀਂ ਪ੍ਰਾਪਤ ਹੋਈ। ਇਸ ਮੌਕੇ ਬੋਲਦੇ ਹੋਏ ਪਾਰਟੀ ਆਗੂਆਂ ਨੇ ਕਿਹਾ ਕਿ ਆਮ ਆਦਮੀ ਪਾਰਟੀ ਨੇ ਪੰਜਾਬ ਦੇ ਲੋਕਾਂ ਨਾਲ ਵੱਡੇ ਵਾਅਦੇ ਕਰਕੇ ਸੱਤਾ ਹਾਸਲ ਕੀਤੀ ਸੀ, ਪਰ ਅੱਜ ਹਰ ਵਰਗ ਨਿਰਾਸ਼ ਹੈ। ਕਿਸਾਨ, ਮਜ਼ਦੂਰ, ਨੌਜਵਾਨ ਅਤੇ ਟਰਾਂਸਪੋਰਟ ਵਰਗ ਨਾਲ ਕੀਤੇ ਵਾਅਦੇ ਪੂਰੇ ਕਰਨ ਦੀ ਬਜਾਏ 'ਆਪ' ਸਰਕਾਰ ਸਿਰਫ ਪ੍ਰਚਾਰ ਅਤੇ ਝੂਠੇ ਦਾਅਵਿਆਂ ਤੱਕ ਸੀਮਿਤ ਰਹਿ ਗਈ ਹੈ। ਉਨ੍ਹਾਂ ਨੇ ਤਿੱਖੀ ਚੋਟ ਕਰਦਿਆਂ ਕਿਹਾ ਕਿ ਆਮ ਆਦਮੀ ਪਾਰਟੀ ਹੁਣ "ਆਮ ਲੋਕਾਂ ਦੀ ਨਹੀਂ, ਸਿਰਫ ਕੁਰਸੀ ਬਚਾਉਣ ਵਾਲੀ ਪਾਰਟੀ" ਬਣ ਚੁੱਕੀ ਹੈ, ਜਿਸਦੇ ਨੇਤਾ ਜ਼ਮੀਨੀ ਹਕੀਕਤ ਤੋਂ ਬਿਲਕੁਲ ਦੂਰ ਹਨ। ਪੰਜਾਬ ਦੇ ਅਸਲ ਮੁੱਦੇ ਹੱਲ ਕਰਨ ਦੀ ਬਜਾਏ ਇਹ ਸਰਕਾਰ ਕੇਂਦਰ ਦੀਆਂ ਨੀਤੀਆਂ ਅੱਗੇ ਝੁਕਦੀ ਨਜ਼ਰ ਆ ਰਹੀ ਹੈ। ਭਾਈ ਜਸਵਿੰਦਰ ਸਿੰਘ ਸੰਧੂ ਨੇ ਕਿਹਾ ਕਿ ਉਹ ਆਮ ਆਦਮੀ ਪਾਰਟੀ ਦੀ ਨਾਕਾਮੀਆਂ ਅਤੇ ਲੋਕਾਂ ਨਾਲ ਕੀਤੀ ਧੋਖੇਬਾਜ਼ੀ ਤੋਂ ਤੰਗ ਆ ਕੇ ਅਕਾਲੀ ਦਲ ਵਾਰਿਸ ਪੰਜਾਬ ਦੇ ਵਿੱਚ ਸ਼ਾਮਿਲ ਹੋਏ ਹਨ। ਉਨ੍ਹਾਂ ਨੇ ਕਿਹਾ ਕਿ ਇਹ ਪਾਰਟੀ ਹੀ ਪੰਜਾਬ, ਪੰਜਾਬੀਅਤ ਅਤੇ ਸਿੱਖ ਕੌਮ ਦੇ ਹੱਕਾਂ ਲਈ ਡਟ ਕੇ ਲੜ ਰਹੀ ਹੈ ਅਤੇ ਉਹ ਹੁਣ ਪੂਰੀ ਇਮਾਨਦਾਰੀ ਨਾਲ ਪਾਰਟੀ ਦੀ ਮਜ਼ਬੂਤੀ ਲਈ ਕੰਮ ਕਰਨਗੇ। ਪਾਰਟੀ ਆਗੂਆਂ ਨੇ ਦਾਅਵਾ ਕੀਤਾ ਕਿ ਆਉਣ ਵਾਲੇ ਸਮੇਂ ਵਿੱਚ ਇਸ ਤਰ੍ਹਾਂ ਦੇ ਹੋਰ ਵੱਡੇ ਝਟਕੇ ਆਮ ਆਦਮੀ ਪਾਰਟੀ ਨੂੰ ਲੱਗਣਗੇ, ਕਿਉਂਕਿ ਲੋਕ ਹੁਣ ਹਕੀਕਤ ਨੂੰ ਸਮਝ ਚੁੱਕੇ ਹਨ ਅਤੇ ਬਦਲਾਅ ਦੀ ਲਹਿਰ ਅਕਾਲੀ ਦਲ ਵਾਰਿਸ ਪੰਜਾਬ ਦੇ ਵੱਲ ਵੱਧ ਰਹੀ ਹੈ।

**ਝੂਠੇ ਵਾਅਦਿਆਂ ਅਤੇ ਲੋਕਾਂ ਨਾਲ ਧੋਖੇਬਾਜ਼ੀ ਤੋਂ ਤੰਗ ਆ ਕੇ ਛੱਡੀ 'ਆਪ', ਪੰਜਾਬ ਦੇ ਹੱਕਾਂ ਲਈ ਲੜਨ ਵਾਲੀ ਇਕੱਲੀ ਪਾਰਟੀ ਅਕਾਲੀ ਦਲ ਵਾਰਿਸ ਪੰਜਾਬ ਦੇ**

### ਭਾਈ ਅਵਤਾਰ ਸਿੰਘ ਜੀ ਫੌਜੀ ਵੱਲੋਂ

# ਸੇਵਾਦਾਰਾਂ ਨੂੰ ਸਨਮਾਨਿਤ ਕੀਤਾ ਗਿਆ



**ਫ਼ਿਰੋਜ਼ਪੁਰ, 02 ਅਪ੍ਰੈਲ (ਮਨੋਹਰ ਲਾਲ)** :— ਗੁਰਦੁਆਰਾ ਮਾਈ ਰਾਮ ਦੇਵੀ ਜੀ ਵਿਖੇ ਹੈਡ ਗ੍ਰੰਥੀ ਭਾਈ ਅਵਤਾਰ ਸਿੰਘ ਫੌਜੀ ਨੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਬਖਸ਼ਿਸ਼ ਕੀਤੀ ਸੇਵਾ ਦੇ 20 ਸਾਲ ਪੂਰੇ ਹੋਣ ਤੇ ਵਾਹਿਗੁਰੂ ਦੇ ਸ਼ੁਕਰਾਨੇ ਵਜੋਂ ਕਰਵਾਏ ਧਾਰਮਿਕ ਸਮਾਗਮ। ਇਸ ਸਬੰਧੀ ਜਾਣਕਾਰੀ ਦਿੰਦਿਆਂ ਪ੍ਰਬੰਧਕਾਂ ਨੇ ਦੱਸਿਆ ਕਿ 30 ਮਾਰਚ ਦਿਨ ਸੋਮਵਾਰ ਨੂੰ ਸਹਿਜ ਪਾਠ ਸਾਹਿਬ ਜੀ ਦੇ ਭੋਗ ਪਾਏ ਗਏ ਉਪਰੰਤ ਸ਼ਾਮ ਤਿੰਨ ਤੋਂ ਪੰਜ ਵਜੇ ਤੱਕ ਸੁਖਮਨੀ ਸਾਹਿਬ ਜੀ ਦੇ ਪਾਠ ਕਰਵਾ ਕੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦਾ ਧੰਨਵਾਦ ਕੀਤਾ ਸੀ। ਉਨ੍ਹਾਂ ਦੱਸਿਆ ਕਿ ਇਕ ਅਪ੍ਰੈਲ 2026 ਦਿਨ ਬੁੱਧਵਾਰ ਸ਼ਾਮ ਨੂੰ ਜਿਹੜੇ ਬੱਚੇ ਰਹਿਰਾਸ ਸਾਹਿਬ ਦਾ ਪਾਠ ਕਰਦੇ ਹਨ ਅਤੇ ਗੁਰਦੁਆਰੇ ਦੀ ਸਾਫ ਸਫਾਈ ਦੀ ਸੇਵਾ ਕਰਦੇ ਹਨ, ਉਨ੍ਹਾਂ ਨੂੰ ਸਤਿਗੁਰੂ ਦੀ ਬਖਸ਼ਿਸ਼ ਸਿਰਪਾਉ ਸਾਹਿਬ ਦਿੱਤੇ ਗਏ। ਉਨ੍ਹਾਂ ਦੱਸਿਆ ਕਿ ਗੁਰਦੁਆਰਾ ਸਾਹਿਬ ਵਿਚ ਮੈਡਮ ਨੇਹਾ ਮਨੋਚਾ ਜੋ ਡੀ.ਸੀ.ਐਮ ਇੰਟਰਨੈਸ਼ਨਲ ਸਕੂਲ ਵਿੱਚ ਪੜ੍ਹਾਉਂਦੇ ਹਨ ਬੱਚਿਆਂ ਨੂੰ ਪਾਠ ਸਿਖਾਉਣ ਦੇ ਨਾਲ—ਨਾਲ ਬੱਚਿਆਂ ਨੂੰ ਸੇਵਾ ਕਿਸ ਤਰ੍ਹਾਂ ਕਰਨੀ ਹੈ ਉਹ ਵੀ ਸਾਰਾ ਗਾਈਡ ਕਰਦੇ ਹਨ। ਉਪਰੰਤ ਮਾਸਟਰ ਦਵਿੰਦਰ ਸਿੰਘ, ਮਾਸਟਰ ਜਸ਼ਨਜੀਤ ਸਿੰਘ ਵੀ ਰਹਿਰਾਸ ਸਾਹਿਬ ਵਿੱਚ ਸੇਵਾ ਨਿਭਾਉਂਦੇ ਹਨ। ਇਸ ਤੋਂ ਇਲਾਵਾ ਅੰਮ੍ਰਿਤ ਵੇਲੇ ਦੀ ਸੇਵਾ ਵੀ ਬਲਵਿੰਦਰ ਕੌਰ ਬਬਲੀ ਸੰਜੇ ਚਾਨਣਾ ਨੀਰੂ ਚਾਨਣਾ ਨਿਭਾ ਰਹੇ ਹਨ, ਉਪਰੰਤ ਸ਼ਾਮ ਨੂੰ ਸੁੱਖ ਆਸਨ ਦੀ ਸੇਵਾ ਜਿੱਥੇ ਭਜਨ ਮੌਂਗਾ ਨਿਭਾਉਂਦੇ ਹਨ ਉਥੇ ਸ਼ਾਮ ਨੂੰ ਭਾਈ ਇਕਬਾਲ ਸਿੰਘ ਸਾਭਾ ਅਤੇ ਉਨ੍ਹਾਂ ਦਾ ਬੇਟਾ ਵਿਸ਼ਵਦੀਪ ਸਿੰਘ ਜੋਤ ਦੀ ਸਾਫ ਸਫਾਈ ਦੀ ਸਾਰੀ ਸੇਵਾ ਕਰਦੇ ਹਨ। ਗੱਲਬਾਤ ਕਰਦਿਆਂ ਹੈਡ ਗ੍ਰੰਥੀ ਭਾਈ ਅਵਤਾਰ ਸਿੰਘ ਫੌਜੀ ਨੇ ਦੱਸਿਆ ਕਿ ਇਹ ਸਾਰੀ ਸੇਵਾ ਹੈਡ ਗ੍ਰੰਥੀ ਅਤੇ ਪ੍ਰਬੰਧਕ ਕਮੇਟੀ ਅਤੇ ਸਾਰੀ ਸੰਗਤਾਂ ਦੇ ਸਹਿਯੋਗ ਨਾਲ ਹੁੰਦੀ ਹੈ।

ਉਨ੍ਹਾਂ ਕਿਹਾ ਕਿ ਸਤਿਗੁਰੂ ਕਿਰਪਾ ਕਰਨ ਇਸੇ ਤਰ੍ਹਾਂ ਗ੍ਰੰਥੀ ਪ੍ਰਬੰਧਕ ਕਮੇਟੀ ਅਤੇ ਸੰਗਤਾਂ ਤੋਂ ਸੇਵਾ ਸ਼ੁੱਧਤਾ ਪੂਰਵਕ ਸੇਵਾ ਲੈਂਦੇ ਰਹਿਣ। ਇਸ ਲਈ ਅੱਜ ਭਾਈ ਅਵਤਾਰ ਸਿੰਘ ਫੌਜੀ ਵੱਲੋਂ ਸਾਰੇ ਹੀ ਬੱਚਿਆਂ ਅਤੇ ਸੇਵਾਦਾਰਾਂ ਦਾ ਸਨਮਾਨ ਕੀਤਾ ਗਿਆ, ਜਿਸ ਵਿੱਚ ਬੀਬੀ ਜਸਵੰਤ ਕੌਰ ਸਕੱਤਰ ਗੁਰਦੁਆਰਾ ਪ੍ਰਬੰਧਕ ਕਮੇਟੀ, ਬੀਬੀ ਹਰਮੀਤ ਕੌਰ, ਬੀਬੀ ਨੀਰੂ ਚਾਨਣਾ, ਨੇਹਾ ਮਨੋਚਾ, ਬਲਵਿੰਦਰ ਕੌਰ ਬਬਲੀ, ਇਕਬਾਲ ਸਿੰਘ ਸਾਭਾ, ਸਿਮਰਜੀਤ ਸਿੰਘ, ਰਵਿੰਦਰ ਸਿੰਘ, ਨਿਤੀਸ਼, ਸਰਬਜੀਤ ਸਿੰਘ, ਬੀਬੀ ਬਲਵਿੰਦਰ ਕੌਰ, ਤਜਿੰਦਰ ਸਿੰਘ, ਸਿਮਰਨਜੀਤ ਸਿੰਘ, ਰਵਿੰਦਰ ਸਿੰਘ, ਨਿਤੀਸ਼, ਅਮਨਪ੍ਰੀਤ ਬਜਾਜ ਲੱਕੀ ਅਤੇ ਇਸ ਤੋਂ ਇਲਾਵਾ ਕਈ ਹੋਰ ਸੰਗਤਾਂ ਅਤੇ ਮੈਂਬਰ ਸਾਹਿਬਾਨ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

# ਡਿਪਾਰਟਮੈਂਟ ਆਫ਼ ਆਰਟਸ ਐਂਡ ਹਿਊਮੈਨਟੀਜ਼ ਦੇ ਵਿਦਿਆਰਥੀਆਂ ਸੰਦੀਪ ਤੇ ਅਸ਼ਵਨੀ ਨੇ ਜਿੱਤਿਆ ਜੀ.ਕੇ.ਯੂ ਦਾ ਕੁਇਜ਼ ਮੁਕਾਬਲਾ





**ਤਲਵੰਡੀ ਸਾਬੋ, 2 ਅਪ੍ਰੈਲ (ਗੁਰਜੰਟ ਸਿੰਘ ਨਥੇਹਾ)**-ਵਿਦਿਆਰਥੀਆਂ ਦੇ ਸਰਵ-ਪੱਖੀ ਵਿਕਾਸ ਲਈ ਗੁਰੂ ਕਾਸ਼ੀ ਯੂਨੀਵਰਸਿਟੀ ਦੇ ਡਾਇਰੈਕਟਰ ਮੀਡੀਆ ਪਲਾਨਿੰਗ ਵੱਲੋਂ ਇੰਟਰ-ਫੈਕਲਟੀ ਸੁਆਲ-ਜੁਆਬ ਮੁਕਾਬਲਾ ਕਰਵਾਇਆ ਗਿਆ। ਜਿਸ ਵਿੱਚ ਐੱਸ.ਡੀ.ਐੱਮ ਤਲਵੰਡੀ ਸਾਬੋ ਰਾਜੇਸ਼ ਸ਼ਰਮਾ (ਪੀ.ਸੀ.ਐੱਸ.) ਬਤੌਰ ਮੁੱਖ ਮਹਿਮਾਨ ਹਾਜ਼ਰ ਹੋਏ ਜਦ ਕਿ ਵਾਈਸ ਚਾਂਸਲਰ ਪ੍ਰੋ. (ਡਾ.) ਜਗਤਾਰ ਧੀਮਾਨ, ਡੀਨ ਅਕਾਦਮਿਕ ਡਾ. ਜਾਵੇਦ ਅਹਿਮਦ ਖਾਨ, ਡਾਇਰੈਕਟਰ ਐਕਸਟੈਂਸ਼ਨ ਡਾ. ਜਗਦੀਸ਼ ਗਰੋਵਰ ਵਿਸ਼ੇਸ਼ ਤੌਰ ਤੇ ਸ਼ਿਰਕਤ ਕੀਤੀ। ਇਸ ਮੌਕੇ ਵੱਖ-ਵੱਖ ਵਿਭਾਗਾਂ ਦੇ ਡੀਨ, ਫੈਕਲਟੀ ਮੈਂਬਰ ਅਤੇ ਲਗਭਗ 300 ਵਿਦਿਆਰਥੀਆਂ ਹਾਜ਼ਰ ਸਨ। ਇਨਾਮ ਵੰਡ ਸਮਾਰੋਹ ਵਿੱਚ ਮੁੱਖ ਮਹਿਮਾਨ ਐੱਸ.ਡੀ.ਐੱਮ ਤਲਵੰਡੀ ਸਾਬੋ ਨੇ ਆਯੋਜਕਾਂ ਦੇ ਉਪਰਾਲੇ ਦੀ ਸ਼ਲਾਘਾ ਕਰਦੇ ਹੋਏ ਕਿਹਾ ਕਿ ਪ੍ਰਤੀਯੋਗਿਤਾ ਦੇ ਇਸ ਯੁੱਗ ਵਿੱਚ ਆਲੇ-ਦੁਆਲ਼ੇ ਅਤੇ ਚਲੰਤ ਮਾਮਲਿਆਂ ਸੰਬੰਧੀ ਵਿਦਿਆਰਥੀਆਂ ਨੂੰ ਜਾਣੂ ਹੋਣਾ ਜ਼ਰੂਰੀ ਹੈ। ਅਜਿਹੇ ਉਪਰਾਲੇ ਵਿਦਿਆਰਥੀਆਂ ਦੇ ਗਿਆਨ ਵਿੱਚ ਵਾਧਾ ਕਰਦੇ ਹਨ ਅਤੇ ਉਹਨਾਂ ਦੇ ਵਿਅਕਤੀਗਤ ਵਿਕਾਸ ਵਿੱਚ ਸਹਾਈ ਹੁੰਦੇ ਹਨ। ਉਹਨਾਂ ਜੇਤੂ ਖਿਡਾਰੀਆਂ ਨੂੰ ਵਧਾਈ ਦਿੱਤੀ ਤੇ ਆਪਣੇ ਟੀਚੇ ਹੋਰ ਉੱਚੇ ਕਰਨ ਲਈ ਪ੍ਰੇਰਿਤ ਕੀਤਾ। ਵਾਈਸ ਚਾਂਸਲਰ ਡਾ. ਧੀਮਾਨ ਨੇ ਕਿਹਾ ਕਿ ਅਜਿਹੇ ਮੁਕਾਬਲੇ ਵਿਦਿਆਰਥੀਆਂ ਦੇ ਸਰਵ-ਪੱਖੀ ਵਿਕਾਸ ਵਿੱਚ ਸਹਾਈ ਹੁੰਦੇ ਹਨ ਤੇ ਵਿਦਿਆਰਥੀਆਂ ਦੀ ਸ਼ਖ਼ਸੀਅਤ ਨੂੰ ਨਿਖਾਰਦੇ ਹਨ। ਉਹਨਾਂ ਵਿਦਿਆਰਥੀਆਂ ਨੂੰ ਸਿਲੇਬਸ ਦੀਆਂ ਕਿਤਾਬਾਂ ਦੇ ਨਾਲ-ਨਾਲ ਚਲੰਤ ਮਾਮਲਿਆਂ ਸੰਬੰਧੀ ਰਸਾਲੇ ਅਤੇ ਅਖ਼ਬਾਰਾਂ ਪੜ੍ਹਨ ਲਈ ਕਿਹਾ। ਉਹਨਾਂ ਕਿਹਾ ਕਿ ਵਰਸਿਟੀ ਲੋਕ ਸੇਵਾ ਕਮਿਸ਼ਨ ਵੱਲੋਂ ਕਰਵਾਈਆਂ ਜਾਂਦੀਆਂ ਪ੍ਰਤੀਯੋਗੀ ਪ੍ਰੀਖਿਆਵਾਂ ਦੀ ਤਿਆਰੀ ਲਈ ਵਿਦਿਆਰਥੀਆਂ ਨੂੰ ਕੋਚਿੰਗ ਅਤੇ ਮਾਰਗ ਦਰਸ਼ਨ ਮੁਹੱਈਆ ਕਰਵਾ ਰਹੀ ਹੈ। ਕੁਇਜ਼ ਮੁਕਾਬਲੇ ਦੇ ਨਤੀਜਿਆਂ ਬਾਰੇ ਦਸੱਦਿਆਂ ਡਾਇਰੈਕਟਰ ਮੀਡੀਆ ਪਲਾਨਿੰਗ ਰਾਜੀਵ ਅਰੋੜਾ ਨੇ ਦੱਸਿਆ ਕਿ ਇਹ ਮੁਕਾਬਲਾ ਦੋ ਪੜਾਵਾਂ ਵਿੱਚ ਕਰਵਾਇਆ ਗਿਆ। ਪਹਿਲੇ ਪੜਾਅ ਦੇ ਲਿਖਤ ਮੁਕਾਬਲੇ ਵਿੱਚ ਵਰਸਿਟੀ ਦੀਆਂ 13 ਫੈਕਲਟੀਆਂ ਦੇ 28 ਵਿਦਿਆਰਥੀਆਂ ਨੇ ਹਿੱਸਾ ਲਿਆ। ਜਿਨ੍ਹਾਂ ਵਿੱਚ 10 ਵਿਦਿਆਰਥੀ ਦੂਜੇ ਪੜਾਅ ਲਈ ਚੁਣੇ ਗਏ। 5 ਟੀਮਾਂ ਦੇ ਸਖ਼ਤ ਮੁਕਾਬਲੇ ਵਿੱਚ ਡਿਪਾਰਟਮੈਂਟ ਆਫ਼ ਆਰਟਸ ਐਂਡ ਹਿਊਮੈਨਟੀਜ਼ ਦੇ ਵਿਦਿਆਰਥੀਆਂ ਸੰਦੀਪ ਕੌਰ ਅਤੇ ਅਸ਼ਵਨੀ ਕੁਮਾਰ ਨੇ ਪਹਿਲਾਂ ਸਥਾਨ ਹਾਸਿਲ ਕੀਤਾ। ਜਦ ਕਿ ਡਿਪਾਰਟਮੈਂਟ ਆਫ਼ ਸਾਇੰਸਜ਼ ਦੇ ਵਿਦਿਆਰਥੀ ਸਾਹਿਲ ਸ਼ੁਕਲਾ ਅਤੇ ਹਰਸ਼ਰਨ ਦੀ ਟੀਮ ਨੇ ਰਨਰ-ਅੱਪ ਟਰਾਫ਼ੀ ਜਿੱਤੀ। ਆਯੋਜਕਾਂ ਵੱਲੋਂ ਮੁੱਖ ਮਹਿਮਾਨ ਨੂੰ ਸਨਮਾਨ ਚਿੰਨ੍ਹ ਅਤੇ ਜੇਤੂਆਂ ਨੂੰ ਟਰਾਫ਼ੀਆਂ ਨਾਲ ਸਨਮਾਨਿਤ ਕੀਤਾ ਗਿਆ। ਮੰਚ ਸੰਚਾਲਨ ਦੀ ਭੂਮਿਕਾ ਲਵਲੀਨ ਸੱਚਦੇਵਾ ਅਤੇ ਟਾਈਮ ਕੀਪਰ ਦੀ ਜ਼ਿੰਮੇਵਾਰੀ ਪਰਮਜੀਤ ਕੌਰ ਨੇ ਨਿਭਾਈ। ਮਨਪ੍ਰੀਤ ਕੌਰ ਦਾ ਸਮੂਹ ਪ੍ਰਬੰਧਨ ਸ਼ਲਾਘਾਯੋਗ ਰਿਹਾ।

# ਧੰਨ ਧੰਨ ਬਾਬਾ ਦੀਪ ਸਿੰਘ ਜੀ ਐਜੂਕੇਸ਼ਨਲ ਸੋਸਾਇਟੀ ਦੇ ਸੀਨੀਅਰ ਸੇਵਾਦਾਰ ਤਰਸੇਮ ਸਿੰਘ ਹੋਏ ਸੇਵਾ ਮੁਕਤ

### ਸੁਸਾਇਟੀ ਦੇ ਪ੍ਰਧਾਨ ਕਮਲਪ੍ਰੀਤ ਸਿੰਘ ਤੇ ਸੇਵਾਦਾਰਾਂ ਵੱਲੋਂ ਬਾਬਾ ਦੀਪ ਸਿੰਘ ਜੀ ਦੀ ਤਸਵੀਰ ਭੇਟ ਕਰਕੇ ਤੇ ਸਿਰੋਪਾਓ ਪਾ ਕਿ ਕੀਤਾ ਸਨਮਾਨਿਤ



**ਜੰਡਿਆਲਾ ਗੁਰੂ 2 ਅਪ੍ਰੈਲ ( ਕੁਲਵੰਤ ਸਿੰਘ ਵਿਰਦੀ )**-ਸੀਨੀਅਰ ਸੇਵਾਦਾਰ ਤਰਸੇਮ ਸਿੰਘ ਛੇਹਰਟਾ, ਜੋ ਕਿ ਰਣਜੀਤ ਐਵੀਨਿਊ, ਸ੍ਰੀ ਅੰਮ੍ਰਿਤਸਰ ਸਾਹਿਬ ਵਿਖੇ ਧੰਨ ਧੰਨ ਬਾਬਾ ਦੀਪ ਸਿੰਘ ਜੀ ਐਜੂਕੇਸ਼ਨਲ ਸੋਸਾਇਟੀ (ਰਜਿ:) ਵਿਖੇ ਲਗਭਗ 19 ਸਾਲਾਂ ਤੋਂ ਹਲੂਣਾ ਸਿੱਖੀ ਪ੍ਰਚਾਰ ਬੋਰਡ ਵਜੋਂ ਸੇਵਾ ਨਿਭਾ ਰਹੇ ਹਨ, ਸੁਸਾਇਟੀ ਦੇ ਸਰਪ੍ਰਸਤ ਕਮਲਪ੍ਰੀਤ ਸਿੰਘ ਅਤੇ ਸਮੂਹ ਮੈਂਬਰਾ ਦੁਆਰਾ ਰਿਟਾਇਰਮੈਂਟ ਨੂੰ ਲੈ ਕੇ ਵਿਦਾਇਗੀ ਸਮਾਰੋਹ ਕੀਤਾ ਗਿਆ । ਸਮਾਰੋਹ ਵਿੱਚ ਮੈਡਮ ਨਵਪ੍ਰੀਤ ਕੌਰ ਨੇ ਸੇਵਾਦਾਰ ਤਰਸੇਮ ਸਿੰਘ ਦੀ ਸੁਸਾਇਟੀ ਪ੍ਰਤੀ 19 ਸਾਲਾਂ ਦੀ ਨਿਰੰਤਰ ਸੇਵਾ ਦਾ ਜ਼ਿਕਰ ਕਰਦੇ ਹੋਏ ਆਪਣੀ ਸਭਾ ਪੇਸ਼ ਕੀਤੀ। ਉਨ੍ਹਾਂ ਨੇ ਸਨਮਾਨ ਪੱਤਰ ਤੋਂ ਉਨ੍ਹਾਂ ਦੇ ਜੀਵਨ ਦੇ ਕਾਰਜਾਂ ਦਾ ਵਿਸਤ੍ਰਿਤ ਬਿਰਤਾਂਤ ਵੀ ਪੜ੍ਹਿਆ ।ਇਸ ਮੌਕੇ ਸੁਸਾਇਟੀ ਦੇ ਕਨਵੀਨਰ ਕਮਲਪ੍ਰੀਤ ਸਿੰਘ ਨੇ ਮੀਟਿੰਗ ਵਿੱਚ ਸੰਬੋਧਨ ਕੀਤਾ ਕਿ ਅੱਜ ਸੇਵਾਦਾਰ ਤਰਸੇਮ ਸਿੰਘ ਨੂੰ ਸੁਸਾਇਟੀ ਨਾਲ ਆਪਣੀਆਂ ਡਿਊਟੀਆਂ ਤੋਂ ਸੇਵਾਮੁਕਤ ਹੋ ਕੇ ਵਿਦਾਇਗੀ ਦਿੱਤੀ ਜਾ ਰਹੀ ਹੈ। ਉਨ੍ਹਾਂ ਕਿਹਾ ਕਿ ਸੇਵਾਦਾਰ ਤਰਸੇਮ ਸਿੰਘ ਨੇ ਲਗਾਤਾਰ 19 ਸਾਲਾਂ ਤੱਕ ਪੂਰੀ ਇਮਾਨਦਾਰੀ ਅਤੇ ਲਗਨ ਨਾਲ ਸੋਸਾਇਟੀ ਦੀ ਸੇਵਾ ਡਿਊਟੀ ਕੀਤੀ ਹੈ। ਉਨ੍ਹਾਂ ਨੂੰ ਉਨ੍ਹਾਂ ਵਿਰੁੱਧ ਕੋਈ ਸ਼ਿਕਾਇਤ ਨਹੀਂ ਮਿਲੀ, ਉਹ ਹਮੇਸ਼ਾ ਹਰੇਕ ਨੂੰ ਵਧੀਆ ਸੁਭਾਅ ਨਾਲ ਮਿਲਦੇ ਰਹੇ । ਉਨ੍ਹਾਂ ਦਾ ਹਰ ਜਗ੍ਹਾ ਸਤਿਕਾਰ ਕੀਤਾ ਜਾਂਦਾ ਸੀ, ਅਤੇ ਅੱਜ ਵੀ, ਭਾਈਚਾਰਾ ਅਤੇ ਪੂਰਾ ਸਟਾਫ਼ ਉਹਨਾਂ ਦਾ ਸਤਿਕਾਰ ਕਰਦਾ ਹੈ। ਜਦੋਂ ਕਿ ਸੇਵਾਦਾਰ ਤਰਸੇਮ ਸਿੰਘ ਨੂੰ ਸੁਸਾਇਟੀ ਵੱਲੋਂ ਸਨਮਾਨਿਤ ਕੀਤਾ ਗਿਆ, ਉੱਥੇ ਸਟਾਫ਼ ਨੇ ਉਨ੍ਹਾਂ ਨੂੰ ਬਾਬਾ ਦੀਪ ਸਿੰਘ ਜੀ ਦੀ ਫੋਟੋ ਅਤੇ ਸਿਰੋਪਾਓ ਭੇਟ ਕਰਕੇ ਸਨਮਾਨਿਤ ਵੀ ਕੀਤਾ। ਇਸ ਮੌਕੇ ਮੈਂਬਰ ਜਗਪ੍ਰੀਤ ਸਿੰਘ, ਗੁਰਸਿਮਾ ਕੌਰ, ਨਵਪ੍ਰੀਤ ਕੌਰ, ਤਰੁਣਪ੍ਰੀਤ, ਰਜਨੀ ਨੰਦਾ, ਚਰਨਜੀਤ, ਸੁਖਦੀਪ ਤਰੁਣ, ਰੁਪਿੰਦਰ ਅਤੇ ਫੀਲਡ ਸੇਵਾਦਾਰ ਪ੍ਰਗਟ ਸਿੰਘ, ਪ੍ਰਗਟ ਸਿੰਘ ਅਜਨਾਲਾ, ਰਣਜੀਤ ਸਿੰਘ, ਅਮਿਤੇਸ਼ਵਰ ਸਿੰਘ, ਮੰਗਲ ਸਿੰਘ ਅਤੇ ਗੁਰਪ੍ਰੀਤ ਮੌਜੂਦ ਸਨ। ਸਿੰਘ, ਸੰਦੀਪ ਸਿੰਘ, ਗੁਰਲਾਲ ਸਿੰਘ, ਗੁਰਮੀਤ ਸਿੰਘ ਹੈਪੀ, ਜਗਜੀਤ ਸਿੰਘ ਖਾਲਸਾ ਮੌਜੂਦ ਸਨ।

# ਅਸੀਂ ਸੋਚਦੇ ਹਾਂ ਜਾਂ ਸਾਡੇ ਲਈ ਸੋਚਿਆ ਜਾ ਰਿਹਾ ਹੈ ?

ਗੁਰਬਾਣੀ ਵਿੱਚ ਇੱਕ ਬੜੀ ਅਰਥ ਭਰਪੂਰ ਪੰਕਤੀ ਹੈ:

**'ਮਨ ਤੂੰ ਜੋਤਿ ਸਰੂਪੁ ਹੈ ਆਪਣਾ ਮੂਲੁ ਪਛਾਣੁ॥'** (ਅੰਗ 441)

ਜ਼ਰਾ ਸੋਚੋ -ਗੁਰੂ ਸਾਹਿਬ ਕਹਿ ਰਹੇ ਹਨ ਕਿ ਹੇ ਮਨ, ਤੂੰ ਖੁਦ ਇੱਕ ਰੌਸ਼ਨੀ ਹੈਂ। ਤੇਰੇ ਅੰਦਰ ਉਹ ਜੋਤ ਹੈ, ਜੋ ਸੱਚ ਨੂੰ ਪਛਾਣ ਸਕਦੀ ਹੈ, ਝੂਠ ਨੂੰ ਪਰਖ ਸਕਦੀ ਹੈ। ਪਰ ਅੱਜ ਦੇ ਸਮੇਂ ਵਿੱਚ ਜੇ ਆਪਣੇ ਆਪ ਨੂੰ ਈਮਾਨਦਾਰੀ ਨਾਲ ਪੁੱਛੀਏ -ਕੀ ਸੱਚਮੁੱਚ ਅਸੀਂ ਆਪਣੀ ਇਸ ਜੋਤ ਨੂੰ ਜਗਾਈ ਬੈਠੇ ਹਾਂ? ਜਾਂ ਫਿਰ ਕੋਈ ਹੋਰ ਸਾਡੇ ਦੀਵੇ ਨੂੰ ਆਪਣੀ ਹਵਾ ਨਾਲ ਜਿੱਧਰ ਚਾਹੇ ਝੁਕਾ ਰਿਹਾ ਹੈ?

ਇਹ ਸਵਾਲ ਸ਼ਾਇਦ ਥੋੜਾ ਔਖਾ ਲੱਗੇ, ਪਰ ਆਓ, ਅੱਜ ਦਿਲ ਖੋਲ੍ਹ ਕੇ ਇਸ ਬਾਰੇ ਗੱਲ ਕਰੀਏ।




ਸੋਚ -ਸਾਡੀ ਜਾਂ ਉਧਾਰੀ?

ਕਦੇ ਤੁਸੀਂ ਧਿਆਨ ਦਿੱਤਾ ਕਿ ਸਵੇਰੇ ਉੱਠ ਕੇ ਸਭ ਤੋਂ ਪਹਿਲਾਂ ਤੁਸੀਂ ਕੀ ਕਰਦੇ ਹੋ? ਮੋਬਾਈਲ ਚੁੱਕਦੇ ਹੋ। ਨੋਟੀਫਿਕੇਸ਼ਨ ਚੈੱਕ ਕਰਦੇ ਹੋ। ਅਤੇ ਫਿਰ ਸ਼ੁਰੂ ਹੋ ਜਾਂਦਾ ਹੈ ਇੱਕ ਸਿਲਸਿਲਾ -ਵੀਡੀਓਜ਼, ਰੀਲਾਂ, ਖਬਰਾਂ, ਕਮੈਂਟਸ। ਅਸੀਂ ਆਪਣੇ ਦਿਮਾਗ ਨੂੰ ਕਿਸੇ ਹੋਰ ਦੀਆਂ ਗੱਲਾਂ ਨਾਲ ਭਰ ਲੈਂਦੇ ਹਾਂ, ਇਸ ਤੋਂ ਪਹਿਲਾਂ ਕਿ ਖੁਦ ਕੁਝ ਸੋਚੀਏ।

ਜ਼ਰਾ ਪਿੱਛੇ ਜਾਓ -ਸਾਡੇ ਦਾਦਕਿਆਂ ਦੇ ਜ਼ਮਾਨੇ ਵਿੱਚ ਲੋਕਾਂ ਕੋਲ ਸੋਚਣ ਦਾ ਵਕਤ ਹੁੰਦਾ ਸੀ। ਖੇਤਾਂ ਵਿੱਚ ਕੰਮ ਕਰਦਿਆਂ, ਬੋਹੜ ਹੇਠਾਂ ਬੈਠਿਆਂ, ਰਾਤ ਨੂੰ ਤਾਰਿਆਂ ਵੱਲ ਤੱਕਦਿਆਂ -ਉਹ ਜ਼ਿੰਦਗੀ ਬਾਰੇ ਸੋਚਦੇ ਸਨ। ਆਪਣੀਆਂ ਗੱਲਾਂ, ਆਪਣੇ ਫੈਸਲੇ, ਆਪਣੀ ਸਮਝ।

ਅੱਜ? ਅਸੀਂ ਇੱਕ ਮਿੰਟ ਵੀ ਚੁੱਪ ਨਹੀਂ ਬੈਠ ਸਕਦੇ। ਕੋਈ ਨਾ ਕੋਈ ਆਵਾਜ਼ ਚਾਹੀਦੀ ਹੈ -ਟੀਵੀ ਦੀ, ਯੂ-ਟਿਊਬ ਦੀ, ਕਿਸੇ ਪੌਡਕਾਸਟ ਦੀ। ਅਸੀਂ ਖਾਮੋਸ਼ੀ ਤੋਂ ਡਰਨ ਲੱਗ ਪਏ ਹਾਂ, ਕਿਉਂਕਿ ਖਾਮੋਸ਼ੀ ਵਿੱਚ ਆਪਣੀ ਅਸਲ ਸੋਚ ਨਾਲ ਸਾਹਮਣਾ ਹੁੰਦਾ ਹੈ।

ਆਵਾਜ਼ਿ ਕੌਮ AWAZE QAUM International Newspaper & WEB TV

ਐਲਗੋਰਿਦਮ ਦਾ ਜਾਲ

ਤੁਸੀਂ ਕਦੇ ਸੋਚਿਆ ਕਿ ਫ਼ੋਨ ਤੁਹਾਨੂੰ ਉਹੀ ਵਿਡੀਓ ਕਿਉਂ ਦਿਖਾਉਂਦਾ ਹੈ ਜੋ ਤੁਸੀਂ ਪਹਿਲਾਂ ਦੇਖਣਾ ਪਸੰਦ ਕੀਤੀ ਸੀ? ਇਹ ਐਲਗੋਰਿਦਮ ਹੈ -ਇੱਕ ਅਜਿਹੀ ਚਲਾਕ ਮਸ਼ੀਨ ਜੋ ਤੁਹਾਡੀ ਪਸੰਦ ਸਿੱਖ ਲੈਂਦੀ ਹੈ ਅਤੇ ਫਿਰ ਤੁਹਾਨੂੰ ਉਸੇ ਵਿੱਚ ਉਲਝਾ ਕੇ ਰੱਖਦੀ ਹੈ।

ਇੱਕ ਸਧਾਰਣ ਮਿਸਾਲ ਲਓ। ਇੱਕ ਬੰਦਾ ਇੱਕ ਵਾਰ ਗੁੱਸੇ ਵਾਲੀ ਖਬਰ ਦੇਖਦਾ ਹੈ -ਸ਼ਾਇਦ ਕੋਈ ਧਾਰਮਿਕ ਮੁੱਦੇ ਦੀ। ਐਲਗੋਰਿਦਮ ਸਮਝ ਜਾਂਦਾ ਹੈ ਕਿ ਇਸ ਬੰਦੇ ਨੂੰ ਇਹ ਚੀਜ਼ ਰੋਕਦੀ ਹੈ। ਬੱਸ, ਫਿਰ ਕੀ, ਹੁਣ ਉਸਦੀ ਸਕ੍ਰੀਨ ਉੱਤੇ ਉਹੀ ਗੁੱਸੇ ਵਾਲੀਆਂ ਖਬਰਾਂ ਆਉਂਦੀਆਂ ਰਹਿਣਗੀਆਂ। ਉਸਦਾ ਗੁੱਸਾ ਵਧਦਾ ਜਾਵੇਗਾ। ਉਹ ਸੋਚੇਗਾ ਕਿ ਸਾਰੀ ਦੁਨੀਆ ਵਿੱਚ ਇਹੀ ਹੋ ਰਿਹਾ ਹੈ।

ਪਰ ਅਸਲ ਵਿੱਚ ਉਸਨੂੰ ਸਿਰਫ਼ ਉਹੀ ਦਿਖਾਇਆ ਜਾ ਰਿਹਾ ਹੈ, ਜੋ ਉਸਨੂੰ ਸਕ੍ਰੀਨ ਨਾਲ ਚਿਪਕਾਈ ਰੱਖੇ। ਉਸਦੀ ਸੋਚ ਹੁਣ ਉਸਦੀ ਨਹੀਂ ਰਹੀ -ਉਹ ਤਾਂ ਇੱਕ ਸਿਸਟਮ ਦੀ ਪੈਦਾ ਕੀਤੀ ਹੋਈ ਹੈ।

ਰਾਏ ਬਣਾਉਣੀ ਜਾਂ ਚੁੱਕਣੀ?

ਅੱਜ ਅਸੀਂ ਬਹੁਤ ਛੇਤੀ ਕਿਸੇ ਬਾਰੇ ਰਾਏ ਬਣਾ ਲੈਂਦੇ ਹਾਂ। ਕਿਸੇ ਨੇ ਇੱਕ ਟਵੀਟ ਕੀਤੀ, ਕਿਸੇ ਨੇ ਇੱਕ ਰੀਲ ਬਣਾਈ -ਬੱਸ, ਅਸੀਂ ਫੈਸਲਾ ਕਰ ਲਿਆ ਕਿ ਇਹ ਬੰਦਾ ਚੰਗਾ ਹੈ ਜਾਂ ਮਾੜਾ। ਪਰ ਕੀ ਕਦੇ ਸੋਚਿਆ ਕਿ ਇਹ ਰਾਏ ਅਸੀਂ ਖੁਦ ਬਣਾਈ ਜਾਂ ਸਾਨੂੰ ਕਿਸੇ ਨੇ ਥਮਾ ਦਿੱਤੀ?

ਮੈਨੂੰ ਯਾਦ ਹੈ ਇੱਕ ਵਾਰ ਇੱਕ ਨੌਜਵਾਨ ਨੇ ਮੈਨੂੰ ਕਿਹਾ, 'ਫਲਾਣਾ ਲੀਡਰ ਬਹੁਤ ਮਾੜਾ ਹੈ।' ਮੈਂ ਪੁੱਛਿਆ, 'ਕਿਉਂ?' ਉਸਨੇ ਕਿਹਾ, 'ਸਾਰੇ ਇਹੀ ਕਹਿੰਦੇ ਨੇ।' ਮੈਂ ਫਿਰ ਪੁੱਛਿਆ, 'ਪਰ ਤੂੰ ਆਪ ਕੀ ਸੋਚਦੈਂ?' ਉਹ ਚੁੱਪ ਹੋ ਗਿਆ।

ਇਹ ਹੀ ਮੁੱਦਾ ਹੈ। ਅਸੀਂ 'ਸਾਰੇ' ਦੀ ਰਾਏ ਚੁੱਕ ਲੈਂਦੇ ਹਾਂ ਅਤੇ ਆਪਣੀ ਸਮਝ ਲੈਂਦੇ ਹਾਂ। ਪਰ 'ਸਾਰੇ' ਕੌਣ ਨੇ? ਕੁਝ ਸੌ ਅਕਾਊਂਟਸ ਜੋ ਸੋਸ਼ਲ ਮੀਡੀਆ ਉੱਤੇ ਰੌਲਾ ਪਾਉਂਦੇ ਨੇ? ਕੀ ਅਸੀਂ ਆਪਣੀ ਸੋਚ ਨੂੰ ਇੰਨੇ ਸਸਤੇ ਵਿੱਚ ਵੇਚ ਦਿੱਤਾ?

ਸੱਚ ਦੀ ਖੋਜ ਅਤੇ ਸਾਡੀ ਸੁਸਤੀ

ਸੱਚ ਦੀ ਖੋਜ ਕਰਨੀ ਔਖੀ ਹੈ। ਇਸ ਵਿੱਚ ਸਮਾਂ ਲੱਗਦਾ ਹੈ, ਮਿਹਨਤ ਲੱਗਦੀ ਹੈ। ਪੜ੍ਹਨਾ ਪੈਂਦਾ ਹੈ, ਸੁਣਨਾ ਪੈਂਦਾ ਹੈ, ਸੋਚਣਾ ਪੈਂਦਾ ਹੈ। ਪਰ ਅੱਜ ਦੀ ਦੁਨੀਆ ਵਿੱਚ ਸਾਨੂੰ ਸਭ ਕੁਝ ਤੁਰੰਤ ਚਾਹੀਦਾ ਹੈ -ਮੈਗੀ ਵਾਂਗ, ਦੋ ਮਿੰਟ ਵਿੱਚ।

ਅਸੀਂ ਚਾਹੁੰਦੇ ਹਾਂ ਕਿ ਕੋਈ ਸਾਨੂੰ ਦੱਸ ਦੇਵੇ ਕਿ ਕੀ ਸਹੀ ਹੈ ਤੇ ਕੀ ਗ਼ਲਤ। ਕੋਈ ਚੈਨਲ, ਕੋਈ ਇਨਫ਼ਲੂਐਂਸਰ, ਕੋਈ ਵਾਇਰਲ ਪੋਸਟ। ਅਸੀਂ ਆਪਣੀ ਸੋਚ ਦੀ ਜ਼ਿੰਮੇਵਾਰੀ ਕਿਸੇ ਹੋਰ ਨੂੰ ਦੇ ਦਿੱਤੀ ਹੈ।

ਇਹ ਸੁਸਤੀ ਸਾਨੂੰ ਖ਼ਤਰਨਾਕ ਥਾਵਾਂ ਤੱਕ ਲੈ ਜਾਂਦੀ ਹੈ। ਜਦੋਂ ਅਸੀਂ ਆਪ ਨਹੀਂ ਸੋਚਦੇ, ਤਾਂ ਕੋਈ ਵੀ ਸਾਨੂੰ ਜਿੱਧਰ ਚਾਹੇ ਮੋੜ ਸਕਦਾ ਹੈ।

ਕੀ ਅਸੀਂ ਬੱਸ ਭੀੜ ਦਾ ਹਿੱਸਾ ਹਾਂ?

ਇੱਕ ਗੱਲ ਹੋਰ। ਅੱਜ-ਕੱਲ੍ਹ ਅਸੀਂ ਭੀੜ ਵਿੱਚ ਰਹਿ ਕੇ ਸੁਰੱਖਿਅਤ ਮਹਿਸੂਸ ਕਰਦੇ ਹਾਂ। ਜੋ ਸਾਰੇ ਕਹਿੰਦੇ ਨੇ, ਅਸੀਂ ਵੀ ਉਹੀ ਕਹਿ ਦਿੰਦੇ ਹਾਂ। ਜੋ ਟ੍ਰੈਂਡ ਚੱਲ ਰਿਹਾ ਹੈ, ਅਸੀਂ ਉਸੇ ਦੇ ਨਾਲ ਤੁਰ ਪੈਂਦੇ ਹਾਂ। ਆਪਣੀ ਵੱਖਰੀ ਆਵਾਜ਼ ਚੁੱਕਣ ਤੋਂ ਡਰਦੇ ਹਾਂ।

ਕਿਉਂ? ਕਿਉਂਕਿ ਵੱਖਰਾ ਸੋਚਣ ਵਾਲੇ ਨੂੰ ਟਰੋਲ ਕੀਤਾ ਜਾਂਦਾ ਹੈ। ਉਸ ਉੱਤੇ ਹਮਲੇ ਹੁੰਦੇ ਨੇ। ਉਸਨੂੰ 'ਅਜੀਬ' ਕਿਹਾ ਜਾਂਦਾ ਹੈ।

ਪਰ ਸੋਚੋ -ਜੇ ਭਗਤ ਸਿੰਘ ਨੇ ਭੀੜ ਨਾਲ ਤੁਰਨਾ ਹੁੰਦਾ, ਤਾਂ ਉਹ ਕਦੇ ਇਨਕਲਾਬ ਦੀ ਗੱਲ ਨਾ ਕਰਦੇ। ਜੇ ਗੁਰੂ ਨਾਨਕ ਸਾਹਿਬ ਨੇ 'ਸਾਰੇ ਜੋ ਕਹਿੰਦੇ ਨੇ' ਮੰਨ ਲੈਣਾ ਹੁੰਦਾ, ਤਾਂ ਉਹ ਕਦੇ 'ਨਾ ਕੋਈ ਹਿੰਦੂ ਨਾ ਕੋਈ ਮੁਸਲਮਾਨ' ਦਾ ਸੱਚ ਨਾ ਬੋਲਦੇ।

ਵੱਖਰੀ ਸੋਚ ਹੀ ਤਾਂ ਬਦਲਾਅ ਲਿਆਉਂਦੀ ਹੈ।

ਆਪਣੀ ਸੋਚ ਨੂੰ ਵਾਪਸ ਲੈਣਾ

ਹੁਣ ਸਵਾਲ ਇਹ ਹੈ ਕਿ ਕੀ ਕਰੀਏ? ਕਿਵੇਂ ਆਪਣੀ ਸੋਚ ਨੂੰ ਵਾਪਸ ਲਈਏ?

ਪਹਿਲੀ ਗੱਲ -ਚੁੱਪ ਨਾਲ ਦੋਸਤੀ ਕਰੋ। ਦਿਨ ਵਿੱਚ ਥੋੜਾ ਸਮਾਂ ਫ਼ੋਨ ਤੋਂ ਦੂਰ ਰਹੋ। ਆਪਣੇ ਨਾਲ ਬੈਠੋ। ਸੋਚੋ -ਮੈਂ ਕੀ ਮੰਨਦਾ/ਮੰਨਦੀ ਹਾਂ? ਮੇਰੀਆਂ ਕਦਰਾਂ-ਕੀਮਤਾਂ ਕੀ ਨੇ?

ਦੂਜੀ ਗੱਲ -ਸਵਾਲ ਕਰੋ। ਜਦੋਂ ਕੋਈ ਖਬਰ ਸੁਣੋ, ਪੁੱਛੋ -ਇਹ ਕੌਣ ਕਹਿ ਰਿਹਾ ਹੈ? ਇਸਦਾ ਫਾਇਦਾ ਕਿਸਨੂੰ ਹੈ? ਕੀ ਦੂਜਾ ਪੱਖ ਵੀ ਹੈ?

ਤੀਜੀ ਗੱਲ -ਕਿਤਾਬਾਂ ਪੜ੍ਹੋ। ਸੋਸ਼ਲ ਮੀਡੀਆ ਦੀ ਬਜਾਏ ਕਿਤਾਬਾਂ ਵਿੱਚ ਸਮਾਂ ਲਗਾਓ। ਕਿਤਾਬਾਂ ਤੁਹਾਨੂੰ ਸੋਚਣ ਲਈ ਮਜਬੂਰ ਕਰਦੀਆਂ ਨੇ, ਜਦੋਂ ਕਿ ਰੀਲਾਂ ਤੁਹਾਨੂੰ ਸਿਰਫ਼ ਸਕ੍ਰੋਲ ਕਰਨ ਲਈ।

ਚੌਥੀ ਗੱਲ -ਅਸਹਿਮਤ ਹੋਣ ਦੀ ਹਿੰਮਤ ਰੱਖੋ। ਜੇ ਤੁਹਾਡਾ ਦਿਲ ਕੁਝ ਹੋਰ ਕਹਿੰਦਾ ਹੈ, ਤਾਂ ਉਸਨੂੰ ਸੁਣੋ। ਭਾਵੇਂ ਸਾਰੀ ਦੁਨੀਆ ਕੁਝ ਹੋਰ ਕਹੇ।

**ਆਖ਼ਰੀ ਗੱਲ**-ਦੋਸਤੋ, ਸਾਡੀ ਸੋਚ ਹੀ ਸਾਡੀ ਅਸਲ ਪਛਾਣ ਹੈ। ਜੇ ਸੋਚ ਕਿਸੇ ਹੋਰ ਦੀ ਹੋ ਗਈ, ਤਾਂ ਅਸੀਂ ਕੌਣ ਰਹੇ? ਬੱਸ ਇੱਕ ਕਠਪੁਤਲੀ, ਜਿਸਦੀਆਂ ਡੋਰਾਂ ਕੋਈ ਹੋਰ ਖਿੱਚ ਰਿਹਾ ਹੈ।

ਗੁਰਬਾਣੀ ਸਾਨੂੰ ਫਿਰ ਚੇਤਾਵਨੀ ਦਿੰਦੀ ਹੈ:

'ਮੂਰਖ ਅੰਧੇ ਤ੍ਰੈ ਗੁਣ ਸੇਵਹਿ ਮਾਇਆ ਕੈ ਬਿਉਹਾਰੀ॥' (ਅੰਗ 1246)

ਯਾਨੀ ਜੋ ਮੂਰਖ ਹੈ, ਉਹ ਮਾਇਆ ਅਤੇ ਦੁਨਿਆਵੀ ਦਿਖਾਵਿਆਂ ਦੇ ਧੰਦੇ ਵਿੱਚ ਅੰਨ੍ਹਾ ਹੋਇਆ ਰਹਿੰਦਾ ਹੈ। ਉਹ ਆਪਣੀ ਅਕਲ ਵਰਤਣ ਦੀ ਬਜਾਏ ਬਾਹਰਲੀਆਂ ਚੀਜ਼ਾਂ ਦੀ ਸੇਵਾ ਵਿੱਚ ਲੱਗਿਆ ਰਹਿੰਦਾ ਹੈ। ਤਾਂ ਅੱਜ ਆਪਣੇ ਆਪ ਨੂੰ ਪੁੱਛੋ -ਕੀ ਮੈਂ ਸੱਚਮੁੱਚ ਸੋਚਦਾ/ਸੋਚਦੀ ਹਾਂ? ਜਾਂ ਮੇਰੇ ਲਈ ਸੋਚਿਆ ਜਾ ਰਿਹਾ ਹੈ?

ਜਵਾਬ ਜੋ ਵੀ ਹੋਵੇ, ਯਾਦ ਰੱਖੋ -ਇਹ ਜੋਤ ਅਜੇ ਬੁਝੀ ਨਹੀਂ। ਜ਼ਰੂਰਤ ਹੈ ਬੱਸ ਇਸਨੂੰ ਹੁਲਾਰਾ ਦੇਣ ਦੀ। ਆਪਣੀ ਸੋਚ ਵਾਪਸ ਲਵੋ। ਇਹ ਤੁਹਾਡਾ ਹੱਕ ਹੈ, ਤੁਹਾਡੀ ਤਾਕਤ ਹੈ। ਕਿਉਂਕਿ ਸੋਚ ਜਿਸਦੀ, ਜ਼ਿੰਦਗੀ ਉਸਦੀ।

**-ਗੁਰਦੇਵ ਸਿੰਘ ਬਠਿੰਡਾ, -ਮੋਬ : 9316949649**

## ਰਜਿੰਦਰ ਸਿੰਘ ਮਰਵਾਹਾ ਦੀ ਪ੍ਰੇਰਨਾ ਸਦਕਾ

# ਉੱਘੇ ਕਾਰੋਬਾਰੀ ਸ਼ੁਭ ਦੁੱਗਲ ਸ਼੍ਰੋਮਣੀ ਅਕਾਲੀ ਦਲ ਵਿੱਚ ਸ਼ਾਮਲ

**ਚੌਕ ਮਹਿਤਾ, 2 ਅਪ੍ਰੈਲ (ਬਾਬਾ ਸੁਖਵੰਤ ਸਿੰਘ ਚੰਨਣਕੇ)**-ਸ਼੍ਰੋਮਣੀ ਅਕਾਲੀ ਦਲ ਦੇ ਵਪਾਰ ਅਤੇ ਟਰੇਡ ਵਿੰਗ ਦੀ ਕੋਰ ਕਮੇਟੀ ਦੇ ਸੂਬਾਈ ਮੀਤ ਪ੍ਰਧਾਨ ਰਜਿੰਦਰ ਸਿੰਘ ਮਰਵਾਹਾ ਦੇ ਸੁਹਿਰਦ ਯਤਨਾਂ ਅਤੇ ਪ੍ਰੇਰਨਾ ਸਦਕਾ ਅੰਮ੍ਰਿਤਸਰ ਦੇ ਉੱਘੇ ਸੋਨਾ ਕਾਰੋਬਾਰੀ ਅਤੇ ਜਿਊਲਰ ਸ਼੍ਰੀ ਸ਼ੁਭ ਦੁੱਗਲ ਅੱਜ ਪਾਰਟੀ ਪ੍ਰਧਾਨ ਸ੍ਰ. ਸੁਖਬੀਰ ਸਿੰਘ ਬਾਦਲ ਦੀ ਹਾਜ਼ਰੀ ਵਿੱਚ ਸ਼੍ਰੋਮਣੀ ਅਕਾਲੀ ਦਲ ਦੇ ਵਪਾਰ ਅਤੇ ਟਰੇਡ ਵਿੰਗ ਵਿੱਚ ਸ਼ਾਮਲ ਹੋ ਗਏ। ਸ੍ਰ. ਸੁਖਬੀਰ ਸਿੰਘ ਬਾਦਲ ਨੇ ਕਿਹਾ ਕਿ ਸ਼੍ਰੀ ਸ਼ੁਭ ਦੁੱਗਲ ਵੱਲੋਂ ਪਾਰਟੀ ਵਿੱਚ ਸ਼ਾਮਲ ਹੋਣਾ ਸ਼੍ਰੋਮਣੀ ਅਕਾਲੀ ਦਲ ਲਈ ਸ਼ੁਭ ਸ਼ਗਨ ਹੈ। ਇਸ ਮੌਕੇ ਪ੍ਰਮੁੱਖ ਅਕਾਲੀ ਵਰਕਰਾਂ ਤੋਂ ਇਲਾਵਾ ਸ੍ਰ. ਬਿਕਰਮ ਸਿੰਘ ਮਜੀਠੀਆ ਵੀ ਸ਼ਾਮਲ ਸਨ ਜਿਨ੍ਹਾਂ ਨੇ ਸ੍ਰ. ਰਜਿੰਦਰ ਸਿੰਘ ਮਰਵਾਹਾ ਦੀਆਂ ਪਾਰਟੀ ਲਈ ਅਣਥੱਕ ਸੇਵਾਵਾਂ ਦੀ ਪ੍ਰਸੰਸਾ ਕੀਤੀ ਅਤੇ ਸ਼੍ਰੀ ਸ਼ੁਭ ਦੁੱਗਲ ਨੂੰ ਸ਼੍ਰੋਮਣੀ ਅਕਾਲੀ ਦਲ ਵਿੱਚ ਸ਼ਾਮਲ ਹੋਣ ਤੇ ਖੁਸ਼ ਆਮਦੀਦ ਕਿਹਾ। ਸ਼੍ਰੀ ਸ਼ੁਭ ਦੁੱਗਲ ਨੇ ਸ਼੍ਰੋਮਣੀ ਅਕਾਲੀ ਦਲ ਨੂੰ ਬੁਲੰਦੀਆਂ ਤੇ ਪਹੁੰਚਾਉਣ ਲਈ ਸਿਰੜ ਨਾਲ ਦਿਨ ਰਾਤ ਇੱਕ ਕਰਨ ਦਾ ਭਰੋਸਾ ਦਿੱਤਾ। ਹਾਜ਼ਰੀਨ ਨੇ ਸ਼੍ਰੀ ਸ਼ੁਭ ਦੁੱਗਲ ਨੂੰ ਸਿਰੋਪਾਓ ਭੇਟ ਕਰਕੇ ਪਾਰਟੀ ਵਿੱਚ ਇਸਤਕਬਾਲ ਕੀਤਾ। ਸ਼ੁਭ ਦੁੱਗਲ ਵੱਲੋਂ ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸ੍ਰ. ਸੁਖਬੀਰ ਸਿੰਘ ਬਾਦਲ, ਸ੍ਰ. ਬਿਕਰਮ ਸਿੰਘ ਮਜੀਠੀਆ, ਸ਼੍ਰੀ ਐਨ.ਕੇ. ਸ਼ਰਮਾ ਅਤੇ ਸ੍ਰ. ਰਜਿੰਦਰ ਸਿੰਘ ਮਰਵਾਹਾ ਦਾ ਭਾਵਪੂਰਤ ਸ਼ਬਦਾਂ ਵਿੱਚ ਸ਼ੁਕਰੀਆ ਅਦਾ ਕੀਤਾ।



ਆਵਾਜ਼ਿ ਕੌਮ AWAZE QAUM International Newspaper & WEB TV

# ਗੁਰਦੁਆਰਾ ਛੱਪੜੀ ਸਾਹਿਬ ਪਿੰਡ ਤੂਤ ਵਿਖੇ ਚੇਤ ਦੀ ਪੂਰਨਮਾਸੀ ਦਾ ਦਿਹਾੜਾ ਬੜੀ ਸ਼ਰਧਾ ਨਾਲ ਮਨਾਇਆ



ਫ਼ਿਰੋਜ਼ਪੁਰ, 02 ਅਪ੍ਰੈਲ (ਮਨੋਹਰ ਲਾਲ) :— ਗੁਰਦੁਆਰਾ ਛੱਪੜੀ ਸਾਹਿਬ ਪਿੰਡ ਤੂਤ ਵਿਖੇ ਚੇਤ ਦੀ ਪੂਰਨਮਾਸੀ ਦਾ ਦਿਹਾੜਾ ਬੜੀ ਸ਼ਰਧਾ ਭਾਵਨਾ ਨਾਲ ਮਨਾਇਆ ਗਿਆ। ਇਸ ਮੌਕੇ ਤੇ ਸਭ ਤੋਂ ਪਹਿਲਾਂ ਸ੍ਰੀ ਆਖੰਡ ਪਾਠ ਸਾਹਿਬ ਜੀ ਦੇ ਭੋਗ ਪਾਏ ਗਏ, ਭੋਗ ਉਪਰੰਤ ਦੀਵਾਨ ਸਜਾਏ ਗਏ, ਜਿਸ ਵਿਚ ਰਾਗੀ, ਢਾਡੀ, ਕਥਾਵਾਚਕ ਜਥਿਆਂ ਨੇ ਆਪਣੀ ਮਧੁਰ ਬਾਣੀ ਨਾਲ ਸੰਗਤਾਂ ਨੂੰ ਗੁਰਇਤਿਹਾਸ ਸੁਣਾ ਕੇ ਨਿਹਾਲ ਕੀਤਾ। ਇਸ ਮੌਕੇ ਤੇ ਗੁਰਦੁਆਰਾ ਛੱਪੜੀ ਸਾਹਿਬ ਪਿੰਡ ਤੂਤ ਦੇ ਮੁੱਖ ਸੇਵਾਦਾਰ ਸ੍ਰੀਮਾਨ ਸੰਤ ਬਾਬਾ ਬੋਹੜ ਸਿੰਘ ਤੂਤਾਂ ਵਾਲਿਆਂ ਨੇ ਕਥਾ ਕਰਦਿਆਂ ਸਭ ਤੋਂ ਪਹਿਲਾਂ ਸਿੱਖ ਕੌਮ ਨੂੰ ਵਿਸਾਖੀ ਜੋ ਆ ਰਹੀ ਹੈ ਉਨ੍ਹਾਂ ਨਾਨਕ ਨਾਮ ਲੇਵਾ ਸੰਗਤਾਂ ਨੂੰ ਬੇਨਤੀ ਕੀਤੀ ਕਿ ਉਹ ਵੱਧ ਤੋਂ ਵੱਧ ਖੰਡੇ ਬਾਟੇ ਕਾ ਅੰਮ੍ਰਿਤ ਛਕ ਕੇ ਕਲਗੀਧਰ ਦਸਮੇਸ਼ ਪਿਤਾ ਜੀ ਦੇ ਪੁੱਤਰ ਧੀਆਂ ਬਣੋ ਅਤੇ ਧੰਨ—ਧੰਨ ਸ੍ਰੀ ਗੁਰੂ ਨਾਨਕ ਦੇਵ ਮਹਾਰਾਜ ਦੇ ਬਚਨਾਂ ਨੂੰ ਮਨ ਕੇ ਸੱਚੀ ਸੁੱਚੀ ਕੀਰਤ ਕਰੀਏ, ਨਾਮ ਜਪੀਏ ਅਤੇ ਵੰਡ ਛਕੀਏ ਤੇ ਪਹਿਰਾ ਦਿਓ ਅਤੇ ਜਾਤ—ਪਾਤ ਤੋਂ ਰਹਿਤ ਹੋ ਕੇ ਚਲੀਏ। ਸ੍ਰੀਮਾਨ ਸੰਤ ਬਾਬਾ ਬੋਹੜ ਸਿੰਘ ਤੂਤਾਂ ਵਾਲਿਆਂ ਨੇ ਪ੍ਰਵਚਨਾਂ ਦੀ ਵਰਖਾ ਕਰਦਿਆਂ ਆਖਿਆ ਕਿ ਇਸ ਭਿਆਨਕ ਕਲਯੁੱਗ ਵਿਚ ਸਿਰਫ ਤੇ ਸਿਰਫ ਸਾਨੂੰ ਨਾਮ ਹੀ ਜਪਾ ਸਕਦਾ ਹੈ, ਭਾਵ ਵੱਧ ਤੋਂ ਵੱਧ ਗੁਰਬਾਣੀ ਦਾ ਪਾਠ ਕਰੋ, ਨਾਮ ਜਪਣ ਨਾਲ ਤੁਹਾਡੇ ਸਾਰੇ ਦੁੱਖ ਦੂਰ ਹੁੰਦੇ ਹਨ। ਸ੍ਰੀਮਾਨ ਸੰਤ ਬਾਬਾ ਬੋਹੜ ਸਿੰਘ ਨੇ ਅੱਗੇ ਕਿਹਾ ਕਿ ਸਾਨੂੰ ਵੱਧ ਤੋਂ ਵੱਧ ਆਪਣੇ ਬਜ਼ੁਰਗਾਂ, ਮਾਈ ਬਾਪ ਦੀ ਸੇਵਾ ਕਰਨੀ ਚਾਹੀਦੀ ਹੈ, ਕਿਉਂਕਿ ਵਡੇਰਿਆਂ ਦਾ ਅਸ਼ੀਰਵਾਦ ਨਾਲ ਹੀ ਤੁਹਾਡੇ ਸਾਰੇ ਦੁੱਖ ਦੂਰ ਹੋ ਜਾਣਗੇ। ਸ੍ਰੀਮਾਨ ਸੰਤ ਬਾਬਾ ਬੋਹੜ ਸਿੰਘ ਤੂਤਾਂ ਵਾਲਿਆਂ ਨੇ ਅੱਗੇ ਕਿਹਾ ਕਿ ਗੁਰਦੁਆਰਾ ਛੱਪੜੀ ਸਾਹਿਬ ਵਿਖੇ ਲੰਗਰ ਹਾਲ ਅਤੇ ਸੰਗਤਾਂ ਲਈ ਰਹਿਣ ਲਈ ਰਿਹਾਇਸ਼ੀ ਕਮਰਿਆਂ ਦੀ ਸੇਵਾ ਜੰਗੀ ਪੱਧਰ ਤੇ ਚੱਲ ਰਹੀ ਹੈ, ਸੰਗਤਾਂ ਨੂੰ ਬੇਨਤੀ ਹੈ ਕਿ ਉਹ ਤਨ, ਮਨ, ਧੰਨ ਨਾਲ ਸੇਵਾ ਕਰਕੇ ਗੁਰੂ ਘਰ ਦੀਆਂ ਖੁਸ਼ੀਆਂ ਪ੍ਰਾਪਤ ਕਰੋ। ਇਸ ਮੌਕੇ ਤੇ ਭਾਈ ਹਰਪਿੰਦਰ ਸਿੰਘ ਗੁਰਦੁਆਰਾ ਛੱਪੜੀ ਸਾਹਿਬ ਨੇ ਸੰਗਤਾਂ ਦੀ ਹੱਥੀਂ ਸੇਵਾ ਕੀਤੀ। ਇਸ ਮੌਕੇ ਤੇ ਗੁਰੂ ਕਾ ਲੰਗਰ ਅਤੁੱਟ ਵਰਤਾਇਆ ਗਿਆ।

ਆਵਾਜ਼ਿ ਕੌਮ AWAZE QAUM International Newspaper & WEB TV

# ਟੀ.ਬੀ.ਐਸ ਇੰਟਰਨੈਸ਼ਨਲ ਸਕੂਲ ਵਿਚ ਨਸ਼ੇ ਸੈਸ਼ਨ ਦੀ ਸ਼ੁਰੂਆਤ ਤੇ ਕਰਵਾਏ ਧਾਰਮਿਕ ਸਮਾਗਮ




ਫ਼ਿਰੋਜ਼ਪੁਰ, 02 ਅਪ੍ਰੈਲ (ਮਨੋਹਰ ਲਾਲ) :— ਮੋਗਾ ਰੋਡ ਤੇ ਸਥਿਤ ਟੀ.ਬੀ.ਐਸ ਇੰਟਰਨੈਸ਼ਨਲ ਸਕੂਲ ਜੋ ਚੇਅਰਮੈਨ ਡਾ: ਹੀਰਾ ਲਾਲ ਸ਼ਰਮਾ, ਵਾਇਸ ਚੇਅਰਮੈਨ ਵਿਭੋਰ ਸ਼ਰਮਾ, ਜਰਨਲ ਸਕੱਤਰ ਸ਼ਿਵਮ ਸ਼ਰਮਾ ਅਤੇ ਮੈਨੇਜਿੰਗ ਡਾਇਰੈਕਟਰ ਦੀਪਾਲੀ ਸ਼ਰਮਾ ਦੀ ਅਗਵਾਈ ਹੇਠ ਚੱਲ ਰਿਹਾ ਹੈ। ਸਕੂਲ ਵਿੱਚ ਨਵਾਂ ਸੈਸ਼ਨ ਸ਼ੁਰੂ ਹੋ ਗਿਆ ਹੈ ਅਤੇ ਨਵੇਂ ਸੈਸ਼ਨ ਦੇ ਸ਼ੁਰੂ ਹੋਣ ਦੇ ਸੰਬੰਧ ਵਿੱਚ ਸਕੂਲ ਵਿੱਚ ਪਾਠ ਦਾ ਉਚਾਰਨ ਕੀਤਾ ਗਿਆ। ਇਸ ਸਮੇਂ ਅਧਿਆਪਕਾਂ ਦੁਆਰਾ ਸਵੇਰ ਦੀ ਪ੍ਰਾਰਥਨਾ ਅਤੇ ਦਿਨ ਦੇ ਵਿਚਾਰਾਂ ਨੂੰ ਸਾਂਝਾ ਕਰਦੇ ਹੋਏ ਬੱਚਿਆਂ ਨੂੰ ਨਵੇਂ ਸੈਸ਼ਨ ਲਈ ਮੁਬਾਰਕਾਂ ਦਿੱਤੀਆਂ ਗਈਆਂ ਅਤੇ ਵਿਦਿਆਰਥੀਆਂ ਦਾ ਪਹਿਲਾ ਦਿਨ ਯਾਦਗਰ ਬਣਾਉਣ ਲਈ ਅਧਿਆਪਕਾਂ ਦੁਆਰਾ ਵਿਸ਼ੇਸ਼ ਗਤੀਵਿਧੀਆਂ ਦਾ ਆਯੋਜਨ ਕੀਤਾ ਗਿਆ, ਜਿਨਾਂ ਦਾ ਉਦੇਸ਼ ਵਿਦਿਆਰਥੀਆਂ ਨੂੰ ਖੇਡ—ਖੇਡ ਵਿੱਚ ਪੜ੍ਹਾਉਣਾ ਅਤੇ ਵੱਖ—ਵੱਖ ਵਿਸ਼ਿਆਂ ਦੇ ਪ੍ਰਤੀ ਰੁਚੀ ਪੈਦਾ ਕਰਨਾ ਸੀ। ਇਸ ਤੋਂ ਇਲਾਵਾ ਖੇਡਾਂ, ਮਿਊਜ਼ਿਕ ਸਿੱਖਣਾ ਜਿਹੀ ਸਰਗਰਮੀਆਂ ਨੂੰ ਵੀ ਸ਼ਾਮਲ ਕੀਤਾ ਗਿਆ, ਬੱਚਿਆਂ ਦੁਆਰਾ ਵੱਡੇ ਉਤਸ਼ਾਹ ਦੇ ਨਾਲ ਭਾਗ ਲਿਆ ਗਿਆ।

ਆਵਾਜ਼ਿ ਕੌਮ AWAZE QAUM International Newspaper & WEB TV

ਸਕੂਲ ਪ੍ਰਿੰਸੀਪਲ ਰੇਖਾ ਪਾਸੀ ਦੁਆਰਾ ਸੈਸ਼ਨ ਦੇ ਆਰੰਭ ਵਿੱਚ ਪੜ੍ਹਾਈ ਵਿੱਚ ਧਿਆਨ ਦੇਣ, ਵਧੀਆ ਪ੍ਰਦਰਸ਼ਨ, ਸਮੇਂ ਤੇ ਆਪਣਾ ਹਰ ਕਾਰਜ ਪੂਰਾ ਕਰਨ ਅਤੇ ਪ੍ਰੀਖਿਆ ਦੇ ਚੰਗੇ ਨਤੀਜੇ ਪ੍ਰਾਪਤ ਕਰਨ ਲਈ ਕਈ ਕਿਸਮਾਂ ਦੀ ਜਾਣਕਾਰੀ ਦਿੱਤੀ ਗਈ। ਉਨ੍ਹਾਂ ਵਿਦਿਆਰਥੀਆਂ ਨੂੰ ਅੱਗੇ ਵਧਦੇ ਰਹਿਣ ਅਤੇ ਮਨ ਲਗਾ ਕੇ ਪੜ੍ਹਨ ਦੀ ਪ੍ਰੇਰਨਾ ਦਿੱਤੀ ਅਤੇ ਪ੍ਰੀਖਿਆ ਦੇ ਚੰਗੇ ਨਤੀਜੇ ਅਤੇ ਜੀਵਨ ਵਿੱਚ ਸਫਲਤਾ ਦੀ ਪ੍ਰਾਪਤੀ ਦੀ ਵਧਾਈ ਦਿੱਤੀ।

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

### ਤਲਵੰਡੀ ਸਾਬੋ ਵਿਖੇ ਖਾਲਸਾ ਸਾਜਨਾ ਦਿਵਸ ਨੂੰ ਲੈ ਕੇ ਤਿਆਰੀਆਂ ਸ਼ੁਰੂ

# 11 ਨੂੰ ਸ਼੍ਰੋਮਣੀ ਅਕਾਲੀ ਦਲ ਬਾਦਲ ਵਲੋਂ ਵਿਸ਼ਾਲ ਰੈਲੀ







ਤਲਵੰਡੀ ਸਾਬੋ, 02 ਅਪ੍ਰੈਲ (ਗੁਰਜੰਟ ਸਿੰਘ ਨਥੇਹਾ)- ਤਖ਼ਤ ਸ੍ਰੀ ਦਮਦਮਾ ਸਾਹਿਬ ਵਿਖੇ ਮਨਾਏ ਜਾਣ ਵਾਲੇ ਖ਼ਾਲਸਾ ਸਾਜਨਾ ਦਿਵਸ ਨੂੰ ਲੈ ਕੇ ਤਿਆਰੀਆਂ ਜ਼ੋਰਾਂ-ਸ਼ੋਰਾਂ ਨਾਲ ਸ਼ੁਰੂ ਹੋ ਗਈਆਂ ਹਨ। ਹਰ ਸਾਲ ਦੀ ਤਰ੍ਹਾਂ ਇਸ ਵਾਰ ਵੀ ਦੇਸ਼-ਵਿਦੇਸ਼ ਤੋਂ ਆਉਣ ਵਾਲੀਆਂ ਸੰਗਤਾਂ ਦੀ ਵੱਡੀ ਗਿਣਤੀ ਨੂੰ ਧਿਆਨ ਵਿੱਚ ਰੱਖਦੇ ਹੋਏ ਪ੍ਰਬੰਧ ਕੀਤੇ ਜਾ ਰਹੇ ਹਨ। ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਗੁਰਦੁਆਰਾ ਸਾਹਿਬ ਦੇ ਆਲੇ-ਦੁਆਲੇ ਸਫਾਈ, ਰੌਸ਼ਨੀ ਅਤੇ ਰਹਾਇਸ਼ੀ ਪ੍ਰਬੰਧਾਂ ਨੂੰ ਸੁਧਾਰਨ ਲਈ ਵਿਸ਼ੇਸ਼ ਟੀਮਾਂ ਤਾਇਨਾਤ ਕੀਤੀਆਂ ਗਈਆਂ ਹਨ। ਤਖ਼ਤ ਸ੍ਰੀ ਦਮਦਮਾ ਸਾਹਿਬ ਦੇ ਜਥੇਦਾਰ ਸਿੰਘ ਸਾਹਿਬ ਭਾਈ ਟੇਕ ਸਿੰਘ ਧਨੌਲਾ ਵਲੋਂ ਪ੍ਰਬੰਧਕਾਂ ਨੂੰ ਕਰਕੇ ਮੀਟਿੰਗਾਂ ਕੀਤੀਆਂ ਜਾ ਚੁੱਕੀਆਂ ਅਤੇ ਸੰਗਤਾਂ ਦੀ ਸਹੂਲਤ ਲਈ ਲੰਗਰ ਦੀ ਵਧੀਆ ਵਿਵਸਥਾ ਅਤੇ ਪਾਣੀ ਦੇ ਪ੍ਰਬੰਧ ਵੀ ਯਕੀਨੀ ਬਣਾਏ ਜਾ ਰਹੇ ਹਨ। ਉੱਧਰ ਨਗਰ ਕੌਂਸਲ ਤਲਵੰਡੀ ਸਾਬੋ ਵੱਲੋਂ ਸ਼ਹਿਰ ਵਿੱਚ ਸਫਾਈ ਮੁਹਿੰਮ ਚਲਾਈ ਜਾ ਰਹੀ ਹੈ। ਨਗਰ ਕੌਂਸਲ ਦੇ ਅਧਿਕਾਰੀ ਦਵਿੰਦਰ ਸ਼ਰਮਾ ਨੇ ਦੱਸਿਆ ਕਿ ਸੜਕਾਂ ਦੀ ਮੁਰੰਮਤ, ਗਲੀ-ਮੁਹੱਲਿਆਂ ਵਿੱਚ ਲਾਈਟਿੰਗ ਅਤੇ ਨਿਕਾਸੀ ਪ੍ਰਬੰਧਾਂ ਨੂੰ ਠੀਕ ਕੀਤਾ ਜਾ ਰਿਹਾ ਹੈ ਤਾਂ ਜੋ ਆਉਣ ਵਾਲੀ ਸੰਗਤ ਨੂੰ ਕਿਸੇ ਵੀ ਤਰ੍ਹਾਂ ਦੀ ਦਿੱਕਤ ਦਾ ਸਾਹਮਣਾ ਨਾ ਕਰਨਾ ਪਵੇ। ਇਸ ਤੋਂ ਇਲਾਵਾ ਜ਼ਿਲ੍ਹਾ ਪ੍ਰਸ਼ਾਸ਼ਨ ਵੱਲੋਂ ਸੁਰੱਖਿਆ ਅਤੇ ਟ੍ਰੈਫਿਕ ਪ੍ਰਬੰਧਾਂ ਲਈ ਖ਼ਾਸ ਯੋਜਨਾ ਤਿਆਰ ਕੀਤੀ ਗਈ ਹੈ। ਪੁਲਿਸ ਬਲ ਦੀ ਵਾਧੂ ਤਾਇਨਾਤੀ, ਪਾਰਕਿੰਗ ਸਥਾਨਾਂ ਦੀ ਵਿਵਸਥਾ ਅਤੇ ਭੀੜ ਨੂੰ ਸੰਭਾਲਣ ਲਈ ਵੱਖ-ਵੱਖ ਡਿਊਟੀਆਂ ਲਗਾਈਆਂ ਜਾ ਰਹੀਆਂ ਹਨ। ਪ੍ਰਸ਼ਾਸ਼ਨਕ ਅਧਿਕਾਰੀਆਂ ਨੇ ਦੱਸਿਆ ਕਿ ਖ਼ਾਲਸਾ ਸਾਜਨਾ ਦਿਵਸ ਨੂੰ ਸ਼ਾਂਤੀਪੂਰਨ ਅਤੇ ਭਾਵਨਾਤਮਕ ਢੰਗ ਨਾਲ ਮਨਾਉਣ ਲਈ ਸਾਰੇ ਵਿਭਾਗ ਮਿਲਜੁਲ ਕੇ ਕੰਮ ਕਰ ਰਹੇ ਹਨ। ਸੰਗਤਾਂ ਨੂੰ ਵੀ ਅਪੀਲ ਕੀਤੀ ਗਈ ਹੈ ਕਿ ਉਹ ਪ੍ਰਬੰਧਾਂ ਵਿੱਚ ਸਹਿਯੋਗ ਦੇਣ ਅਤੇ ਨਿਯਮਾਂ ਦੀ ਪਾਲਣਾ ਕਰਨ। ਦੂਜੇ ਪਾਸੇ ਪਿੰਡਾਂ ਦੀਆਂ ਸੰਗਤਾਂ ਵੱਲੋਂ ਵੱਖ-ਵੱਖ ਪਕਵਾਨਾਂ ਦੇ ਲੰਗਰਾਂ ਦੀ ਜਗ੍ਹਾ ਦਾ ਪ੍ਰਬੰਧ ਅਤੇ ਸਫਾਈ ਅਭਿਆਨ ਸ਼ੁਰੂ ਹੋ ਚੁੱਕਿਆ ਹੈ। ਉਧਰ ਸ਼੍ਰੋਮਣੀ ਅਕਾਲੀ ਦਲ ਬਾਦਲ ਵਲੋਂ ਖ਼ਾਲਸਾ ਸਾਜਨਾ ਦਿਵਸ ਤੋਂ ਪਹਿਲਾਂ ਭਾਵ ਕਿ 11 ਅਪ੍ਰੈਲ ਨੂੰ ਵਿਸ਼ਾਲ ਰੈਲੀ ਕੀਤੀ ਜਾ ਰਹੀ ਹੈ ਜਿਸ ਤਹਿਤ ਵਿਚ ਪੂਰੇ ਬਲਾਕ ਦੇ ਪਿੰਡਾਂ ਵਿਚੋਂ ਵੱਡੀ ਗਿਣਤੀ ਵਿੱਚ ਆਗੂ, ਵਰਕਰ ਪਹੁੰਚਣ ਦੀ ਉਮੀਦ ਹੈ। ਉਮੀਦ ਕੀਤੀ ਜਾ ਰਹੀ ਹੈ ਕਿ ਇਸ ਵਾਰ ਵੀ ਤਖ਼ਤ ਸ੍ਰੀ ਦਮਦਮਾ ਸਾਹਿਬ ਵਿਖੇ ਖ਼ਾਲਸਾ ਸਾਜਨਾ ਦਿਵਸ ਬੜੀ ਸ਼ਰਧਾ ਅਤੇ ਉਤਸ਼ਾਹ ਨਾਲ ਮਨਾਇਆ ਜਾਵੇਗਾ।



ਆਵਾਜ਼ਿ ਕੌਮ AWAZE QAUM International Newspaper & WEB TV

# ਸਿੱਖ ਆਗੂ ਸ਼ਹੀਦ ਸੰਦੀਪ ਸਿੰਘ ਦੀਪ ਸਿੱਧੂ ਦੇ ਜਨਮ ਦਿਨ ਮੌਕੇ ਤਖਤ ਸ੍ਰੀ ਦਮਦਮਾ ਸਾਹਿਬ ਵਿਖੇ ਕਰਵਾਈ ਅਰਦਾਸ






**ਤਲਵੰਡੀ ਸਾਬੋ, 2 ਅਪ੍ਰੈਲ (ਗੁਰਜੰਟ ਸਿੰਘ ਨਥੇਹਾ)**- ਸਿੱਖ ਹਿਤਾਂ ਦੀ ਲੜਾਈ ਲੜਨ ਵਾਲੇ ਕੌਮੀ ਯੋਧੇ ਸ਼ਹੀਦ ਭਾਈ ਸੰਦੀਪ ਸਿੰਘ 'ਦੀਪ ਸਿੱਧੂ' ਦੇ ਜਨਮ ਦਿਨ ਮੌਕੇ ਅੱਜ ਅਕਾਲੀ ਦਲ 'ਵਾਰਿਸ ਪੰਜਾਬ ਦੇ' ਦੀ ਪੂਰੀ ਟੀਮ ਵੱਲੋਂ ਸ਼ਰਧਾ ਅਤੇ ਸਤਿਕਾਰ ਤਹਿਤ ਤਖਤ ਸ੍ਰੀ ਦਮਦਮਾ ਸਾਹਿਬ ਵਿਖੇ ਨਤਮਸਤਕ ਹੋ ਕੇ ਜਿੱਥੇ ਗੁਰੂ ਸਾਹਿਬ ਦਾ ਆਸ਼ੀਰਵਾਦ ਹਾਸਿਲ ਕੀਤਾ ਗਿਆ ਉੱਥੇ ਅਰਦਾਸ ਵੀ ਕਰਵਾਈ ਗਈ। ਇਸ ਮੌਕੇ ਸ਼ਹੀਦ ਆਗੂ ਸੰਦੀਪ ਸਿੰਘ 'ਦੀਪ ਸਿੱਧੂ' ਦੇ ਭਰਾ ਮਨਦੀਪ ਸਿੰਘ ਸਿੱਧੂ ਅਤੇ ਖਡੂਰ ਸਾਹਿਬ ਤੋਂ ਸੰਸਦ ਮੈਂਬਰ ਭਾਈ ਅੰਮ੍ਰਿਤਪਾਲ ਸਿੰਘ ਦੇ ਪਿਤਾ ਭਾਈ ਤਰਸੇਮ ਸਿੰਘ ਵੀ ਵਿਸ਼ੇਸ਼ ਤੌਰ 'ਤੇ ਮੌਜੂਦ ਰਹੇ ਸਮਾਗਮ ਦੌਰਾਨ ਸੰਗਤਾਂ ਵੱਲੋਂ ਸ਼ਹੀਦ ਦੀਪ ਸਿੰਘ ਸਿੱਧੂ ਨੂੰ ਯਾਦ ਕਰਦਿਆਂ ਉਨ੍ਹਾਂ ਦੇ ਸੰਘਰਸ਼ਮਈ ਜੀਵਨ, ਪੰਜਾਬ ਅਤੇ ਪੰਥ ਲਈ ਕੀਤੀਆਂ ਕੁਰਬਾਨੀਆਂ ਅਤੇ ਨੌਜਵਾਨਾਂ ਨੂੰ ਜਾਗਰੂਕ ਕਰਨ ਵਾਲੀ ਸੋਚ ਨੂੰ ਨਮਨ ਕੀਤਾ ਗਿਆ। ਵੱਖ-ਵੱਖ ਆਗੂਆਂ ਨੇ ਇਸ ਮੌਕੇ ਕਿਹਾ ਕਿ ਸ਼ਹੀਦ ਦੀਪ ਸਿੰਘ ਸਿੱਧੂ ਨੇ ਨੌਜਵਾਨ ਪੀੜ੍ਹੀ ਨੂੰ ਆਪਣੇ ਹੱਕਾਂ ਲਈ ਖੜ੍ਹਾ ਹੋਣਾ ਸਿਖਾਇਆ ਅਤੇ ਆਪਣੀ ਪਛਾਣ ਨੂੰ ਸਾਂਭਣ ਦਾ ਸੰਦੇਸ਼ ਦਿੱਤਾ। ਉਨ੍ਹਾਂ ਕਿਹਾ ਕਿ ਅੱਜ ਦੇ ਸਮੇਂ ਵਿੱਚ ਨੌਜਵਾਨਾਂ ਲਈ ਉਨ੍ਹਾਂ ਦੇ ਵਿਚਾਰ ਬਹੁਤ ਹੀ ਪ੍ਰੇਰਣਾਦਾਇਕ ਹਨ ਅਤੇ ਸਾਨੂੰ ਉਨ੍ਹਾਂ ਦੇ ਦਿਖਾਏ ਰਾਹ 'ਤੇ ਚੱਲਣ ਦੀ ਲੋੜ ਹੈ। ਇਸ ਮੌਕੇ ਵਾਰਿਸ ਪੰਜਾਬ ਦੇ ਜਥੇਬੰਦੀ ਤੋਂ ਜ਼ਿਲਾ ਪ੍ਰਧਾਨ ਗੁਰਦੀਪ ਸਿੰਘ, ਸੀਨੀਅਰ ਆਗੂ ਪਰਮਪ੍ਰੀਤ ਸਿੰਘ ਮਾਨਸ਼ਾਹੀਆ, ਤਲਵੰਡੀ ਸਾਬੋ ਤੋਂ ਸੀਨੀਅਰ ਆਗੂ ਪ੍ਰਦੀਪ ਸਿੰਘ ਸੋਨੀ ਬਾਬਾ, ਬਠਿੰਡਾ ਤੋਂ ਗੁਰਤੇਜ ਫੌਜੀ, ਮੌੜ ਤੋਂ ਭਿੰਦਰ ਸਿੰਘ, ਮਨਦੀਪ ਸਿੱਧੂ ਦੇ ਸਾਥੀ ਜਗਰੂਪ ਸਿੰਘ, ਗੱਤਕਾ ਦਲ ਪੰਜਾਬ ਦੇ ਪ੍ਰਧਾਨ ਭਾਈ ਸਰਬਜੀਤ ਸਿੰਘ ਤਲਵੰਡੀ ਸਾਬੋ, ਮਨਪ੍ਰੀਤ ਸਿੰਘ, ਬਲਵੰਤ ਸਿੰਘ ਅਤੇ ਗੁਰਪ੍ਰੀਤ ਸਿੰਘ ਪ੍ਰਿੰਸ ਸਮੇਤ ਵੱਡੀ ਗਿਣਤੀ ਵਿੱਚ ਸੰਗਤਾਂ ਮੌਜੂਦ ਸਨ ਜਿੰਨ੍ਹਾਂ ਨੇ ਆਪਣੇ ਹੱਥਾਂ ਚ ਮਰਹੂਮ ਦੀਪ ਸਿੱਧੂ ਦੀਆਂ ਤਸਵੀਰਾਂ ਫੜੀਆਂ ਹੋਈਆਂ ਸਨ। ਅੰਤ ਵਿੱਚ ਸਮੂਹ ਸੰਗਤ ਵੱਲੋਂ ਪੰਜਾਬ ਦੀ ਚੜ੍ਹਦੀ ਕਲਾ, ਕੌਮ ਦੀ ਖੁਸ਼ਹਾਲੀ ਅਤੇ ਨੌਜਵਾਨਾਂ ਨੂੰ ਸਹੀ ਰਾਹ 'ਤੇ ਚੱਲਣ ਦੀ ਬਲ ਬੁੱਧੀ ਲਈ ਅਰਦਾਸ ਕਰਵਾਈ ਗਈ।

ਆਵਾਜ਼ਿ ਕੌਮ AWAZE QAUM International Newspaper & WEB TV

# ਸੈਨਾ ਵਿੱਚ ਭਰਤੀ ਲਈ ਨੌਜਵਾਨਾਂ ਲਈ ਸੁਨਹਿਰਾ ਮੌਕਾ-ਡਾ. ਰੁਪਿੰਦਰ ਪਾਲ ਸਿੰਘ



**ਜੰਡਿਆਲਾ ਗੁਰੂ, 2 ਅਪ੍ਰੈਲ ( ਕੁਲਵੰਤ ਸਿੰਘ ਵਿਰਦੀ )**-ਭਾਰਤੀ ਸੈਨਾ ਵਿੱਚ ਭਰਤੀ ਹੋਣ ਦੇ ਚਾਹਵਾਨ ਲੜਕੇ ਅਤੇ ਲੜਕੀਆਂ ਲਈ ਸੁਨਹਿਰਾ ਮੌਕਾ, ਇਸ ਗੱਲ ਦਾ ਪ੍ਰਗਟਾਵਾ ਜਿਲ੍ਹਾ ਰੋਜਗਾਰ ਅਤੇ ਕਾਰੋਬਾਰ ਬਿਊਰੋ ਦੇ ਮੁੱਖ ਕਾਰਜਕਾਰੀ ਅਫਸਰ ਕਮ ਵਧੀਕ ਡਿਪਟੀ ਕਮਿਸ਼ਨਰ (ਸ਼ਹਿਰੀ ਵਿਕਾਸ) ਡਾ.ਰੁਪਿੰਦਰ ਪਾਲ ਸਿੰਘ ਨੇ ਕੀਤਾ। ਉਹਨਾਂ ਦੱਸਿਆ ਕਿ ਨੌਜਵਾਨਾਂ ਦੇ ਉਤਸ਼ਾਹ ਨੂੰ ਦੇਖਦੇ ਹੋਏ ਅਗਨੀਵੀਰ ਆਰਮੀ ਦੀ ਭਰਤੀ ਦੀ ਆਨਲਾਈਨ ਰਜਿਸਟਰੇਸ਼ਨ ਦੀ ਆਖਿਰੀ ਮਿਤੀ ਵਧਾ ਕੇ 10 ਅਪ੍ਰੈਲ 2026 ਕਰ ਦਿੱਤੀ ਗਈ ਹੈ। ਇਸ ਸਬੰਧੀ ਹੋਰ ਜਾਣਕਾਰੀ ਦਿੰਦੇ ਹੋਏ ਜਿਲ੍ਹਾ ਰੋਜਗਾਰ ਅਤੇ ਕਾਰੋਬਾਰ ਬਿਊਰੋ, ਅੰਮ੍ਰਿਤਸਰ ਦੇ ਡਿਪਟੀ ਡਾਇਰੈਕਟਰ ਸ਼੍ਰੀਮਤੀ ਨੀਲਮ ਮਹੈ ਨੇ ਦੱਸਿਆ ਕਿ ਇਹ ਫੈਸਲਾ ਨੌਜਵਾਨਾਂ ਵੱਲੋਂ ਲਗਾਤਾਰ ਆ ਰਹੀ ਭਰਤੀ ਸਬੰਧੀ ਪੁੱਛਗਿੱਛ ਅਤੇ ਭਰਤੀ ਲਈ ਅਪਲਾਈ ਕਰਨ ਦੀ ਦਿਲਚਸਪੀ ਨੂੰ ਵਿਚਾਰ ਕਰ ਕੇ ਚਾਹਵਾਨ ਪ੍ਰਾਰਥੀਆਂ ਦੀ ਸਹੂਲਤ ਲਈ ਲਿਆ ਗਿਆ ਹੈ ਅਤੇ ਨਾਲ ਹੀ ਇਸ ਸਾਲ ਤੋਂ ਉਮਰ ਸੀਮਾ ਵਿੱਚ ਵੀ ਇੱਕ ਸਾਲ ਦਾ ਵਾਧਾ ਕਰਦੇ ਹੋਏ ਉਮਰ ਸੀਮਾ ਵੱਧਾ ਕੇ 18 ਤੋਂ 22 ਸਾਲ ਕਰ ਦਿੱਤੀ ਗਈ ਹੈ। ਇਸ ਭਰਤੀ ਲਈ 12ਵੀਂ ਪਾਸ ਪ੍ਰਾਰਥੀ ਅਪਲਾਈ ਕਰ ਸਕਦੇ ਹਨ। ਪ੍ਰਾਰਥੀ ਆਰਮੀ ਦੇ ਨਿਯਮਾਂ ਅਨੁਸਾਰ ਫਿਜਿਕਲੀ ਫਿਟ ਹੋਣੇ ਚਾਹੀਦੇ ਹਨ। ਇੱਥੇ ਇਹ ਦੱਸਣਯੋਗ ਹੈ ਕਿ ਚਾਹਵਾਨ ਪ੍ਰਾਰਥੀ ਇੱਕੋ ਵਾਰ ਵਿੱਚ ਦੋ ਵੱਖ-ਵੱਖ ਪੋਸਟਾਂ ਵਿੱਚ ਵੀ ਅਪਲਾਈ ਕਰ ਸਕਦੇ ਹਨ ਅਤੇ ਨਾਲ ਹੀ ਜਿਲ੍ਹੇ ਦੇ ਚਾਹਵਾਨ ਲੜਕੇ ਅਤੇ ਲੜਕੀਆਂ ਨੂੰ ਇਸ ਵਧੀ ਹੋਈ ਮਿਤੀ ਦਾ ਲਾਭ ਲੈਣ ਦੀ ਅਪੀਲ ਕੀਤੀ ਗਈ ਰੋਜਗਾਰ ਅਫਸਰ ਸ਼੍ਰੀ ਮੁਕੇਸ਼ ਸਰੰਗਲ ਨੇ ਕਿਹਾ ਕਿ ਆਰਮੀ ਵਿੱਚ ਭਰਤੀ ਦੇ ਚਾਹਵਾਨ ਪ੍ਰਾਰਥੀ www.joinindianarmy.nic.in ਤੇ ਆਪਣੀ ਰਜਿਸਟਰੇਸ਼ਨ ਕਰਵਾ ਸਕਦੇ ਹਨ। ਵਧੇਰੇ ਜਾਣਕਾਰੀ ਉਕਤ ਵੈਬਸਾਈਟ ਤੋਂ ਪ੍ਰਾਪਤ ਕੀਤੀ ਜਾ ਸਕਦੀ ਹੈ, ਜਾਂ ਕਿਸੇ ਵੀ ਕੰਮ ਕਾਜ ਵਾਲੇ ਦਿਨ ਜਿਲ੍ਹਾ ਰੋਜਗਾਰ ਅਤੇ ਕਾਰੋਬਾਰ ਬਿਊਰੋ ਅੰਮ੍ਰਿਤਸਰ ਵਿੱਚ ਖੁਦ ਆ ਕੇ ਮਿਲ ਸਕਦੇ ਹਨ ਅਤੇ ਇਸ ਦਫਤਰ ਦੇ ਹੈਲਪਲਾਈਨ ਨੰਬਰ 9915789068 ਤੇ ਸੰਪਰਕ ਕਰ ਸਕਦੇ ਹਨ।

ਆਵਾਜ਼ਿ ਕੌਮ AWAZE QAUM International Newspaper & WEB TV

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

ਕ੍ਰਿਸ਼ਨ ਸਿੰਘ ਭਾਗੀਵਾਂਦਰ ਵਲੋਂ

# ਪਿੰਡ ਸ਼ੇਰਗੜ੍ਹ ਦੇ ਕ੍ਰਿਕਟ ਟੂਰਨਾਮੈਂਟ ਮੌਕੇ ਭਰੀ ਹਾਜ਼ਰੀ



ਤਲਵੰਡੀ ਸਾਬੋ, 02 ਅਪ੍ਰੈਲ (ਗੁਰਜੰਟ ਸਿੰਘ ਨਥੇਹਾ)- ਹਲਕਾ ਵਿਧਾਨ ਸਭਾ ਤਲਵੰਡੀ ਸਾਬੋ ਤੋਂ ਕਾਂਗਰਸ ਪਾਰਟੀ ਦੇ ਸੰਭਾਵੀ ਉਮੀਦਵਾਰ ਕ੍ਰਿਸ਼ਨ ਸਿੰਘ ਭਾਗੀਵਾਂਦਰ ਵੱਲੋਂ ਪਿੰਡ ਸ਼ੇਰਗੜ੍ਹ ਵਿਖੇ ਪਿੰਡ ਵਾਸੀਆਂ ਦੇ ਸਹਿਯੋਗ ਨਾਲ ਕਰਵਾਏ ਗਏ ਕ੍ਰਿਕਟ ਟੂਰਨਾਮੈਂਟ ਵਿੱਚ ਵਿਸ਼ੇਸ਼ ਤੌਰ 'ਤੇ ਹਾਜ਼ਰੀ ਭਰੀ ਗਈ। ਇਸ ਮੌਕੇ ਉਨ੍ਹਾਂ ਖਿਡਾਰੀਆਂ ਨਾਲ ਮਿਲ ਕੇ ਕ੍ਰਿਕਟ ਮੈਚ ਦਾ ਅਨੰਦ ਮਾਣਿਆ ਅਤੇ ਨੌਜਵਾਨਾਂ ਨੂੰ ਖੇਡਾਂ ਵੱਲ ਪ੍ਰੇਰਿਤ ਕੀਤਾ।ਉਨ੍ਹਾਂ ਆਪਣੇ ਸੰਬੋਧਨ ਦੌਰਾਨ ਕਿਹਾ ਕਿ ਖੇਡਾਂ ਨੌਜਵਾਨਾਂ ਨੂੰ ਨਸ਼ਿਆਂ ਵਰਗੀਆਂ ਬੁਰਾਈਆਂ ਤੋਂ ਦੂਰ ਰੱਖਣ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਉਂਦੀਆਂ ਹਨ। ਪਿੰਡਾਂ ਵਿੱਚ ਇਸ ਤਰ੍ਹਾਂ ਦੇ ਖੇਡ ਸਮਾਗਮ ਕਰਵਾਉਣਾ ਸਮਾਜ ਲਈ ਇੱਕ ਚੰਗਾ ਸੰਕੇਤ ਹੈ, ਜਿਸ ਨਾਲ ਨੌਜਵਾਨਾਂ ਵਿੱਚ ਏਕਤਾ, ਅਨੁਸ਼ਾਸਨ ਅਤੇ ਟੀਮ ਵਰਕ ਦੀ ਭਾਵਨਾ ਵਿਕਸਿਤ ਹੁੰਦੀ ਹੈ। ਸਿਆਸੀ ਪੱਖ ਤੋਂ ਗੱਲ ਕਰਦਿਆਂ ਕ੍ਰਿਸ਼ਨ ਸਿੰਘ ਭਾਗੀਵਾਂਦਰ ਨੇ ਕਿਹਾ ਕਿ ਮੌਜੂਦਾ ਸਮੇਂ ਵਿੱਚ ਲੋਕ ਬੁਨਿਆਦੀ ਸਹੂਲਤਾਂ ਜਿਵੇਂ ਕਿ ਰੋਜ਼ਗਾਰ, ਸਿੱਖਿਆ ਅਤੇ ਸਿਹਤ ਸੇਵਾਵਾਂ ਨੂੰ ਲੈ ਕੇ ਚਿੰਤਿਤ ਹਨ। ਉਨ੍ਹਾਂ ਕਿਹਾ ਕਿ ਜੇਕਰ ਲੋਕ ਉਨ੍ਹਾਂ ਨੂੰ ਮੌਕਾ ਦਿੰਦੇ ਹਨ ਤਾਂ ਉਹ ਹਲਕੇ ਦੇ ਸਮੂਹਿਕ ਵਿਕਾਸ ਲਈ ਕੰਮ ਕਰਨਗੇ ਅਤੇ ਨੌਜਵਾਨਾਂ ਲਈ ਖੇਡ ਮੈਦਾਨਾਂ, ਸਿਖਲਾਈ ਕੇਂਦਰਾਂ ਅਤੇ ਹੋਰ ਸਹੂਲਤਾਂ ਵਿੱਚ ਵਾਧਾ ਕਰਵਾਉਣਗੇ। ਉਨ੍ਹਾਂ ਇਹ ਵੀ ਕਿਹਾ ਕਿ ਕਾਂਗਰਸ ਪਾਰਟੀ ਹਮੇਸ਼ਾਂ ਲੋਕਾਂ ਦੇ ਹੱਕਾਂ ਲਈ ਲੜਦੀ ਆਈ ਹੈ ਅਤੇ ਭਵਿੱਖ ਵਿੱਚ ਵੀ ਲੋਕਾਂ ਦੀਆਂ ਉਮੀਦਾਂ 'ਤੇ ਖਰਾ ਉਤਰਣ ਦੀ ਕੋਸ਼ਿਸ਼ ਕਰੇਗੀ। ਇਸ ਮੌਕੇ ਪਿੰਡ ਦੇ ਪ੍ਰਮੁੱਖ ਵਿਅਕਤੀ, ਨੌਜਵਾਨ ਅਤੇ ਵੱਡੀ ਗਿਣਤੀ ਵਿੱਚ ਦਰਸ਼ਕ ਮੌਜੂਦ ਸਨ।ਅੰਤ ਵਿੱਚ ਟੂਰਨਾਮੈਂਟ ਦੇ ਜੇਤੂਆਂ ਨੂੰ ਇਨਾਮ ਵੰਡ ਕੇ ਸਨਮਾਨਿਤ ਕੀਤਾ ਗਿਆ ਅਤੇ ਆਯੋਜਕਾਂ ਦੇ ਉਪਰਾਲੇ ਦੀ ਭਰਪੂਰ ਸ਼ਲਾਘਾ ਕੀਤੀ ਗਈ। ਇਸ ਮੌਕੇ ਹੋਰਨਾਂ ਤੋਂ ਇਲਾਵਾ ਰਮਨ ਕੁਮਾਰ ਸਰਪੰਚ, ਬਲਵਿੰਦਰ ਸਿੰਘ ਨਸੀਬਪੁਰਾ, ਦਰਸ਼ਨ ਸਿੰਘ ਤਲਵੰਡੀ ਸਾਬੋ, ਬਲਜੀਤ ਸਿੰਘ ਭਾਗੀਵਾਂਦਰ, ਮਨਪ੍ਰੀਤ ਸਿੰਘ ਤਲਵੰਡੀ ਸਾਬੋ, ਗੁਰਪ੍ਰੀਤ ਸਿੰਘ ਲਹਿਰੀ, ਬਾਬੂ ਰਾਮ ਭਾਗੀਵਾਂਦਰ, ਗੁਰਤੇਜ ਸਿੰਘ, ਵਿਕਾਸ ਸ਼ਰਮਾ ਤਲਵੰਡੀ ਸਾਬੋ ਆਦਿ ਹਾਜ਼ਰ ਸਨ।

**ਲੋਕ ਬੁਨਿਆਦੀ ਰੋਜ਼ਗਾਰ, ਸਿੱਖਿਆ ਅਤੇ ਸਿਹਤ ਸੇਵਾਵਾਂ ਨੂੰ ਲੈ ਕੇ ਚਿੰਤਿਤ- ਕ੍ਰਿਸ਼ਨ ਸਿੰਘ ਭਾਗੀਵਾਂਦਰ**

ਆਵਾਜ਼ਿ ਕੌਮ AWAZE QAUM International Newspaper & WEB TV

ਲੋਕ ਨਿਰਮਾਣ ਮੰਤਰੀ ਹਰਭਜਨ ਸਿੰਘ ਈ.ਟੀ.ਓ. ਨੇ

# ਪਿੰਡ ਲਾਲਕਾ ਨਗਰ ਅਤੇ ਮਿਹੋਕਾ ਵਿਖੇ ਹਲਕਾ ਵਾਸੀਆਂ ਨਾਲ ਸਿੱਧਾ ਸੰਵਾਦ ਕੀਤਾ



**ਜੰਡਿਆਲਾ ਗੁਰੂ, 2 ਅਪ੍ਰੈਲ (ਕੁਲਵੰਤ ਸਿੰਘ ਵਿਰਦੀ )** - ਪੰਜਾਬ ਸਰਕਾਰ ਦੇ ਚਾਰ ਸਾਲ ਪੂਰੇ ਹੋਣ 'ਤੇ ਲੋਕ ਨਿਰਮਾਣ ਮੰਤਰੀ ਸ. ਹਰਭਜਨ ਸਿੰਘ ਈ.ਟੀ.ਓ. ਵੱਲੋਂ ਅੱਜ ਵਿਧਾਨ ਸਭਾ ਹਲਕਾ ਜੰਡਿਆਲਾ ਗੁਰੂ ਦੇ ਪਿੰਡ ਲਾਲਕਾ ਨਗਰ ਅਤੇ ਮਿਹੋਕਾ ਵਿਖੇ ਲੋਕਾਂ ਨਾਲ ਸਿੱਧਾ ਸੰਵਾਦ ਕੀਤਾ ਅਤੇ ਸਰਕਾਰ ਵਲੋਂ ਕੀਤੇ ਗਏ ਵਿਕਾਸ ਕਾਰਜਾਂ ਅਤੇ ਚਾਰ ਸਾਲ ਦੀਆਂ ਪ੍ਰਾਪਤੀਆਂ ਬਾਰੇ ਜਾਣਕਾਰੀ ਸਾਂਝੀ ਕੀਤੀ। ਉਨਾਂ ਲੋਕਾਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਆਮ ਆਦਮੀ ਪਾਰਟੀ ਦੀ ਸੂਬਾ ਸਰਕਾਰ ਨੇ ਪਿਛਲੇ ਚਾਰ ਸਾਲਾਂ ਦੌਰਾਨ ਹਰ ਖੇਤਰ ਵਿੱਚ ਰਿਕਾਰਡ ਵਿਕਾਸ ਕੀਤਾ ਹੈ ਅਤੇ ਇਸ ਸਾਲ ਵਿਕਾਸ ਦੇ ਨਵੇਂ ਅਯਾਮ ਸਥਾਪਿਤ ਕੀਤੇ ਜਾਣਗੇ।ਕੈਬਨਿਟ ਮੰਤਰੀ ਸ. ਹਰਭਜਨ ਸਿੰਘ ਈ.ਟੀ.ਓ. ਨੇ ਕਿਹਾ ਕਿ ਦੇਸ਼ ਦੇ ਇਤਿਹਾਸ ਵਿੱਚ ਇਹ ਪਹਿਲੀ ਵਾਰ ਹੋਇਆ ਹੈ ਕਿ ਕਿਸੇ ਸੂਬੇ ਨੇ ਆਪਣੇ ਵਾਸੀਆਂ ਲਈ 10 ਲੱਖ ਰੁਪਏ ਤੱਕ ਸਿਹਤ ਬੀਮਾ ਸ਼ੁਰੂ ਕੀਤਾ ਹੈ। ਉਨਾਂ ਕਿਹਾ ਕਿ ਮਾਨ ਸਰਕਾਰ ਨੇ ਆਪਣੇ ਕਾਰਜਕਾਲ ਦੌਰਾਨ ਪਹਿਲੇ ਸਾਲ ਤੋਂ ਹੀ ਲੋਕਾਂ ਨਾਲ ਕੀਤੀਆਂ ਗਰੰਟੀਆਂ ਨੂੰ ਪੂਰਾ ਕਰਨਾ ਸ਼ੁਰੂ ਕਰ ਦਿੱਤਾ ਸੀ। ਪੰਜਾਬ ਸਰਕਾਰ ਦੇ ਸ਼ਾਨਦਾਰ ਚਾਰ ਸਾਲ ਪੂਰੇ ਹੋਣ ▾ਤੇ ਸ: ਈ.ਟੀ.ਓ. ਨੇ ਖੁਸ਼ੀ ਦਾ ਪ੍ਰਗਟਾਵਾ ਕੀਤਾ ਅਤੇ ਕਿਹਾ ਕਿ ਇਨ੍ਹਾਂ ਚਾਰ ਸਾਲਾਂ ਦੌਰਾਨ ਸਿਹਤ, ਸਿੱਖਿਆ, ਰੁਜ਼ਗਾਰ ਉਦਯੋਗਿਕ ਵਿਕਾਸ, ਬੁਨਿਆਦੀ ਢਾਂਚੇ ਵਿੱਚ ਵੱਡੇ ਬਦਲਾਅ ਲਿਆਂਦੇ ਗਏ ਹਨ। ਉਨ੍ਹਾਂ ਕਿਹਾ ਕਿ ਮਹਿਲਾਵਾਂ ਦੀ ਆਰਥਿਕ ਮਜਬੂਤੀ ਲਈ ਜਰਨਲ ਵਰਗ ਦੀਆਂ ਔਰਤਾਂ ਨੂੰ 1000 ਰੁਪਏ ਅਤੇ ਐਸ.ਸੀ ਵਰਗ ਦੀਆਂ ਔਰਤਾਂ ਲਈ 1500 ਦੀ ਸਹੂਲਤ ਪ੍ਰਦਾਨ ਕੀਤੀ ਗਈ ਹੈ। ਸਿੱਖਿਆ ਦੇ ਖੇਤਰ ਵਿੱਚ ਕਰੋੜਾਂ ਰੁਪਏ ਖਰਚ ਕੇ ਵੱਡੇ ਸੁਧਾਰ ਕਰਦਿਆਂ ਸਰਕਾਰੀ ਸਕੂਲਾਂ ਦੀ ਨੁਹਾਰ ਬਦਲੀ ਗਈ ਹੈ ਅਤੇ ਪ੍ਰਾਈਵੇਟ ਸਕੂਲਾਂ ਦੀ ਤਰ੍ਹਾਂ ਸਰਕਾਰੀ ਸਕੂਲਾਂ ਵਿੱਚ ਵੀ ਸਾਰੀਆਂ ਸੁਵਿਧਾਵਾਂ ਉਪਲਬਧ ਕਰਵਾਈਆਂ ਗਈਆਂ ਹਨ। ਇਸ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਰੁਜ਼ਗਾਰ ਦੇ ਮੌਕੇ ਪੈਦਾ ਕੀਤੇ ਗਏ ਅਤੇ ਬਿਨਾਂ ਕਿਸੇ ਸਿਫਾਰਿਸ਼ ਦੇ ਨੌਕਰੀਆਂ ਦਿੱਤੀਆਂ ਗਈਆਂ ਹਨ। ਸੂਬੇ ਵਿੱਚੋਂ ਨਸ਼ਿਆਂ ਦੇ ਮੁਕੰਮਲ ਖਾਤਮੇ ਲਈ ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਚਲਾਈ ਜਾ ਰਹੀ ਅਤੇ ਨਸ਼ਾ ਤਸਕਰਾਂ ਵਿਰੁੱਧ ਵੱਡੀ ਕਾਰਵਾਈ ਕੀਤੀ ਜਾ ਰਹੀ ਹੈ। ਉਨ੍ਹਾਂ ਦੱਸਿਆ ਕਿ ਕਰੋੜਾਂ ਰੁਪਏ ਖਰਚ ਕੇ ਸੜਕਾਂ ਦਾ ਨਵੀਨੀਕਰਨ, ਪੁੱਲਾਂ ਦੀ ਉਸਾਰੀ ਅਤੇ ਹੋਰ ਵੱਡੇ ਪ੍ਰੋਜੈਕਟਾਂ 'ਤੇ ਕੰਮ ਕਰਕੇ ਬੁਨਿਆਦੀ ਢਾਂਚੇ ਨੂੰ ਮਜਬੂਤ ਕੀਤਾ ਗਿਆ ਹੈ।ਕੈਬਨਿਟ ਮੰਤਰੀ ਸ. ਹਰਭਜਨ ਸਿੰਘ ਈ.ਟੀ.ਓ. ਨੇ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ ਹਰ ਮਹੀਨੇ 300 ਯੂਨਿਟ ਮੁਫ਼ਤ ਬਿਜਲੀ ਸਹੂਲਤ ਸਦਕਾ 90 ਫੀਸਦੀ ਤੋਂ ਵੱਧ ਖਪਤਕਾਰਾਂ ਨੂੰ ਜ਼ੀਰੋ ਬਿਜਲੀ ਬਿੱਲ ਆ ਰਹੇ ਹਨ। ਉਨ੍ਹਾਂ ਕਿਹਾ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਨੇ ਸਾਬਤ ਕਰ ਦਿੱਤਾ ਹੈ ਕਿ ਜੇ ਨੀਅਤ ਸਾਫ ਹੋਵੇ ਤਾਂ ਘੱਟ ਸਮੇਂ ਵਿੱਚ ਵੀ ਵੱਡੇ ਬਦਲਾਅ ਲਿਆਂਦੇ ਜਾ ਸਕਦੇ ਹਨ। ਉਨ੍ਹਾਂ ਕਿਹਾ ਕਿ ਆਉਣ ਵਾਲੇ ਸਮੇਂ ਵਿੱਚ ਵੀ ਭਗਵੰਤ ਮਾਨ ਦੀ ਅਗਵਾਈ ਹੇਠ ਪੰਜਾਬ ਨੂੰ ਤਰੱਕੀ ਅਤੇ ਖੁਸ਼ਹਾਲੀ ਦੀ ਨਵੀਂ ਉਚਾਈਆਂ ਤੱਕ ਲਿਜਾਇਆ ਜਾਵੇਗਾ।ਇਸ ਮੌਕੇ ਬਲਾਕ ਪ੍ਰਧਾਨ ਕਿਲ੍ਹਾ ਜੀਵਨ ਸਿੰਘ ਬਲਜਿੰਦਰ ਸਿੰਘ, ਸਰਪੰਚ ਪਿੰਡ ਲਾਲਕਾ ਨਗਰ ਮਨੀਸ਼ਾ ਪਤਨੀ ਸ਼ਿਵਰਾਜ ਸਿੰਘ, ਸਰਪੰਚ ਪਿੰਡ ਮਿਹੋਕਾ ਦਵਿੰਦਰ ਸਿੰਘ, ਸਰਪੰਚ ਪਿੰਡ ਖਾਨਕੋਟ ਕੁਲਦੀਪ ਸਿੰਘ, ਸਰਪੰਚ ਪਿੰਡ ਛਾਪਾ ਰਾਮ ਸਿੰਘ ਪਲਵਿੰਦਰ ਕੌਰ, ਹਰਿੰਦਰ ਸਿੰਘ ਭੁੱਲਰ, ਕੁਲਦੀਪ ਸਿੰਘ, ਸੁਖਦੇਵ ਸਿੰਘ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਲੋਕ ਹਾਜ਼ਰ ਸਨ।

**ਚਾਰ ਸਾਲਾਂ ਵਿੱਚ ਮਾਨ ਸਰਕਾਰ ਨੇ ਸੂਬੇ ਦਾ ਰਿਕਾਰਡ ਵਿਕਾਸ ਕੀਤਾ - ਹਰਭਜਨ ਸਿੰਘ ਈ.ਟੀ.ਓ.**

ਆਵਾਜ਼ਿ ਕੌਮ AWAZE QAUM International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

# ਮਾਨ ਸਰਕਾਰ ਦੇ ਚਾਰ ਸਾਲਾਂ ਦੇ ਕਾਰਜਕਾਲ ਦੌਰਾਨ ਲੋਕ ਹਿੱਤ ਵਿੱਚ ਹੋਏ ਇਤਿਹਾਸਕ ਫੈਸਲੇ : ਸਰਪੰਚ ਦਵਿੰਦਰ ਸਿੰਘ ਧੂਰਾ




ਧੂਰੀ ( ਰਣਜੀਤ ਸਿੰਘ ਪੇਧਨੀ ) ਪੰਜਾਬ ਵਿੱਚ ਮਾਨ ਸਰਕਾਰ ਦੇ ਚਾਰ ਸਾਲਾਂ ਦੇ ਕਾਰਜਕਾਲ ਦੌਰਾਨ ਲੋਕ ਭਲਾਈ ਲਈ ਕਈ ਇਤਿਹਾਸਕ ਫੈਸਲੇ ਕੀਤੇ ਗਏ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਉੱਘੇ ਸਮਾਜ ਸੇਵੀ ਸਰਪੰਚ ਦਵਿੰਦਰ ਸਿੰਘ ਧੂਰਾ ਨੇ ਕੀਤਾ। ਉਨ੍ਹਾਂ ਕਿਹਾ ਕਿ ਸਿਹਤ ਅਤੇ ਸਿੱਖਿਆ ਦੇ ਖੇਤਰ ਵਿੱਚ ਪੰਜਾਬੀਆਂ ਨੂੰ ਮੁਫ਼ਤ ਅਤੇ ਉੱਚ ਦਰਜੇ ਦੀਆਂ ਸਹੂਲਤਾਂ ਪ੍ਰਦਾਨ ਕੀਤੀਆਂ ਗਈਆਂ ਹਨ, ਜਿਸ ਨਾਲ ਆਮ ਪਰਿਵਾਰਾਂ ਦਾ ਆਰਥਿਕ ਬੋਝ ਘਟਿਆ ਹੈ। ਹਰ ਪਰਿਵਾਰ ਨੂੰ ਹਰ ਮਹੀਨੇ 300 ਯੂਨਿਟ ਮੁਫ਼ਤ ਬਿਜਲੀ ਦੇ ਕੇ ਮਾਨ ਸਰਕਾਰ ਨੇ ਅਸੰਭਵ ਨੂੰ ਸੰਭਵ ਕਰ ਦਿਖਾਇਆ ਹੈ। ਉਨ੍ਹਾਂ ਕਿਹਾ ਕਿ ਬਜ਼ੁਰਗਾਂ ਦੀਆਂ ਆਸਾਂ ਨੂੰ ਪੂਰਾ ਕਰਦਿਆਂ ਤੀਰਥ ਯਾਤਰਾ ਯੋਜਨਾ ਦੀ ਸ਼ੁਰੂਆਤ ਕੀਤੀ ਗਈ, ਜਿਸ ਨਾਲ ਬਜ਼ੁਰਗਾਂ ਨੂੰ ਆਤਮਿਕ ਸੰਤੁਸ਼ਟੀ ਮਿਲੀ ਹੈ ਅਤੇ ਉਹਨਾਂ ਦਾ ਅਸ਼ੀਰਵਾਦ ਮਾਨ ਸਰਕਾਰ ਨੂੰ ਪ੍ਰਾਪਤ ਹੋਇਆ ਹੈ। ਉਨ੍ਹਾਂ ਕਿਹਾ ਕਿ ਯੁੱਧ ਨਸ਼ਿਆ ਵਿਰੁੱਧ 'ਚ ਮਾਨ ਸਰਕਾਰ ਨੇ ਨਸ਼ਿਆਂ ਦੇ ਖਿਲਾਫ ਮੁਹਿੰਮ ਤਹਿਤ ਸਖ਼ਤ ਕਾਰਵਾਈ ਕਰਦਿਆਂ ਨਸ਼ਾ ਤਸਕਰਾਂ ਨੂੰ ਜੇਲ੍ਹਾਂ ਵਿੱਚ ਭੇਜਿਆ ਗਿਆ, ਜਿਸ ਨਾਲ ਸਮਾਜ ਵਿੱਚ ਸੁਧਾਰ ਆ ਰਿਹਾ ਹੈ। ਉਨ੍ਹਾਂ ਕਿਹਾ ਕਿ ਜਰਨਲ ਵਰਗ ਦੀਆਂ ਮਹਿਲਾਵਾਂ ਨੂੰ 1000 ਰੁਪਏ ਅਤੇ ਅਨੁਸੂਚਿਤ ਵਰਗਾਂ ਨੂੰ 1500 ਰੁਪਏ ਦੀ ਸਨਮਾਨ ਰਾਸ਼ੀ ਦੇ ਕੇ ਮਾਨ ਸਰਕਾਰ ਨੇ ਆਪਣੇ ਸਾਰੇ ਵਾਅਦੇ ਪੂਰੇ ਕੀਤੇ। ਇਸ ਮੌਕੇ ਸਰਪੰਚ ਮੱਖਣ ਸਿੰਘ ਧਾਲੀਵਾਲ, ਉੱਘੇ ਸਮਾਜ ਸੇਵੀ ਜਸਵਿੰਦਰ ਖੁਰਮੀ, ਹਰਪ੍ਰੀਤ ਸਿੰਘ ਗਿੱਲ ਹਲਕਾ ਕੋਆਰਡੀਨੇਟਰ ਨਸਾ ਮੁਕਤ ਅਭਿਆਨ , ਸੁਰਜੀਤ ਸਿੰਘ ਪੰਚ, ਕੁਲਦੀਪ ਸਿੰਘ ਪੰਚ, ਪੰਚ ਮੱਖਣ ਸਿੰਘ ਸਿੱਧੂ, ਕੁਲਵਿੰਦਰ ਸਿੰਘ ਪੰਚ,ਦਰਸਨ ਸਿੰਘ ਪੁੰਨਾਵਾਲ, ਗਗਨਦੀਪ ਸਿੰਘ ਪੰਚ, ਡਿੰਪੀ ਕਲੇਰ ਪੰਚ, ਪੋਪੀ ਸੰਧੂ, ਸਾਬਕਾ ਸਰਪੰਚ ਜੁਗਰਾਜ ਸਿੰਘ ਸੰਧੂ, ਸੈਕਟਰੀ ਬਲਜੀਤ ਸਿੰਘ, ਨੰਬਰਦਾਰ ਰਜਿੰਦਰ ਸਿੰਘ ਸੰਧੂ ਹਾਜਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

# ਕੇਂਦਰ ਸਰਕਾਰ ਨੇ ਟਰਾਈ ਨੂੰ ਢਾਂਚੇ ਤੋਂ ਹਟਾ ਕੇ ਟੀਵੀ ਰੇਟਿੰਗ ਨਿਗਰਾਨੀ ਦਾ ਪੂਰਾ ਕੰਟਰੋਲ ਲਿਆ ਆਪਣੇ ਹੱਥ ਵਿੱਚ

## 2025 ਵਿਚ ਭਾਰਤੀ ਕੰਪਨੀਆਂ ਨੇ ਟੈਲੀਵਿਜ਼ਨ ਇਸ਼ਤਿਹਾਰਬਾਜ਼ੀ 'ਤੇ ਖਰਚ ਕੀਤੇ 36,200 ਕਰੋੜ ਰੁਪਏ




**ਨਵੀਂ ਦਿੱਲੀ, 2 ਅਪ੍ਰੈਲ (ਮਨਪ੍ਰੀਤ ਸਿੰਘ ਖਾਲਸਾ)**:- ਕੇਂਦਰ ਸਰਕਾਰ ਨੇ ਟੈਲੀਕਾਮ ਰੈਗੂਲੇਟਰੀ ਅਥਾਰਟੀ ਆਫ਼ ਇੰਡੀਆ (ਟਰਾਈ) – ਭਾਰਤ ਦੇ ਟੈਲੀਕਾਮ ਰੈਗੂਲੇਟਰ – ਤੋਂ ਟੈਲੀਵਿਜ਼ਨ ਰੇਟਿੰਗਾਂ ਦੀ ਨਿਗਰਾਨੀ ਖੋਹ ਕੇ ਅਰਬਾਂ ਡਾਲਰ ਦੇ ਇਸ਼ਤਿਹਾਰ ਖਰਚ ਨੂੰ ਪ੍ਰਭਾਵਿਤ ਕਰਨ ਵਾਲੇ ਪੂਰੇ ਸਿਸਟਮ ਦਾ ਪੂਰਾ ਕੰਟਰੋਲ ਮਿੰਟ ਦੀ ਰਿਪੋਰਟ ਅਨੁਸਾਰ ਆਪਣੇ ਹੱਥ ਵਿੱਚ ਲੈ ਲਿਆ ਹੈ । ਸੂਚਨਾ ਅਤੇ ਪ੍ਰਸਾਰਣ ਮੰਤਰਾਲਾ ਸੂਚਨਾ ਅਤੇ ਪ੍ਰਸਾਰਣ ਮੰਤਰਾਲੇ (ਐਮਆਈਬੀ) ਨੂੰ ਸੌਂਪ ਦਿੱਤਾ ਗਿਆ ਹੈ। ਹੁਣ ਤੱਕ, ਟਰਾਈ ਅਤੇ ਐਮਆਈਬੀ ਨਿਗਰਾਨੀ ਸਾਂਝੀ ਕਰਦੇ ਸਨ, ਜਿਸਦੇ ਨਤੀਜੇ ਵਜੋਂ ਦੋਹਰੀ ਪ੍ਰਣਾਲੀ ਬਣ ਗਈ। ਪ੍ਰਸਾਰਣ ਅਤੇ ਕੇਬਲ ਟੀਵੀ ਦੇ ਹੋਰ ਪਹਿਲੂ ਜਿਨ੍ਹਾਂ ਦਾ ਅਧਿਕਾਰ ਟ੍ਰਾਈ ਕੋਲ ਅਜੇ ਵੀ ਹੈ, ਉਨ੍ਹਾਂ ਵਿੱਚ ਚੈਨਲ ਕੀਮਤ, ਇਸ਼ਤਿਹਾਰਬਾਜ਼ੀ ਸੀਮਾਵਾਂ, ਇੰਟਰਕਨੈਕਸ਼ਨ ਅਤੇ ਵੰਡ ਨਿਯਮ, ਸੇਵਾ ਗੁਣਵੱਤਾ ਅਤੇ ਪਾਲਣਾ ਮਾਪਦੰਡ ਸ਼ਾਮਲ ਹਨ। ਟੀਵੀ ਰੇਟਿੰਗਾਂ ਲੱਖਾਂ ਲੋਕਾਂ ਦੇ ਦੇਖਣ ਦੇ ਰੁਝਾਨਾਂ ਨੂੰ ਟਰੈਕ ਕਰਦੀਆਂ ਹਨ, ਇਹ ਵੀ ਫੈਸਲਾ ਕਰਦੀਆਂ ਹਨ ਕਿ ਇਸ਼ਤਿਹਾਰਬਾਜ਼ੀ ਦਾ ਪੈਸਾ ਕਿੱਥੇ ਖਰਚ ਕੀਤਾ ਜਾਂਦਾ ਹੈ। ਮਾਰਚ ਵਿੱਚ ਜਾਰੀ ਕੀਤੀ ਗਈ ਫਿਕੀ ਦੀ ਰਿਪੋਰਟ ਦੇ ਅਨੁਸਾਰ, 2025 ਵਿੱਚ, ਭਾਰਤੀ ਕੰਪਨੀਆਂ ਨੇ ਟੈਲੀਵਿਜ਼ਨ ਇਸ਼ਤਿਹਾਰਬਾਜ਼ੀ 'ਤੇ 36,200 ਕਰੋੜ ਰੁਪਏ ਖਰਚ ਕੀਤੇ। ਪਰ ਰੇਟਿੰਗਾਂ ਵਿਵਾਦਾਂ ਵਿੱਚ ਘਿਰੀਆਂ ਹੋਈਆਂ ਹਨ, 2020 ਵਿੱਚ ਮੁੰਬਈ ਪੁਲਿਸ ਨੇ ਬ੍ਰੌਡਕਾਸਟ ਆਡੀਅੰਸ ਰਿਸਰਚ ਕੌਂਸਲ (ਬਾਰਕ) ਤੋਂ ਅੰਕੜਿਆਂ ਦੀ ਕਥਿਤ ਹੇਰਾਫੇਰੀ ਲਈ ਜਾਂਚ ਕੀਤੀ। ਟਰਾਈ ਦੇ ਸਾਬਕਾ ਪ੍ਰਮੁੱਖ ਸਲਾਹਕਾਰ ਸੱਤਿਆ ਐਨ. ਗੁਪਤਾ ਨੇ ਦੱਸਿਆ 2026 ਦੀ ਨੀਤੀ ਵਿੱਚ ਟਰਾਈ ਐਕਟ ਦਾ ਜ਼ਿਕਰ ਨਹੀਂ ਹੈ, ਅਤੇ ਹੋਰ ਸਾਰੀਆਂ ਸ਼ਕਤੀਆਂ ਐਮਆਈਬੀ ਕੋਲ ਹਨ। ਭਾਵੇਂ ਸਰਕਾਰ ਕੋਲ ਸ਼ਕਤੀਆਂ ਹਨ, ਨਿਯਮ ਨੂੰ ਨੀਤੀ ਨਾਲ ਮਿਲਾਉਣਾ ਅਤੇ ਇੱਕ ਸੁਤੰਤਰ ਰੈਗੂਲੇਟਰ ਨੂੰ ਨਿਗਰਾਨੀ ਤੋਂ ਹਟਾਉਣਾ ਇੱਕ ਪਿਛਾਂਹਖਿੱਚੂ ਕਦਮ ਹੈ।

ਆਵਾਜ਼ਿ ਕੌਮ AWAZE QAUM International Newspaper & WEB TV

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਪਿੰਡ ਚੀਮਾ ਵਿੱਚ ਸੰਤ ਅਤਰ ਸਿੰਘ ਜੀ ਮਹਾਰਾਜ ਹਸਪਤਾਲ ਦਾ ਕੀਤਾ ਉਦਘਾਟਨ

# 15 ਪਿੰਡਾਂ ਦੇ 50 ਹਜ਼ਾਰ ਵਾਸੀਆਂ ਨੂੰ ਹੋਵੇਗਾ ਲਾਭ



**ਸੰਗਰੂਰ (ਰਣਜੀਤ ਸਿੰਘ ਪੇਧਨੀ )**-ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਅੱਜ ਪਿੰਡ ਚੀਮਾ ਵਿਖੇ ਸੰਤ ਅਤਰ ਸਿੰਘ ਜੀ ਮਹਾਰਾਜ ਹਸਪਤਾਲ ਦਾ ਉਦਘਾਟਨ ਕੀਤਾ। ਜ਼ਿਕਰਯੋਗ ਹੈ ਕਿ 11.70 ਕਰੋੜ ਦੀ ਲਾਗਤ ਨਾਲ ਬਣਿਆ ਅਤੇ 30 ਬਿਸਤਰਿਆਂ ਵਾਲਾ ਇਹ ਅਤਿ-ਆਧੁਨਿਕ ਹਸਪਤਾਲ ਸਿਹਤ ਸੰਭਾਲ ਬੁਨਿਆਦੀ ਢਾਂਚੇ ਦੇ ਵਿਸਥਾਰ ਦੇ ਨਾਲ-ਨਾਲ ਪੂਰੇ ਖੇਤਰ ਵਿੱਚ ਹਜ਼ਾਰਾਂ ਲੋਕਾਂ ਨੂੰ ਮਿਆਰੀ ਡਾਕਰਟਰੀ ਸਹੂਲਤਾਂ ਪ੍ਰਦਾਨ ਕਰਨ ਲਈ ਸ਼ੁਰੂ ਕੀਤਾ ਜਾ ਰਿਹਾ ਹੈ।ਮੁੱਖ ਮੰਤਰੀ ਨੇ ਜ਼ੋਰ ਦਿੰਦਿਆਂ ਕਿਹਾ ਕਿ ਇਹ ਹਸਪਤਾਲ ਨਾ ਸਿਰਫ਼ 15 ਪਿੰਡਾਂ ਦੇ ਲਗਪਗ 50 ਹਜ਼ਾਰ ਵਾਸੀਆਂ ਨੂੰ ਲਾਭ ਪਹੁੰਚਾਏਗਾ, ਸਗੋਂ ਨੇੜਲੇ ਖੇਤਰਾਂ ਦੀ ਲਗਪਗ 35 ਤੋਂ 40 ਹਜ਼ਾਰ ਆਬਾਦੀ ਲਈ ਕਿਫਾਇਤੀ ਅਤੇ ਮਿਆਰੀ ਇਲਾਜ ਵੀ ਮੁਹੱਈਆ ਕਰਵਾਏਗਾ।



ਆਪਣੀ ਫੇਰੀ ਦੌਰਾਨ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਹਸਪਤਾਲ ਵਿੱਚ ਉਪਲਬਧ ਸਹੂਲਤਾਂ ਦਾ ਜ਼ਮੀਨੀ ਪੱਧਰ ’ਤੇ ਜਾਇਜ਼ਾ ਲੈਂਦਿਆਂ ਮਰੀਜ਼ਾਂ ਦਾ ਹਾਲਚਾਲ ਪੁੱਛਿਆ ਅਤੇ ਉਨ੍ਹਾਂ ਦੇ ਪਰਿਵਾਰਾਂ ਨਾਲ ਵੀ ਗੱਲਬਾਤ ਕੀਤੀ।

ਹਸਪਤਾਲਾਂ ਦੀ ਇਸ ਬਦਲਦੀ ਨੁਹਾਰ ਦਾ ਹਵਾਲਾ ਦਿੰਦਿਆਂ ਉਨ੍ਹਾਂ ਕਿਹਾ ਕਿ ਪਹਿਲਾਂ ਸਹੂਲਤਾਂ ਦੀ ਘਾਟ ਕਾਰਨ ਮਰੀਜ਼ਾਂ ਨੂੰ ਜ਼ਿਆਦਾਤਰ ਸੰਗਰੂਰ, ਪਟਿਆਲਾ ਅਤੇ ਲੁਧਿਆਣਾ ਰੈਫਰ ਕੀਤਾ ਜਾਂਦਾ ਸੀ, ਪਰ ਹੁਣ ਮਰੀਜ਼ ਸਥਾਨਕ ਪੱਧਰ ’ਤੇ ਹੀ ਆਧੁਨਿਕ ਮਸ਼ੀਨਾਂ ਅਤੇ ਸਮਰਪਿਤ ਐਮਰਜੈਂਸੀ ਅਤੇ ਜੱਚਾ-ਬੱਚਾ ਵਾਰਡਾਂ ਨਾਲ ਲੈਸ ਇਸ ਹਸਪਤਾਲ ਵਿੱਚ ਇਲਾਜ ਕਰਵਾ ਸਕਣਗੇ। ਇਸ ਦੌਰਾਨ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, “ਸੰਤ ਬਾਬਾ ਅਤਰ ਸਿੰਘ ਦੇ ਨਾਮ ’ਤੇ ਮੈਡੀਕਲ ਕਾਲਜ ਦਾ ਕੰਮ ਵੀ ਜਲਦੀ ਸ਼ੁਰੂ ਕੀਤਾ ਜਾਵੇਗਾ ਅਤੇ ਸੂਬਾ ਸਰਕਾਰ ਨੇ ਇਸ ਸਬੰਧੀ ਪ੍ਰਬੰਧਾਂ ਨੂੰ ਅੰਤਿਮ ਰੂਪ ਦੇ ਦਿੱਤਾ ਹੈ। ਇਸ ਦਾ ਮੰਤਵ ਖੇਤਰ ਵਿੱਚ ਡਾਕਟਰੀ ਸਿੱਖਿਆ ਨੂੰ ਹੁਲਾਰਾ ਦੇਣ ਦੇ ਨਾਲ-ਨਾਲ ਲੋਕਾਂ ਲਈ ਮਿਆਰੀ ਸਿਹਤ ਸਹੂਲਤਾਂ ਯਕੀਨੀ ਬਣਾਉਣਾ ਹੈ।ਇਸ ਪ੍ਰਾਜੈਕਟ ਨੂੰ ਜੰਗੀ ਪੱਧਰ ’ਤੇ ਪੂਰਾ ਕਰਨ ਲਈ ਸੂਬਾ ਸਰਕਾਰ ਕੋਈ ਕਸਰ ਬਾਕੀ ਨਹੀਂ ਛੱਡੇਗੀ।” ਇਸ ਨਵੇਂ ਹਸਪਤਾਲ ਦੀ ਅਹਿਮੀਅਤ ਬਾਰੇ ਬੋਲਦਿਆਂ ਉਨ੍ਹਾਂ ਕਿਹਾ, “ਅੱਜ ਸੰਤ ਅਤਰ ਸਿੰਘ ਜੀ ਮਹਾਰਾਜ ਦੇ ਜਨਮ ਸਥਾਨ ਪਿੰਡ ਚੀਮਾ ਵਿਖੇ ਕਮਿਊਨਿਟੀ ਹੈਲਥ ਸੈਂਟਰ ਦਾ ਉਦਘਾਟਨ ਕੀਤਾ ਗਿਆ ਹੈ। ਸੰਤ ਅਤਰ ਸਿੰਘ ਜੀ ਮਹਾਰਾਜ ਨੇ ਸਿੱਖਿਆ ਅਤੇ ਸਮਾਜ ਸੇਵਾ ਵਿੱਚ ਵਡਮੁੱਲਾ ਯੋਗਦਾਨ ਪਾਇਆ ਅਤੇ ਉਨ੍ਹਾਂ ਦੇ ਸਨਮਾਨ ਵਿੱਚ ਇਸ ਕਮਿਊਨਿਟੀ ਹੈਲਥ ਸੈਂਟਰ ਦਾ ਨਾਮ ਅਜਿਹੀ ਮਹਾਨ ਸ਼ਖ਼ਸੀਅਤ ਦੇ ਨਾਮ ’ਤੇ ਰੱਖਿਆ ਜਾਣਾ ਸੁਭਾਗੀ ਗੱਲ ਹੈ। ਜ਼ਿਕਰਯੋਗ ਹੈ ਕਿ 11.75 ਕਰੋੜ ਦੀ ਲਾਗਤ ਵਾਲੇ ਇਸ ਸੈਂਟਰ ਦੀ ਸਮਰੱਥਾ 30 ਬਿਸਤਰਿਆਂ ਦੀ ਹੋਵੇਗੀ ।

ਇਸ ਪ੍ਰਾਜੈਕਟ ਬਾਰੇ ਵਿਸਥਾਰ ਨਾਲ ਜਾਣਕਾਰੀ ਦਿੰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, “ਇਹ ਕੇਂਦਰ ਅਸਲ ਵਿੱਚ 1975 ਵਿੱਚ 10 ਬਿਸਤਰਿਆਂ ਦੀ ਸਮਰੱਥਾ ਨਾਲ ਸਥਾਪਿਤ ਕੀਤਾ ਗਿਆ ਸੀ ਅਤੇ ਬਾਅਦ ਵਿੱਚ ਇਸ ਦੀ ਸਮਰੱਥਾ ਵਧਾ ਕੇ 20 ਬਿਸਤਰਿਆਂ ਤੱਕ ਕਰ ਦਿੱਤੀ ਗਈ ਸੀ। ਹੁਣ ਇਲਾਕੇ ਦੀ ਲੋੜ ਦੇ ਮੱਦੇਨਜ਼ਰ ਇਸ ਨੂੰ 30 ਬਿਸਤਰਿਆਂ ਤੱਕ ਵਧਾ ਦਿੱਤਾ ਗਿਆ ਹੈ। ਲਗਪਗ 50 ਹਜ਼ਾਰ ਲੋਕਾਂ ਨੂੰ ਐਮਰਜੈਂਸੀ ਅਤੇ ਵਿਸ਼ੇਸ਼ ਡਾਕਟਰੀ ਸੇਵਾਵਾਂ ਉਪਲਬਧ ਕਰਵਾਉਣ ਵਾਲਾ ਇਹ ਕੇਂਦਰ ਇਲਾਕੇ ਦੇ ਲੋਕਾਂ ਲਈ ਵਰਦਾਨ ਸਾਬਤ ਹੋਵੇਗਾ।ਸੜਕ ਹਾਦਸਿਆਂ ਦੇ ਪੀੜਤਾਂ ਅਤੇ ਗੰਭੀਰ ਬਿਮਾਰੀਆਂ ਵਾਲੇ ਮਰੀਜ਼ਾਂ ਨੂੰ ਐਮਰਜੈਂਸੀ ਦੇਖਭਾਲ ਮਿਲੇਗੀ ਅਤੇ ਇੱਥੇ ਸਰਜੀਕਲ ਪ੍ਰੋਸੀਜ਼ਰਜ਼ ਸਬੰਧੀ ਸਹੂਲਤਾਂ ਵੀ ਦਿੱਤੀਆਂ ਜਾਣਗੀਆਂ।”

ਇਸ ਹਸਪਤਾਲ ਵਿੱਚ ਉਪਲਬਧ ਡਾਕਟਰੀ ਸੇਵਾਵਾਂ ਗਿਣਵਾਉਂਦਿਆਂ ਉਨ੍ਹਾਂ ਕਿਹਾ, “ਈ.ਐਨ.ਟੀ. ਅਤੇ ਦੰਦਾਂ ਦੀਆਂ ਸੇਵਾਵਾਂ ਦੇ ਨਾਲ-ਨਾਲ ਬੱਚਿਆਂ ਦੀਆਂ ਬਿਮਾਰੀਆਂ ਦੇ ਇਲਾਜ ਲਈ ਬਾਲ ਰੋਗਾਂ ਦੇ ਮਾਹਿਰ ਵੀ ਉਪਲਬਧ ਹੋਣਗੇ। ਮੁਫ਼ਤ ਜੱਚਾ-ਬੱਚਾ ਸਿਹਤ ਸੰਭਾਲ ਸੇਵਾਵਾਂ, ਐਕਸ-ਰੇਅ ਅਤੇ ਖ਼ੂਨ ਦੀ ਜਾਂਚ ਸਬੰਧੀ ਸਹੂਲਤਾਂ ਵੀ ਦਿੱਤੀਆਂ ਜਾਣਗੀਆਂ। ਇਸ ਤੋਂ ਇਲਾਵਾ ਨਸ਼ਾ ਛੁਡਾਉਣ ਵਾਲੇ ਮਰੀਜ਼ਾਂ ਨੂੰ ਵੀ ਸੀਐਚਸੀ ਵਿੱਚ ਇਲਾਜ ਦੀ ਸਹੂਲਤ ਦਿੱਤੀ ਜਾਵੇਗੀ।”

**ਚੀਮਾ ਵਿੱਚ 30 ਬਿਸਤਰਿਆਂ ਵਾਲਾ ਸੰਤ ਅਤਰ ਸਿੰਘ ਜੀ ਮਹਾਰਾਜ ਹਸਪਤਾਲ ਆਧੁਨਿਕ ਮਸ਼ੀਨਾਂ ਨਾਲ ਲੈਸ , ਵੱਖਰੇ ਐਮਰਜੈਂਸੀ ਅਤੇ ਜੱਚਾ-ਬੱਚਾ ਵਾਰਡ ਦੀ ਵੀ ਹੋਵੇਗੀ ਸਹੂਲਤ: ਮੁੱਖ ਮੰਤਰੀ ਭਗਵੰਤ ਸਿੰਘ ਮਾਨ**

ਨਸ਼ਿਆਂ ਦੇ ਮਾਰੂ ਪ੍ਰਭਾਵਾਂ ਬਾਰੇ ਬੋਲਦਿਆਂ ਮੁੱਖ ਮੰਤਰੀ ਨੇ ਨਸ਼ਿਆਂ ਨੂੰ ਕਾਨੂੰਨੀ ਮਾਨਤਾ ਦੇਣ ਨੂੰ ਮੁੱਢੋਂ ਰੱਦ ਕਰਦਿਆਂ ਕਿਹਾ, “ਇਹ ਤਰਕਹੀਣ ਅਤੇ ਬੇਤੁਕਾ ਹੈ ਕਿਉਂਕਿ ਇੱਕ ਨਸ਼ਾ ਦੂਜੇ ਦੀ ਥਾਂ ਨਹੀਂ ਲੈ ਸਕਦਾ। ਇਸ ਦੀ ਬਜਾਏ ਨੌਜਵਾਨਾਂ ਦੀ ਊਰਜਾ ਨੂੰ ਸਕਾਰਾਤਮਕ ਢੰਗ ਨਾਲ ਵਰਤ ਕੇ ਇਸ ਬਿਮਾਰੀ ਨੂੰ ਦੂਰ ਕੀਤਾ ਜਾਣਾ ਚਾਹੀਦਾ ਹੈ।ਸੂਬਾ ਸਰਕਾਰ ਨੇ ਪੰਜਾਬ ਨੂੰ ਨਸ਼ਾ ਮੁਕਤ ਬਣਾਉਣ ਲਈ ਪਹਿਲਾਂ ਹੀ ਕਈ ਪਹਿਲਕਦਮੀਆਂ ਸ਼ੁਰੂ ਕਰ ਦਿੱਤੀਆਂ ਹਨ।” ਸੂਬੇ ਵਿੱਚ ਚੱਲ ਰਹੀ ਨਸ਼ਾ ਵਿਰੋਧੀ ਮੁਹਿੰਮ ਦੇ ਹਾਂਪੱਖੀ ਹੁੰਗਾਰੇ ਦਾ ਜ਼ਿਕਰ ਕਰਦਿਆਂ ਉਨ੍ਹਾਂ ਕਿਹਾ, “ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਨੇ ਪਹਿਲਾਂ ਹੀ ਸੂਬੇ ਵਿੱਚ ਨਸ਼ਾ ਕਾਰੋਬਾਰ ਦਾ ਲੱਕ ਤੋੜਿਆ ਹੈ। ਨਸ਼ਿਆਂ ਦੀ ਸਪਲਾਈ ਲਾਈਨ ਤੋੜ ਦਿੱਤੀ ਗਈ ਹੈ, ਨਸ਼ਾ ਤਸਕਰਾਂ ਨੂੰ ਸਲਾਖਾਂ ਪਿੱਛੇ ਸੁੱਟ ਦਿੱਤਾ ਗਿਆ ਹੈ ਅਤੇ ਉਨ੍ਹਾਂ ਦੀਆਂ ਜਾਇਦਾਦਾਂ ਜ਼ਬਤ ਕੀਤੀਆਂ ਗਈਆਂ ਹਨ। ‘ਆਪ’ ਸਰਕਾਰ ਜਲਦੀ ਹੀ ਉਨ੍ਹਾਂ ਬਹਾਦਰਾਂ ਨੂੰ ਸਨਮਾਨਿਤ ਕਰਨ ਲਈ ਇੱਕ ਮੁਹਿੰਮ ਸ਼ੁਰੂ ਕਰੇਗੀ, ਜਿਨ੍ਹਾਂ ਨੇ ਨਸ਼ਾ ਤਸਕਰਾਂ ਵਿਰੁੱਧ ਅਹਿਮ ਜਾਣਕਾਰੀ ਦਿੱਤੀ ।”

ਪ੍ਰਸ਼ਾਸਨ ਦੀਆਂ ਪ੍ਰਾਪਤੀਆਂ ਗਿਣਾਉਂਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, “ ‘ਆਪ’ ਸਰਕਾਰ ਨੇ ਹਰ ਖੇਤਰ ਵਿੱਚ ਮਹੱਤਵਪੂਰਨ ਪਹਿਲਕਦਮੀਆਂ ਕੀਤੀਆਂ ਹਨ, ਜਿਸ ਕਾਰਨ ਇਨ੍ਹਾਂ ਖੇਤਰਾਂ ਵਿੱਚ ਵੱਡੀ ਤਬਦੀਲੀ ਆਈ ਹੈ। ਲੋਕਾਂ ਦੇ ਟੈਕਸ ਦਾ ਪੈਸਾ ਸੂਬੇ ਦਾ ਹੈ ਅਤੇ ਉਹ ਇਸ ਨੂੰ ਸਮਝਦਾਰੀ ਨਾਲ ਲੋਕਾਂ ਦੀ ਭਲਾਈ ’ਤੇ ਖਰਚ ਕਰ ਰਹੇ ਹਨ। ਵਿਕਾਸ, ਸਕੂਲਾਂ, ਹਸਪਤਾਲਾਂ ਅਤੇ ਸੜਕਾਂ ਰਾਹੀਂ ਲੋਕਾਂ ਦਾ ਪੈਸਾ ਲੋਕਾਂ ਕੋਲ ਵਾਪਸ ਆ ਰਿਹਾ ਹੈ।ਸੂਬਾ ਸਰਕਾਰ ਨੇ 90 ਫੀਸਦ ਘਰਾਂ ਨੂੰ ਮੁਫ਼ਤ ਬਿਜਲੀ, ਭ੍ਰਿਸ਼ਟਾਚਾਰ ਤੋਂ ਬਿਨਾਂ 65 ਹਜ਼ਾਰ ਤੋਂ ਵੱਧ ਨੌਜਵਾਨਾਂ ਨੂੰ ਨੌਕਰੀਆਂ, ਬਿਹਤਰ ਸੜਕਾਂ, ਬੰਦ ਕੀਤੇ ਗਏ ਟੋਲ ਪਲਾਜ਼ੇ ਰੋਜ਼ਾਨਾ 70 ਲੱਖ ਰੁਪਏ ਦੀ ਬੱਚਤ ਕਰ ਰਹੇ ਹਨ ਅਤੇ ਬੁਨਿਆਦੀ ਢਾਂਚੇ ਨੂੰ ਮਜਬੂਤ ਕਰ ਰਹੇ ਹਨ।”

ਇਸ ਮੌਕੇ ਕੈਬਨਿਟ ਮੰਤਰੀ ਅਤੇ ਸਥਾਨਕ ਵਿਧਾਇਕ ਅਮਨ ਅਰੋੜਾ ਅਤੇ ਸਿਹਤ ਮੰਤਰੀ ਡਾ. ਬਲਬੀਰ ਸਿੰਘ ਵੀ ਮੌਜੂਦ ਸਨ।

## ਐੱਸ. ਐੱਚ. ਓ . ਜਸਦੀਪ ਸਿੰਘ ਨੇ ਥਾਣਾ ਮਹਿਤਾ ਦਾ ਚਾਰਜ ਸੰਭਾਲਿਆ



**ਚੌਂਕ ਮਹਿਤਾ, 2 ਅਪ੍ਰੈਲ (ਬਾਬਾ ਸੁਖਵੰਤ ਸਿੰਘ ਚੰਨਣਕੇ)**-ਸਬ ਇੰਸਪੈਕਟਰ ਹਰਪਾਲ ਸਿੰਘ ਦੇ ਤਬਾਦਲੇ ਤੋਂ ਬਾਅਦ ਸਬ ਇੰਸਪੈਕਟਰ ਜਸਦੀਪ ਸਿੰਘ ਨੇ ਐੱਸ. ਐੱਚ. ਓ. ਵਜੋਂ ਥਾਣਾ ਮਹਿਤਾ ਦਾਚਾਰਜ ਸੰਭਾਲ ਲਿਆ ਹੈ। ਅੱਜ ਇਥੇ ਗੱਲਬਾਤ ਕਰਦਿਆਂ ਉਨ੍ਹਾਂ ਕਿਹਾ ਕਿ ਥਾਣੇ ਆਉਣ ਵਾਲੇ ਹਰੇ ਵਿਅਕਤੀ ਨੂੰ ਸਤਿਕਾਰ ਮਿਲੇਗਾ ਅਤੇ ਬਣਦਾ ਇਨਸਾਫ਼ ਦਿੱਤਾ ਜਾਵੇਗਾ ।ਉਨ੍ਹਾਂ ਲੋਕਾਂ ਨੂੰ ਭਾਈਚਾਰਕ ਸਾਂਝ ਬਣਾਈ ਰੱਖਣ ਦੀ ਅਪੀਲ ਕੀਤੀ”ਤੇ ਕਿਹਾ ਕਿ ਥਾਣਾ ਮਹਿਤਾ ਦੇ ਅਧਿਕਾਰ ਖੇਤਰ ਅੰਦਰ ਅਮਨ ਸ਼ਾਂਤੀ ਭੰਗ ਕਰਨ ਵਾਲੇ ਸ਼ਰਾਰਤੀ ਲੋਕਾਂ ਦੀ ਗੁੰਡਾਗਰਦੀ ਬਰਦਾਸ਼ਤ ਨਹੀਂ ਕੀਤੀ ਜਾਵੇਗੀ ।ਸਖ਼ਤ ਤਾੜਨਾਂ ਕਰਦਿਆਂ ਉਨ੍ਹਾਂ ਆਖਿਆ ਕਿ ਨਸ਼ੇ ਜਾਂ ਹੋਰ ਗੈਰ ਕਾਨੂੰਨੀ ਧੰਦਾ ਕਰਨ ਵਾਲੇ ਗੈਰ ਸਮਾਜਿਕ ਅਨਸਰ ਆਪੋ ਆਪਣੇ ਕੰਮ ਸਮੇਟ ਲੈਣ, ਜੇਕਰ ਨਹੀਂ ਤਾਂ ਕਾਬੂ ਆਉਣ ਤੇ ਸਖ਼ਤ ਕਾਨੂੰਨੀ ਕਾਰਵਾਈ ਦਾ ਸਾਹਮਣਾ ਕਰਨਾ ਪਵੇਗਾ। ਉਨ੍ਹਾਂ ਨੇ ਆਮ ਲੋਕਾਂ ਨੂੰ ਪੁਲੀਸ ਦਾ ਸਾਥ ਦੇਣ ਦੀ ਅਪੀਲ ਕੀਤੀ।

## ਸ. ਐਚ.ਐਸ ਫੂਲਕਾ ਇਕ ਚੰਗੇ ਕਾਨੂੰਨਦਾਨ ਹਨ ਪਰ ਉਨ੍ਹਾਂ ਵੱਲੋਂ ਗਿਰਗਟ ਵਾਂਗ ਰੰਗ ਬਦਲਣ ਦੇ ਅਮਲ ਅਤਿ ਦੁੱਖਦਾਇਕ : ਮਾਨ

### ਪੰਜਾਬ ਤੇ ਸਿੱਖ ਕੌਮ ਵਿਰੋਧੀ ਕਾਰਵਾਈ ਉਤੇ ਉਚੇਚੇ ਤੌਰ ਤੇ ਭੇਜਿਆ ਜੈ ਸ੍ਰੀ ਰਾਮ ਅਤੇ ਜੈ ਹਿੰਦ ਦਾ ਸੰਦੇਸ




**ਨਵੀਂ ਦਿੱਲੀ, 2 ਅਪ੍ਰੈਲ (ਮਨਪ੍ਰੀਤ ਸਿੰਘ ਖਾਲਸਾ)**:- ਸ. ਹਰਵਿੰਦਰ ਸਿੰਘ ਫੂਲਕਾ ਇਕ ਦਿੱਲੀ ਦੇ ਸੀਨੀਅਰ ਸਿੱਖ ਕਾਨੂੰਨਦਾਨ ਹਨ, ਜਿਨ੍ਹਾਂ ਨੇ ਬੀਤੇ ਸਮੇ ਵਿਚ 1984 ਦੇ ਸਿੱਖ ਕਤਲੇਆਮ ਦੇ ਪੀੜ੍ਹਤਾਂ ਨੂੰ ਇਨਸਾਫ ਦਿਵਾਉਣ ਲਈ ਆਪਣੇ ਵੱਲੋ ਵੱਡੇ ਉਦਮ ਕੀਤੇ ਅਤੇ ਸਮੇ-ਸਮੇ ਤੇ ਸਿੱਖ ਕੌਮ ਦੀ ਆਵਾਜ਼ ਨੂੰ ਉਠਾਉਦੇ ਰਹੇ ਹਨ, ਲੇਕਿਨ ਉਨ੍ਹਾਂ ਦੇ ਇਹ ਅਮਲ ਕਿ ਵਾਰ-ਵਾਰ ਪਾਰਟੀਆ ਬਦਲਕੇ ਇੱਧਰ-ਉੱਧਰ ਜਾਣਾ ਅਤਿ ਦੁੱਖਦਾਇਕ ਅਤੇ ਸਿੱਖ ਮਨਾਂ ਨੂੰ ਠੇਸ ਪਹੁੰਚਾਉਣ ਵਾਲੀਆ ਕਾਰਵਾਈਆ ਹਨ । ਸ. ਸਿਮਰਨਜੀਤ ਸਿੰਘ ਮਾਨ ਪ੍ਰਧਾਨ ਸ਼੍ਰੋਮਣੀ ਅਕਾਲੀ ਦਲ (ਅੰਮ੍ਰਿਤਸਰ) ਨੇ ਸ. ਹਰਵਿੰਦਰ ਸਿੰਘ ਫੂਲਕਾ ਵਰਗੀ ਕਾਨੂੰਨ ਦੀ ਮੁਹਾਰਤ ਰੱਖਣ ਵਾਲੀ ਅਤੇ ਸਿੱਖ ਕਤਲੇਆਮ ਦੇ ਪੀੜ੍ਹਤਾਂ ਦੇ ਹੱਕ ਵਿਚ ਆਵਾਜ਼ ਬੁਲੰਦ ਕਰਨ ਵਾਲੀ ਸਖਸ਼ੀਅਤ ਵੱਲੋ ਪੰਜਾਬੀਆਂ ਅਤੇ ਸਿੱਖਾਂ ਦੀ ਕਤਲ ਕਰਨ ਵਾਲੀ ਜਮਾਤ ਵਿਚ ਸਾਮਿਲ ਹੋਣ ਉਤੇ ਗਹਿਰੇ ਦੁੱਖ ਦਾ ਪ੍ਰਗਟਾਵਾ ਕਰਦੇ ਹੋਏ ਅਤੇ ਉਨ੍ਹਾਂ ਦਾ ਭਾਜਪਾ ਵਿਚ ਜਾਣ ਕਾਰਵਾਈ ਨੂੰ ਅਤਿ ਸ਼ਰਮਨਾਕ ਕਰਾਰ ਦਿਤਾ ਹੈ ।ਉਨ੍ਹਾਂ ਸ. ਫੂਲਕਾ ਨੂੰ ਚੇਤੇ ਕਰਵਾਇਆ ਕਿ ਯੂ.ਐਸ. ਕਮਿਸਨ ਓਨ ਇੰਟਰਨੈਸਲਨ ਰੀਲੀਜੀਅਸ ਫਰੀਡਮ ਦੀ ਹੁਣੇ ਹੀ ਜਾਰੀ ਹੋਈ ਰਿਪੋਰਟ ਵਿਚ ਬੀਜੇਪੀ ਨੂੰ ਚਲਾਉਣ ਵਾਲੀ ਆਰ.ਐਸ.ਐਸ ਦੀ ਫਿਰਕੂ ਜਮਾਤ ਅਤੇ ਇੰਡੀਆ ਦੀ ਖੁਫੀਆ ਏਜੰਸੀ ਰਾਅ ਨੂੰ ਉਪਰੋਕਤ ਕਤਲਾਂ ਲਈ ਜਿੰਮੇਵਾਰ ਠਹਿਰਾਇਆ ਹੈ ਅਤੇ ਇਨ੍ਹਾਂ ਉਤੇ ਯੂ.ਐਸ. ਕਮਿਸਨ ਓਨ ਇੰਟਰਨੈਸਲਨ ਰੀਲੀਜੀਅਸ ਫਰੀਡਮ ਨੇ ਪਾਬੰਦੀ ਲਗਾਈ ਹੋਈ ਹੈ ।ਅਜਿਹੀਆ ਪੰਜਾਬ ਸੂਬੇ ਤੇ ਸਿੱਖ ਕੌਮ ਵਿਰੋਧੀ ਮੁਤੱਸਵੀ ਜਮਾਤਾਂ ਵਿਚ ਸਾਮਿਲ ਹੋਣ ਪਿੱਛੇ ਕੀ ਮਕਸਦ ਹੈ ? ਉਨ੍ਹਾਂ ਸ. ਫੂਲਕਾ ਵਰਗੀਆ ਹੋਰ ਵੀ ਉਹ ਸਿੱਖ ਜੋ ਧੜਾਧੜ ਬੀਜੇਪੀ ਵਿਚ ਸਾਮਿਲ ਹੋ ਰਹੇ ਹਨ, ਉਨ੍ਹਾਂ ਨੂੰ ਪੰਜਾਬੀਆਂ ਤੇ ਸਿੱਖ ਕੌਮ ਦੀ ਕਚਹਿਰੀ ਵਿਚ ਖੜ੍ਹਾ ਕਰਦੇ ਹੋਏ ਕਿਹਾ ਕਿ ਸ੍ਰੀ ਮੋਦੀ ਅਤੇ ਸ੍ਰੀ ਅਮਿਤ ਸ਼ਾਹ ਪੰਜਾਬ ਸੂਬੇ ਵਿਚ ਕ੍ਰਮਵਾਰ ਜਲੰਧਰ ਅਤੇ ਮੋਗਾ ਵਿਖੇ ਆ ਕੇ ਵੱਡੇ-ਵੱਡੇ ਚੋਣ ਮਨੋਰਥਾਂ ਦੀ ਪੂਰਤੀ ਲਈ ਇਕੱਠ ਤਾਂ ਕਰਕੇ ਗਏ ਹਨ, ਪਰ ਲੰਮੇ ਸਮੇ ਤੋ ਜਿਨ੍ਹਾਂ ਦੀਰਘ ਮੁਸ਼ਿਕਲਾਂ ਅਤੇ ਮਸਲਿਆ ਨਾਲ ਸਿੱਖ ਕੌਮ ਅਤੇ ਪੰਜਾਬੀ ਜੂਝਦੇ ਆ ਰਹੇ ਹਨ, ਉਨ੍ਹਾਂ ਵਿਚੋਂ ਕਿਸੇ ਇਕ ਵੀ ਗੰਭੀਰ ਮਸਲੇ ਦਾ ਹੱਲ ਉਪਰੋਕਤ ਦੋਵਾਂ ਬੀਜੇਪੀ ਆਗੂਆਂ ਵੱਲੋ ਨਾ ਕਰਨਾ ਜਿਵੇ ਬੰਦੀ ਸਿੰਘਾਂ ਦੀ ਰਿਹਾਈ, ਵਪਾਰ ਲਈ ਪੰਜਾਬ ਦੀਆਂ ਪਾਕਿਸਤਾਨ ਨਾਲ ਲੱਗਦੀਆਂ ਸਰਹੱਦਾਂ ਨੂੰ ਖੁਲ੍ਹਦਿਲੀ ਨਾਲ ਖੋਲਣਾ, ਪੰਜਾਬ ਦੇ ਲੁੱਟੇ ਗਏ ਪਾਣੀਆਂ ਦੀ ਹੁਣ ਤੱਕ ਬਣਦੀ ਰਿਅਲਟੀ ਕੀਮਤ ਨਾ ਦੇਣਾ, ਪੰਜਾਬੀ ਬੋਲਦੇ ਇਲਾਕਿਆ ਅਤੇ ਚੰਡੀਗੜ੍ਹ ਨੂੰ ਪੂਰਨ ਕਾਨੂੰਨੀ ਰੂਪ ਵਿਚ ਪੰਜਾਬ ਦੇ ਸਪੁਰਦ ਕਰਨਾ, ਪੰਜਾਬ ਦੇ ਹੈੱਡਵਰਕਸਾਂ ਤੋ ਖੋਹੀ ਜਾਣ ਵਾਲੀ ਬਿਜਲੀ ਦੇ ਮਸਲੇ ਨੂੰ ਹੱਲ ਕਰਨਾ, ਪੰਜਾਬੀ ਬੇਰੁਜਗਾਰੀ ਨੂੰ ਖਤਮ ਕਰਨ ਲਈ ਪੰਜਾਬ ਨੂੰ 2-4 ਵੱਡੀਆ ਇੰਡਸਟਰੀਆ ਦੇਣਾ, ਫ਼ੌਜ ਵਿਚ ਸਿੱਖਾਂ ਦੀ ਪਹਿਲੇ ਵਾਲੀ 33% ਭਰਤੀ ਕੋਟੇ ਨੂੰ ਬਹਾਲ ਕਰਨ, 15 ਸਾਲਾਂ ਤੋ ਐਸ.ਜੀ.ਪੀ.ਸੀ ਦੀਆਂ ਜਰਨਲ ਚੋਣਾਂ ਨਾ ਕਰਵਾਉਣਾ ਆਦਿ ਕਿਸੇ ਵੀ ਮਸਲੇ ਦਾ ਹੱਲ ਨਾ ਕਰਨ ਵਾਲੀ ਪੰਜਾਬ ਵਿਰੋਧੀ ਬੀਜੇਪੀ ਪਾਰਟੀ ਵਿਚ ਸ. ਫੂਲਕਾ ਤੇ ਹੋਰ ਸਿੱਖ ਕਿਸ ਬਿਨ੍ਹਾਂ ਤੇ ਸਾਮਿਲ ਹੋ ਰਹੇ ਹਨ ? ਸ. ਮਾਨ ਨੇ ਸ. ਫੂਲਕਾ ਦੀ ਇਸ ਪੰਜਾਬ ਤੇ ਸਿੱਖ ਕੌਮ ਵਿਰੋਧੀ ਕਾਰਵਾਈ ਉਤੇ ਉਚੇਚੇ ਤੌਰ ਤੇ ਜੈ ਸ੍ਰੀ ਰਾਮ ਅਤੇ ਜੈ ਹਿੰਦ ਦਾ ਸੰਦੇਸ ਵੀ ਭੇਜਿਆ ।

ਆਵਾਜ਼ਿ ਕੌਮ
AWAZE QAUM
International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ ’ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

**ਦੋਸ਼ੀ ਧਿਰ ਦੀ ਪੁਲੀਸ ਦੁਆਰਾ ਕੀਤੀ ਜਾਂਦੀ ਪੁਸ਼ਤਪਨਾਹੀ ਤੇ ਸਤਨਾਮ ਸਿੰਘ ਗਿੱਲ ਨੇ ਚੁੱਕਿਆ ਸਵਾਲ ?**

# ਪੀੜਤ ਧਿਰ ਦੀ ਹਰ ਸੰਭਵ ਮਦਦ ਕੀਤੀ ਜਾਵੇਗੀ: ਸੀਨੀ.ਵਾਈਸ ਚੇਅਰਮੈਨ ਗੀਤਾ ਗਿੱਲ



**ਚੌਕ ਮਹਿਤਾ, 2 ਅਪ੍ਰੈਲ (ਬਾਬਾ ਸੁਖਵੰਤ ਸਿੰਘ ਚੰਨਣਕੇ)**-ਮਹਿਲਾਵਾਂ ਨੂੰ ਪ੍ਰਸਾਸ਼ਿਨਕ ਪੱਧਰ ਤੇ ਆ ਰਹੀਆਂ ਮੁਸ਼ਿਕਲਾਂ ਦੇ ਮੁੱਦੇ ਤੇ ਵਿਚਾਰ ਚਰਚਾ ਕਰਨ ਦੇ ਉਦੇਸ਼ ਦੀ ਪੂਰਤੀ ਨੂੰ ਲੈਕੇ ਘੱਟ ਗਿਣਤੀ ਲੋਕ ਭਲਾਈ ਸੰਸਥਾ ਦੇ ਪ੍ਰਧਾਨ ਸ੍ਰ ਸਤਨਾਮ ਸਿੰਘ ਗਿੱਲ ਨੇ ਅੱਜ ਕੁਨਾਲਗੜ੍ਹ ਵਿਖੇ ਪੰਜਾਬ ਰਾਜ ਮਹਿਲਾ ਕਮਿਸ਼ਨ ਦੀ ਸੀਨੀਅਰ ਵਾਈਸ ਚੇਅਰਮੈਨ ਬੀਬਾ ਗੀਤਾ ਗਿੱਲ ਦੇ ਨਾਲ ਸਹਿਚਾਰਕ ਤੌਰ 'ਤੇ ਮੀਟਿੰਗ ਕੀਤੀ।

ਆਵਾਜ਼ਿ ਕੌਮ AWAZE QAUM International Newspaper & WEB TV

ਇਸ ਮੁਲਾਕਾਤ ਦੌਰਾਨ ਪਟੀਸ਼ਨਰ ਅਤੇ ਸਮਾਜ ਸੈਵੀ ਸ ਗਿੱਲ ਨੇ ਮਹਿਲਾ ਕਮਿਸ਼ਨ ਦੀ ਸੀਨੀਅਰ ਵਾਈਸ ਚੇਅਰਮੈਨ ਬੀਬਾ ਗੀਤਾ ਗਿੱਲ ਕੋਲ ਘਰੇਲੂ ਮਾਮਲਿਆਂ 'ਚ ਤਫਤੀਸ਼ ਪੱਧਰ ਤੇ ਜਾਂਚ ਦੌਰਾਨ ਪੁਲੀਸ ਪਾਰਟੀ ਦੁਆਰਾ ਕਮਿਸ਼ਨ ਨੂੰ ਭੇਜੀ ਜਾਂਦੀ ਸਟੇਟਸ ਰਿਪੋਰਟ 'ਚ ਮੁਦਈ ਧਿਰ ਦੇ ਹੱਕ 'ਚ ਰਿਪੋਰਟ ਪੇਸ਼ ਕਰਨ ਦੀ ਬਜਾਏ ਦੋਸ਼ੀ ਧਿਰ ਦੀ ਪੁਸ਼ਤਪਨਾਹੀ ਕਰਨ ਦੇ ਰੁਟੀਨ ਦੀ ਵਿਭਾਗੀ ਕਾਰਵਾਈ 'ਚ ਪਾਰਦਰਸ਼ਤਾ ਲਿਆਉਂਣ ਲਈ ਸੰਭਵ ਯਤਨ ਕਰਨ ਲਈ ਕਿਹਾ।

ਔਰਤਾਂ ਤੇ ਹੋ ਰਹੇ ਮਾਨਸਿਕ ਤੇ ਸਰੀਰਕ ਤਸ਼ੱਦਦ ਨੂੰ ਠੱਲ੍ਹਣ ਦੇ ਮਾਮਲੇ 'ਚ ਕਮਿਸ਼ਨ ਪਤਵੰਤਾਂ ਸਮਾਜ ਦੀ ਭੂਮਿਕਾ ਅਤੇ ਪ੍ਰਸਾਸ਼ਨ ਦੇ ਰੋਲ ਨੂੰ ਨਿਯਮਤ ਕਰਨ ਲਈ ਵੀ ਤਾਕੀਦ ਕੀਤੀ ।ਸੰਸਥਾ ਦੇ ਪ੍ਰਧਾਨ ਸ ਗਿੱਲ ਨੇ ਕਮਿਸ਼ਨ ਦੇ ਧਿਆਨ 'ਚ ਲਿਆਂਦਾ ਹੈ ਕਿ ਕਈ ਕੇਸ ਉਹਨਾ ਦੇ ਕੋਲ ਅਜਿਹੇ ਪੈਂਡਿੰਗ ਹਨ ਜਿੰਨ੍ਹਾ ਪੀੜਤ ਔਰਤਾਂ ਆਪਣੀ ਪਛਾਣ ਵੀ ਜਨਤਕ ਨਹੀਂ ਕਰਨਾ ਚਾਹੁੰਦੀਆਂ ਹਨ ਤੇ ਕਨੂੰਨ ਅਨੁਸਾਰ ਮਦਦ ਵੀ ਪ੍ਰਾਪਤ ਕਰਨਾ ਚਾਹੁੰਦੀਆਂ ਹਨ ਉਹਨਾ ਦੀ ਮਦਦ ਕਰਨ ਲਈ ਕਮਿਸ਼ਨ ਕੋਲ ਕੀ ਵਿਕਲਪ ਹੈ ? ਅਜਿਹੇ ਮਾਮਲਿਆਂ 'ਚ ਮਾਪਿਆਂ ਨੂੰ ਲਾਂਭੇਂ ਰੱਖ ਕੇ ਦਫਤਰੀ ਪੱਧਰ ਤੇ ਸਰਕਾਰੀ ਕਰਮਚਾਰੀ ਕਿਵੇਂ ਪੀੜਤਾ ਨੂੰ ਇਨਸਾਫ ਦੇ ਪਾਵੇਗਾ ਇਸ ਮੁੱਦੇ ਤੇ ਸਾਨੂੰ ਸੰਸਥਾਵਾਂ ਅਤੇ ਪੀੜਤ ਧਿਰ 'ਚ ਸ਼ਾਮਲ ਮਹਿਲਾਵਾਂ ਨੂੰ ਕੀ ਕਰਨਾ ਚਾਹੀਦਾ ਹੈ ਇਸ ਬਾਰੇ ਵੀ ਕਮਿਸ਼ਨ ਸਮਾਜ ਨੂੰ ਸਹੀ ਸੇਧ ਜਰੂਰ ਦੇਵੇ।

ਕਥਿਤ ਬਲਾਤਕਾਰ ਦੇ ਮਾਮਲਿਆਂ 'ਚ ਔਰਤਾਂ ਆਪਣੀ ਪਛਾਣ ਅਤੇ ਆਪਣਾ ਚੇਹਰਾ ਦੁਨੀਆਂ ਦੇ ਸਾਹਮਣੇ ਲਿਆਂਦੇ ਬਗੈਰ ਹੱਕ ਪ੍ਰਾਪਤ ਕਰਨ ਲਈ ਸਮਾਜ ਸੇਵਕਾ ਕੋਲ ਮੰਗ ਕਰਦੂ ਹਨ ਕੀ ਕਮਿਸ਼ਨ ਪੀੜਤਾਂ ਦੀ ਇਸ ਪੱਖ 'ਚ ਕੋਈ ਮਦਦ ਕਰ ਸਕਦਾ ਹੈ ?

ਮੀਟਿੰਗ ਦੌਰਾਨ ਸੰਸਥਾ ਵੱਲੋਂ ਉਠਾਏ ਮੁੱਦਿਆਂ ਬਾਰੇ ਆਪਣਾ ਪੱਖ ਸਪੱਸ਼ਟ ਕਰਦਿਆਂ ਪੰਜਾਬ ਰਾਜ ਮਹਿਲਾ ਕਮਿਸ਼ਨ ਦੀ ਸੀਨੀਅਰ ਵਾਈਸ ਚੇਅਰਪਰਸਨ ਬੀਬਾ ਗੀਤਾ ਗਿੱਲ ਨੇ ਭਰੋਸਾ ਦਿੱਤਾ ਕਿ ਮੇਰੇ ਧਿਆਨ 'ਚ ਪੀੜਤ ਧਿਰ ਦੀ ਸੰਭਵ ਮਦਦ ਤੇ ਸਾਰਥਕ ਢੰਗ ਨਾਲ ਇਨਸਾਫ ਦਵਾਉਂਣ ਲਈ ਕਨੂੰਨੀ ਤੌਰ 'ਤੇ ਕੀ ਰਾਹ ਕੱਢਿਆ ਜਾ ਸਕਦਾ ਹੈ ਇਸ ਬਾਰੇ ਉਹ ਪੰਜਾਬ ਰਾਜ ਮਹਿਲਾ ਕਮਿਸ਼ਨ ਦੀ ਚੇਅਰਪਰਸਨ ਸ਼੍ਰੀਮਤੀ ਲਾਲੀ ਗਿੱਲ ਅਤੇ ਮੈਂਬਰ ਸਕੱਤਰ ਨਾਲ ਵਿਚਾਰ ਚਰਚਾ ਕਰਨਗੇ ਅਤੇ ਕਮਿਸ਼ਨ ਦੀ ਸੰਭਵ ਮਦਦ ਲਈ ਸਮਾਜਿਕ ਦ੍ਰਿਸ਼ਟੀਕੋਣ ਤੋਂ ਕਿਸ ਤਰ੍ਹਾਂ ਦੀ ਮਦਦ ਸੰਸਥਾਵਾਂ ਤੋਂ ਪ੍ਰਾਪਤ ਕੀਤੀ ਜਾ ਸਕਦੀ ਹੈ ਬਾਰੇ ਖੁੱਲ੍ਹ ਕੇ ਵਿਚਾਰ ਚਰਚਾ ਕਰਨਗੇ ਅਤੇ ਜੋ ਸਮਾਜ ਮਹਿਲਾ ਕਮਿਸ਼ਨ ਤੋਂ ਉਮੀਦ ਰੱਖਦਾ ਹੈ ਉਸ ਅਨੁਸਾਰ ਖਰੇ ਉਤਰਨ ਲਈ ਹਰ ਸੰਭਵ ਮਦਦ ਕਰਾਂਗੇ।

ਉਹਨਾ ਨੇ ਕਿਹਾ ਕਿ ਪੰਜਾਬ ਰਾਜ ਮਹਿਲਾ ਕਮਿਸ਼ਨ ਕੌਸ਼ਲੰਗਿ ਰਾਹੀਂ ਕੇਸਾਂ ਦੇ ਨਿਪਟਾਰੇ ਕਰਨ ਨੂੰ ਤਰਜ਼ੀਹ ਦੇਕੇ ਇਸ ਪੱਖ 'ਚ ਪਾਰਦਰਸ਼ਤਾ ਨਾਲ ਕੰਮ ਕਰ ਰਿਹਾ ਹੈ ਕਮਿਸ਼ਨ 'ਚ ਹਰੇਕ ਨੂੰ ਮੈਰਿਟ ਅਧਾਰਿਤ ਸੁਣਿਆਂ ਜਾਂਦਾ ਹੈ ਇਸ ਕਮਿਸ਼ਨ 'ਚ ਸਿਆਸੀ ਦਖਲ ਅੰਦਾਜੀ ਨਾ ਮਾਤਰ ਵੀ ਨਹੀਂ ਹੈ ਉਹਨਾ ਨੇ ਇਸ ਵੀ ਪੁਸ਼ਟੀ ਕੀਤੀ ਹੈ ਕਿ ਕੰਮ ਦੀ ਪੈਡੰਸੀ ਨੂੰ ਧਿਆਨ 'ਚ ਰੱਖਦਿਆਂ ਚੇਅਰਪਰਸਨ ਸ੍ਰੀਮਤੀ ਰਾਜ ਲਾਲੀ ਗਿੱਲ ਅੰਮ੍ਰਿਤਸਰ 'ਚ ਲੋਕਾਂ ਦੀ ਸੁਣਵਾਈ ਕਰਨ ਲਈ ਸੰਭਾਵਨਾ ਪੈਦਾ ਕਰ ਰਹੇ ਹਨ ।ਇਸ ਮੌਕੇ ਕੋਮਲ ਸਿੰਘ ਫੇਰੂਮਾਨ ਤੋਂ ਇਲਾਵਾ ਪੀੜਤ ਪ੍ਰੀਵਾਰ ਹਾਜ਼ਰ ਸੀ।

**ਅੰਮ੍ਰਿਤਸਰ ਹਵਾਈ ਅੱਡੇ 'ਤੇ ਸ਼ਰਾਬ ਦੀਆਂ ਦੁਕਾਨਾਂ 'ਗੁਰੂ ਕੀ ਨਗਰੀ' ਦੀ ਮਰਿਯਾਦਾ ਅਤੇ ਪਵਿੱਤਰਤਾ ਦਾ ਘਾਣ: ਕਰਨੈਲ ਸਿੰਘ ਪੀਰ ਮੁਹੰਮਦ**

# ਅਯੁੱਧਿਆ ਅਤੇ ਬਨਾਰਸ ਏਅਰਪੋਰਟਾਂ ਦੀ ਤਰਜ਼ 'ਤੇ ਅੰਮ੍ਰਿਤਸਰ ਹਵਾਈ ਅੱਡੇ ਤੋਂ ਵੀ ਸ਼ਰਾਬ ਦੀਆਂ ਦੁਕਾਨਾਂ ਤੁਰੰਤ ਬੰਦ ਕੀਤੀਆਂ ਜਾਣ: ਪੀਰ ਮੁਹੰਮਦ

## ਪਵਿੱਤਰ ਸ਼ਹਿਰ ਦੇ ਦਰਜੇ ਅਤੇ ਚੌਥੀ ਪਾਤਸ਼ਾਹੀ ਦੇ ਨਾਮ ਦੀ ਮਰਿਯਾਦਾ ਬਹਾਲ ਰੱਖੇ ਕੇਂਦਰ ਸਰਕਾਰ

**ਅੰਮ੍ਰਿਤਸਰ, 2 ਅਪ੍ਰੈਲ (ਸਟਿੰਗ ਆਪ੍ਰੇਸ਼ਨ ਬਿਊਰੋ)**- ਸ਼੍ਰੋਮਣੀ ਅਕਾਲੀ ਦਲ ਪੁਨਰ ਸੁਰਜੀਤ ਦੇ ਸੀਨੀਅਰ ਮੀਤ ਪ੍ਰਧਾਨ ਸ੍ਰ. ਕਰਨੈਲ ਸਿੰਘ ਪੀਰ ਮੁਹੰਮਦ ਨੇ ਅੱਜ ਇੱਕ ਅਹਿਮ ਪ੍ਰੈਸ ਬਿਆਨ ਜਾਰੀ ਕਰਦਿਆਂ ਕੇਂਦਰ ਸਰਕਾਰ ਪਾਸੋਂ ਮੰਗ ਕੀਤੀ ਹੈ ਕਿ ਸ੍ਰੀ

ਆਵਾਜ਼ਿ ਕੌਮ AWAZE QAUM International Newspaper & WEB TV



ਗੁਰੂ ਰਾਮਦਾਸ ਜੀ ਇੰਟਰਨੈਸ਼ਨਲ ਏਅਰਪੋਰਟ, ਅੰਮ੍ਰਿਤਸਰ ਵਿਖੇ ਚੱਲ ਰਹੀਆਂ ਡਿਊਟੀ-ਫ੍ਰੀ ਸ਼ਰਾਬ ਦੀਆਂ ਦੁਕਾਨਾਂ ਨੂੰ ਤੁਰੰਤ ਪ੍ਰਭਾਵ ਨਾਲ ਬੰਦ ਕੀਤਾ ਜਾਵੇ।

ਸ੍ਰ. ਪੀਰ ਮੁਹੰਮਦ ਨੇ ਕਿਹਾ ਕਿ ਅੰਮ੍ਰਿਤਸਰ ਵਿਸ਼ਵ ਭਰ ਦੇ ਸਿੱਖਾਂ ਲਈ ਸਰਵਉੱਚ ਰੂਹਾਨੀ ਕੇਂਦਰ ਹੈ ਅਤੇ ਇਸ ਸ਼ਹਿਰ ਨੂੰ ਪਵਿੱਤਰ ਸ਼ਹਿਰ ਦਾ ਦਰਜਾ ਹਾਸਲ ਹੈ। ਉਨ੍ਹਾਂ ਕਿਹਾ ਕਿ ਇਹ ਬਹੁਤ ਹੀ ਅਫਸੋਸਨਾਕ ਪਹਿਲੂ ਹੈ ਕਿ ਜਿਸ ਹਵਾਈ ਅੱਡੇ ਦਾ ਨਾਮ ਚੌਥੀ ਪਾਤਸ਼ਾਹੀ ਸ੍ਰੀ ਗੁਰੂ ਰਾਮਦਾਸ ਜੀ ਦੇ ਪਵਿੱਤਰ ਨਾਮ 'ਤੇ ਰੱਖਿਆ ਗਿਆ ਹੋਵੇ, ਉੱਥੇ ਸ਼ਰਾਬ ਵਰਗੇ ਨਸ਼ਿਆਂ ਦੀ ਸ਼ਰੇਆਮ ਵਿਕਰੀ ਹੋ ਰਹੀ ਹੈ।

ਉਨ੍ਹਾਂ ਕੇਂਦਰ ਸਰਕਾਰ ਦੀ ਨੀਤੀ 'ਤੇ ਸਵਾਲ ਚੁੱਕਦਿਆਂ ਕਿਹਾ, "ਜੇਕਰ ਉੱਤਰ ਪ੍ਰਦੇਸ਼ ਦੇ ਅਯੁੱਧਿਆ ਅਤੇ ਬਨਾਰਸ (ਵਾਰਾਣਸੀ) ਵਰਗੇ ਧਾਰਮਿਕ ਸ਼ਹਿਰਾਂ ਦੇ ਹਵਾਈ ਅੱਡਿਆਂ 'ਤੇ ਪਵਿੱਤਰਤਾ ਦਾ ਸਤਿਕਾਰ ਕਰਦਿਆਂ ਸ਼ਰਾਬ ਦੀਆਂ ਦੁਕਾਨਾਂ ਨਹੀਂ ਖੋਲ੍ਹੀਆਂ ਗਈਆਂ, ਤਾਂ ਫਿਰ ਅੰਮ੍ਰਿਤਸਰ ਨਾਲ ਇਹ ਵਿਤਕਰਾ ਕਿਉਂ ? ਕੀ ਅੰਮ੍ਰਿਤਸਰ ਦੀ ਧਾਰਮਿਕ ਮਰਿਯਾਦਾ ਕੇਂਦਰ ਸਰਕਾਰ ਲਈ ਕੋਈ ਅਹਿਮੀਅਤ ਨਹੀਂ ਰੱਖਦੀ ?÷

ਸ੍ਰ. ਪੀਰ ਮੁਹੰਮਦ ਨੇ ਅੱਗੇ ਕਿਹਾ ਕਿ ਦੇਸ਼-ਵਿਦੇਸ਼ ਤੋਂ ਲੱਖਾਂ ਦੀ ਗਿਣਤੀ ਵਿੱਚ ਸ਼ਰਧਾਲੂ ਸ੍ਰੀ ਹਰਿਮੰਦਰ ਸਾਹਿਬ ਨਤਮਸਤਕ ਹੋਣ ਲਈ ਇਸ ਹਵਾਈ ਅੱਡੇ ਰਾਹੀਂ ਆਉਂਦੇ ਹਨ ।ਅਜਿਹੇ ਵਿੱਚ ਹਵਾਈ ਅੱਡੇ ਦੇ ਅੰਦਰ ਸ਼ਰਾਬ ਦੀਆਂ ਦੁਕਾਨਾਂ ਹੋਣਾ ਸਿੱਖ ਭਾਵਨਾਵਾਂ ਨੂੰ ਡੂੰਘੀ ਸੱਟ ਮਾਰਦਾ ਹੈ।

ਉਨ੍ਹਾਂ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਅਤੇ ਸ਼ਹਿਰੀ ਹਵਾਬਾਜ਼ੀ ਮੰਤਰੀ ਨੂੰ ਪੁਰਜ਼ੋਰ ਅਪੀਲ ਕੀਤੀ ਕਿ ਉਹ ਇਸ ਸੰਵੇਦਨਸ਼ੀਲ ਮੁੱਦੇ ਦਾ ਨੋਟਿਸ ਲੈਣ ਅਤੇ ਗੁਰੂ ਕੀ ਨਗਰੀ ਦੇ ਹਵਾਈ ਅੱਡੇ ਤੋਂ ਸ਼ਰਾਬ ਦੀਆਂ ਦੁਕਾਨਾਂ ਹਟਾਉਣ ਦੇ ਤੁਰੰਤ ਆਦੇਸ਼ ਜਾਰੀ ਕਰਨ। ਉਨ੍ਹਾਂ ਸਪੱਸ਼ਟ ਕੀਤਾ ਕਿ ਸ਼ਹਿਰ ਦੇ ਪਵਿੱਤਰ ਸਰੂਪ ਅਤੇ ਮਰਿਯਾਦਾ ਨੂੰ ਕਾਇਮ ਰੱਖਣਾ ਸਰਕਾਰ ਦੀ ਨੈਤਿਕ ਜ਼ਿੰਮੇਵਾਰੀ ਹੈ।

# ਸਰਦਾਰਨੀ ਕੁਲਵੰਤ ਕੌਰ ਸਰਪਾਲ ਦੀ ਅੰਤਿਮ ਅਰਦਾਸ ਮੌਕੇ ਸੰਗਤਾਂ ਨੇ ਭੇਂਟ ਕੀਤੀ ਸ਼ਰਧਾਂਜਲੀ

**ਨਵੀਂ ਦਿੱਲੀ 2 ਅਪ੍ਰੈਲ (ਮਨਪ੍ਰੀਤ ਸਿੰਘ ਖਾਲਸਾ):**- ਬੀਤੇ ਦਿਨੀ ਸਰਦਾਰਨੀ ਕੁਲਵੰਤ ਕੌਰ ਸਰਪਾਲ ਧਰਮ ਪਤਨੀ ਸਰਦਾਰ ਅਮਰਜੀਤ ਸਿੰਘ ਸਰਪਾਲ ਦਾ ਦਿਹਾਂਤ

ਆਵਾਜ਼ਿ ਕੌਮ AWAZE QAUM International Newspaper & WEB TV



ਹੋ ਗਿਆ ਸੀ ਉਹਨਾਂ ਦੇ ਨਿਮਿਤ ਅੰਤਿਮ ਅਰਦਾਸ ਮਿਤੀ 30 ਮਾਰਚ 2026 ਨੂੰ ਗੁਰਦੁਆਰਾ ਸ੍ਰੀ ਗੁਰੂ ਸਿੰਘ ਸਭਾ, ਕ੍ਰਿਸ਼ਨਾ ਪਾਰਕ ਐਕਸਟੈਂਸ਼ਨ ਵਿਖੇ ਕੀਰਤਨ ਸਮਾਗਮ ਕਰਾਇਆ ਗਿਆ। ਇਸ ਮੌਕੇ ਧਾਰਮਿਕ ਸਮਾਜਿਕ ਸ਼ਖ਼ਸੀਅਤਾਂ ਨੇ ਸਮਾਗਮ ਵਿਚ ਹਾਜ਼ਿਰੀ ਭਰਕੇ ਮਾਤਾ ਜੀ ਨੂੰ ਸ਼ਰਧਾਂਜਲੀ ਭੇਟ ਕੀਤੀ ਅਤੇ ਉਨ੍ਹਾਂ ਦੇ ਮਿਠੇ ਅਤੇ ਮਿਲਣਸਾਰ ਸੁਭਾਅ ਨੂੰ ਯਾਦ ਕੀਤਾ। ਅੰਤਿਮ ਅਰਦਾਸ ਮੌਕੇ ਸ਼ਰਧਾਂਜਲੀ ਭੇਟ ਕਰਨ ਵਾਲੀਆਂ ਵਿੱਚ ਸਾਬਕਾ ਪ੍ਰਿੰਸੀਪਲ ਖਾਲਸਾ ਸਕੂਲ ਸਰਦਾਰਨੀ ਹਰਵਿੰਦਰ ਕੌਰ ਚੱਢਾ, ਸਰਦਾਰ ਗੰਡਾ ਸਿੰਘ, ਟਾਂਕ ਕਸ਼ਤਰੀਆਂ ਟਰੱਸਟ ਤੋਂ ਮੋਹਿੰਦਰ ਰੋਹਿਲਾ, ਇੰਦਰਜੀਤ ਸਿੰਘ ਵਿਕਾਸਪੁਰੀ, ਦਰਸ਼ਨ ਸਿੰਘ, ਬਲਦੇਵ ਸਿੰਘ ਮਾਹੌਲ, ਜਗਜੀਤ ਸਿੰਘ ਮਾਹੌਲ, ਸਿੰਘ ਸਭਾ 5 ਬਲਾਕ ਦੇ ਪ੍ਰਧਾਨ ਹਰਪ੍ਰੀਤ ਸਿੰਘ ਸੋਂਕੀ ਅਤੇ ਵਿਸ਼ੇਸ਼ ਤੌਰ ਤੇ ਦਿੱਲੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਸਕੱਤਰ ਸ੍ਰ ਜਗਦੀਪ ਸਿੰਘ ਕਾਹਲੋ ਅਤੇ ਮੈਂਬਰ ਹਰਜੀਤ ਸਿੰਘ ਪਪਾ ਨੇ ਸ਼ੋਕ ਸੰਦੇਸ਼ ਰਾਹੀਂ ਪਰਿਵਾਰ ਦੇ ਮੈਂਬਰਾਂ ਨਾਲ ਦੁਖ ਸਾਂਝਾ ਕੀਤਾ। ਮਾਤਾ ਜੀ ਦੇ ਪਰਿਵਾਰ ਵਿੱਚ ਇੱਕ ਸਪੁੱਤਰ ਅਜੀਤ ਸਿੰਘ ਅਤੇ ਸਪੁਤਰੀ ਗੁਰਮਤਿ ਕੌਰ ਅਤੇ ਚਰਨਜੀਤ ਕੌਰ ਰਹਿ ਗਏ ਹਨ।

# ਰਾਜ ਹਸਪਤਾਲ ਹਠੂਰ ਵਿਖੇ ਮੁਫ਼ਤ ਮੈਡੀਕਲ ਚੈੱਕਅਪ ਕੈਂਪ 5 ਅਪ੍ਰੈਲ ਦਿਨ ਐਤਵਾਰ ਨੂੰ - ਡਾਕਟਰ ਗੁਰਵਿੰਦਰ ਕੌਰ/ਡਾਕਟਰ ਸੌਰਵ ਭੰਡਾਰੀ

ਜਗਰਾਉਂ (ਵਰਿਆਮ ਹਠੂਰ) ਜ਼ਿਲ੍ਹਾ ਲੁਧਿਆਣਾ ਦੇ ਪ੍ਰਸਿੱਧ ਕਸਬਾ ਹਠੂਰ ਵਿਖੇ ਸਥਿੱਤ ਰਾਜ ਹਸਪਤਾਲ





ਵਿਖੇ ਫੋਰਟਿਸ ਹਸਪਤਾਲ ਲੁਧਿਆਣਾ ਦੇ ਸਹਿਯੋਗ ਨਾਲ ਮੁਫ਼ਤ ਮੈਡੀਕਲ ਚੈੱਕਅਪ ਕੈਂਪ 5 ਅਪ੍ਰੈਲ ਦਿਨ ਐਤਵਾਰ ਨੂੰ ਸਵੇਰੇ 10 ਵਜੇ ਤੋਂ ਲੈਕੇ ਦੁਪਿਹਰ 2 ਵਜੇ ਤੱਕ ਲਗਾਇਆ ਜਾਵੇਗਾ ਜਿਸ ਵਿੱਚ ਸਪੈਸਲਿਸਟ ਡਾਕਟਰਾਂ ਦੀਆਂ ਟੀਮਾਂ ਮਰੀਜ਼ਾਂ ਦੇ ਚੈੱਕਅਪ ਕਰਨਗੀਆਂ, ਜਾਣਕਾਰੀ ਦਿੰਦਿਆਂ ਡਾਕਟਰ ਗੁਰਵਿੰਦਰ ਕੌਰ ਅਤੇ ਡਾਕਟਰ ਸੌਰਵ ਭੰਡਾਰੀ ਨੇ ਕਿਹਾ ਕਿ ਇਸ ਕੈਂਪ ਵਿੱਚ ਬੀ.ਪੀ ਚੈੱਕ, ਸ਼ੂਗਰ ਟੈਸਟ, ਯੂਰੋਫਲੋਮੈਟ੍ਰੀ ਟੈਸਟ, ਨਜ਼ਰ ਦੇ ਟੈਸਟ ਦੀ ਜਾਂਚ ਬਿਲਕੁਲ ਮੁਫਤ ਕੀਤੀ ਜਾਵੇਗੀ, ਤੇ ਵਧੀਆ ਡਾਕਟਰੀ ਸਲਾਹ ਮਿਲੇਗੀ, ਇਸ ਤੋਂ ਇਲਾਵਾ ਸਪੈਸਲਿਸਟ

ਆਵਾਜ਼ਿ ਕੌਮ AWAZE QAUM International Newspaper & WEB TV

ਡਾਕਟਰਾਂ ਵੱਲੋਂ ਕਿਡਨੀ, ਗਦੂਦਾਂ, ਪਿਸ਼ਾਬ ਰੋਗ ਔਰਤਾਂ ਦੇ ਰੋਗ, ਅੱਖਾਂ ਦੇ ਰੋਗਾਂ ਦੀ ਵੀ ਜਾਂਚ ਹੋਵੇਗੀ। ਉਹਨਾਂ ਅੱਗੇ ਕਿਹਾ ਕਿ ਇਸ ਮੌਕੇ ਲਾਲ ਪਥ ਲਾਇਬ ਵੱਲੋਂ ਐੱਚ ਬੀ, ਯੂਰਿਕ ਐਸਿਡ, ਕੈਲਸ਼ੀਅਮ , ਕਲੈਸਟਰੋਲ, ਇਹ ਟੈਸਟ ਸਿਰਫ 150 ਰੁਪਏ ਵਿੱਚ ਕੀਤੇ ਜਾਣਗੇ। ਡਾਕਟਰ ਗੁਰਵਿੰਦਰ ਕੌਰ ਅਤੇ ਡਾਕਟਰ ਸੌਰਵ ਭੰਡਾਰੀ ਨੇ ਕਿਹਾ ਕਿ ਕੈਂਪ ਵਿੱਚ ਦਵਾਈਆਂ ਤੇ 30 ਪ੍ਰਸਿੰਟ ਦੀ ਛੋਟ ਹੋਵੇਗੀ। ਤੇ ਗਰੀਬ ਲੋੜਵੰਦ ਮਰੀਜ਼ਾਂ ਨੂੰ ਤਿੰਨ ਦਿਨ ਦੀ ਦਵਾਈ ਮੁਫ਼ਤ ਦਿੱਤੀ ਜਾਵੇਗੀ। ਅੰਤ ਵਿੱਚ ਉਨ੍ਹਾਂ ਕਿਹਾ ਕਿ ਨਗਰ ਅਤੇ ਆਸ ਪਾਸ ਦੇ ਲੋਕ ਇਸ ਮੁਫ਼ਤ ਚੈੱਕਅਪ ਕੈਂਪ ਦਾ ਰਾਜ ਹਸਪਤਾਲ ਹਠੂਰ ਵਿੱਚ ਪਹੁੰਚ ਕੇ ਵੱਧ ਤੋਂ ਵੱਧ ਲਾਹਾ ਪ੍ਰਾਪਤ ਕਰਨ।

# ਏਸ਼ੀਅਨ ਕਲੀਅਰਿੰਗ ਯੂਨੀਅਨ ਰਾਹੀਂ ਬਾਰਟਰ-ਅਧਾਰਤ ਭੁਗਤਾਨ ਵਿਧੀ ਨੂੰ ਬਾਸਮਤੀ ਚੌਲਾਂ ਦੇ ਬਰਾਮਦ ਦੀ ਸੁਰੱਖਿਆ ਲਈ ਅਪੀਲ: ਵਿਕਰਮਜੀਤ ਸਿੰਘ ਸਾਹਨੀ

**ਨਵੀਂ ਦਿੱਲੀ 2 ਅਪ੍ਰੈਲ (ਮਨਪ੍ਰੀਤ ਸਿੰਘ ਖਾਲਸਾ)**:- ਡਾ. ਵਿਕਰਮਜੀਤ ਸਿੰਘ ਸਾਹਨੀ, ਸੰਸਦ ਮੈਂਬਰ (ਰਾਜ ਸਭਾ) ਨੇ ਕੇਂਦਰੀ ਵਣਜ ਅਤੇ ਉਦਯੋਗ ਮੰਤਰੀ ਪਿਯੂਸ਼ ਗੋਇਲ ਨੂੰ ਪੱਤਰ ਲਿਖ ਕੇ ਪੱਛਮੀ ਏਸ਼ੀਆ ਵਿੱਚ ਚੱਲ ਰਹੀ ਜੰਗ ਦੇ ਮੱਦੇ ਨਜ਼ਰ ਬਾਸਮਤੀ ਚੌਲਾਂ ਦੇ ਨਿਰਯਾਤਕਾਂ, ਖਾਸ ਕਰਕੇ ਪੰਜਾਬ ਦੇ ਬਰਾਮਦਕਾਰਾਂ ਨੂੰ ਦਰਪੇਸ਼ ਗੰਭੀਰ ਸੰਕਟ ਨੂੰ ਉਜਾਗਰ ਕੀਤਾ ਹੈ। ਡਾ. ਸਾਹਨੀ ਨੇ ਕਿਹਾ ਕਿ ਲਗਭਗ 60 ਲੱਖ ਟਨ ਚੌਲਾਂ ਦੀਆਂ ਖੇਪਾਂ ਇਸ ਸਮੇਂ ਬੰਦਰਗਾਹਾਂ ਅਤੇ ਸਮੁੰਦਰਾਂ ਵਿੱਚ ਫਸੀਆਂ ਹੋਈਆਂ ਹਨ, ਜਿਸ ਕਾਰਨ ਬਰਾਮਦ ਵਿੱਚ ਵੱਡੀਆਂ ਰੁਕਾਵਟਾਂ ਆ ਰਹੀਆਂ ਹਨ। ਹਾਲ ਹੀ ਵਿੱਚ ਦੁਬਈ ਦੇ ਨੇੜੇ ਇੱਕ ਜਹਾਜ਼ 'ਤੇ ਡਰੋਨ ਹਮਲੇ ਦੀਆਂ ਰਿਪੋਰਟਾਂ ਤੋਂ ਬਾਅਦ ਸਥਿਤੀ ਹੋਰ ਵੀ ਗੰਭੀਰ ਹੋ ਗਈ ਹੈ, ਜਿਸ ਨਾਲ ਸ਼ਿਪਮੈਂਟ ਦੀ ਸੁਰੱਖਿਆ ਬਾਰੇ ਗੰਭੀਰ ਚਿੰਤਾਵਾਂ ਪੈਦਾ ਹੋਈਆਂ ਹਨ ।ਬਰਾਮਦਕਾਰ ਬਲਾਕ ਕੀਤੀਆਂ ਖੇਪਾਂ, ਦੇਰੀ ਨਾਲ ਭੁਗਤਾਨ, ਵਧਦੇ ਮਾਲ ਭਾੜੇ ਅਤੇ ਬੀਮਾ ਲਾਗਤਾਂ, ਅਤੇ ਭਵਿੱਖ ਦੇ ਵਪਾਰ ਨੂੰ ਪ੍ਰਭਾਵਿਤ ਕਰਨ ਵੱਲ ਵਧਦੀ ਅਨਿਸ਼ਚਿਤਤਾ ਨਾਲ ਜੂਝ ਰਹੇ ਹਨ। ਡਾ. ਸਾਹਨੀ ਨੇ ਏਸ਼ੀਅਨ ਕਲੀਅਰਿੰਗ ਯੂਨੀਅਨ (ਏ.ਸੀ.ਯੂ.)-ਅਧਾਰਤ ਬਾਰਟਰ ਵਿਧੀ ਨੂੰ ਮੁੜ ਸੁਰਜੀਤ ਕਰਨ ਦੀ ਜ਼ੋਰਦਾਰ ਵਕਾਲਤ ਕੀਤੀ ਹੈ, ਜਿਵੇਂ ਕਿ ਪਹਿਲਾਂ ਪੈਟਰੋਲੀਅਮ ਵਪਾਰ ਲਈ ਲਾਗੂ ਸੀ, ਤਾਂ ਜੋ



ਆਵਾਜ਼ਿ ਕੌਮ AWAZE QAUM International Newspaper & WEB TV

ਪੈਟਰੋਲੀਅਮ ਵਰਗੇ ਦਰਾਮਦ ਦੇ ਵਿਰੁੱਧ ਚੌਲਾਂ ਦੇ ਨਿਰਯਾਤ ਨੂੰ ਆਫਸੈੱਟ ਕਰਕੇ ਭੁਗਤਾਨਾਂ ਦੇ ਨਿਰਵਿਘਨ ਨਿਪਟਾਰੇ ਨੂੰ ਸਮਰੱਥ ਬਣਾਇਆ ਜਾ ਸਕੇ। ਡਾ. ਸਾਹਨੀ ਨੇ ਜ਼ੋਰ ਦੇ ਕੇ ਕਿਹਾ ਕਿ ਅਜਿਹੀ ਵਿਧੀ ਬਰਾਮਦਕਾਰਾਂ ਨੂੰ ਤੁਰੰਤ ਰਾਹਤ ਪ੍ਰਦਾਨ ਕਰੇਗੀ ਅਤੇ ਈਰਾਨ ਵਰਗੇ ਮੁੱਖ ਬਾਜ਼ਾਰਾਂ ਨਾਲ ਵਪਾਰ ਦੀ ਨਿਰੰਤਰਤਾ ਨੂੰ ਯਕੀਨੀ ਬਣਾਏਗੀ। ਇਸ ਤੋਂ ਇਲਾਵਾ, ਉਨ੍ਹਾਂ ਨੇ ਸਰਕਾਰ ਨੂੰ ਵਿੱਤੀ ਸਹਾਇਤਾ, ਵਿਆਜ ਮੁਆਫ਼ੀ, ਲੌਜਿਸਟਿਕਸ ਅਤੇ ਬੀਮਾ ਸਹਾਇਤਾ, ਅਤੇ ਸ਼ਿਪਮੈਂਟ ਲਈ ਵਧੇ ਹੋਏ ਸੁਰੱਖਿਆ ਉਪਾਅ ਵਧਾਉਣ ਦੀ ਅਪੀਲ ਕੀਤੀ ਹੈ। ਉਨ੍ਹਾਂ ਨੇ ਚੇਤਾਵਨੀ ਦਿੱਤੀ ਕਿ ਇਸ ਸੰਕਟ ਦੇ ਨਾ ਸਿਰਫ ਬਰਾਮਦ ਕਾਰਾਂ ਲਈ, ਸਗੋਂ ਕਿਸਾਨਾਂ ਅਤੇ ਬਾਸਮਤੀ ਚੌਲਾਂ ਵਿੱਚ ਭਾਰਤ ਦੀ ਵਿਸ਼ਵਵਿਆਪੀ ਲੀਡਰਸ਼ਿਪ ਲਈ ਵੀ ਦੂਰਗਾਮੀ ਪ੍ਰਭਾਵ ਹਨ ਇਸ ਵਾਸਤੇ ਉਹਨਾਂ ਕੇਂਦਰ ਵੱਲੋਂ ਤੁਰੰਤ ਦਖਲ ਦਿੱਤੇ ਜਾਣ ਦੀ ਮੰਗ ਕੀਤੀ ਹੈ।

# ਕਰਨੈਲ ਸਿੰਘ ਪੀਰ ਮੁਹੰਮਦ ਵੱਲੋਂ ਨਾਮਧਾਰੀ ਆਗੂ ਠਾਕੁਰ ਦਲੀਪ ਸਿੰਘ ਦੇ ਦੇਹਧਾਰੀ ਗੁਰੂ ਬਾਰੇ ਬਿਆਨ ਦਾ ਕਰੜਾ ਵਿਰੋਧ

**ਚੰਡੀਗੜ੍ਹ, 2 ਅਪ੍ਰੈਲ (ਆਵਾਜ਼ਿ ਕੌਮ ਬਿਊਰੋ)**-ਆਲ ਇੰਡੀਆ ਸਿੱਖ ਸਟੂਡੈਂਟਸ ਫੈਡਰੇਸ਼ਨ ਦੇ ਸਾਬਕਾ ਪ੍ਰਧਾਨ ਅਤੇ ਸ਼੍ਰੋਮਣੀ ਅਕਾਲੀ ਦਲ ਦੇ ਸੀਨੀਅਰ ਮੀਤ ਪ੍ਰਧਾਨ, ਸਿੱਖ ਆਗੂ ਸ੍ਰ. ਕਰਨੈਲ ਸਿੰਘ ਪੀਰ ਮੁਹੰਮਦ ਨੇ ਨਾਮਧਾਰੀ ਸੰਪਰਦਾ ਦੇ ਆਗੂ ਠਾਕੁਰ ਦਲੀਪ ਸਿੰਘ ਵੱਲੋਂ ਦੇਹਧਾਰੀ ਗੁਰੂ ਦੀ ਲੋੜ ਅਤੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਗੁਰਤਾ ਬਾਰੇ ਦਿੱਤੇ ਵਿਵਾਦਤ ਬਿਆਨ ਦੀ ਸਖ਼ਤ ਸ਼ਬਦਾਂ ਵਿੱਚ ਨਿਖੇਧੀ ਕੀਤੀ ਹੈ। ਉਨ੍ਹਾਂ ਇਸ ਨੂੰ ਸਿੱਖ ਸਿਧਾਂਤਾਂ 'ਤੇ ਸਿੱਧਾ ਹਮਲਾ ਅਤੇ ਪੰਥ ਵਿਰੋਧੀ ਕਰਤੂਤ ਕਰਾਰ ਦਿੱਤਾ ਹੈ।

ਆਵਾਜ਼ਿ ਕੌਮ AWAZE QAUM International Newspaper & WEB TV



**ਗੁਰੂ ਗੋਬਿੰਦ ਸਿੰਘ ਜੀ ਦੇ ਹੁਕਮਾਂ ਦੀ ਉਲੰਘਣਾ**-ਪੀਰ ਮੁਹੰਮਦ ਨੇ ਇਤਿਹਾਸਕ ਹਵਾਲਾ ਦਿੰਦਿਆਂ ਕਿਹਾ ਕਿ ਦਸਮ ਪਾਤਸ਼ਾਹ ਸਾਹਿਬ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਨੇ ਜੋਤੀ-ਜੋਤਿ ਸਮਾਉਣ ਸਮੇਂ ਨਾਂਦੇੜ ਦੀ ਧਰਤੀ 'ਤੇ ਸਪੱਸ਼ਟ ਹੁਕਮ ਕੀਤਾ ਸੀ:

**"ਸਭ ਸਿੱਖਨ ਕੋ ਹੁਕਮ ਹੈ, ਗੁਰੂ ਮਾਨਿਓ ਗ੍ਰੰਥ॥"**

ਉਨ੍ਹਾਂ ਕਿਹਾ ਕਿ ਸਿੱਖ ਧਰਮ ਵਿੱਚ ਦੇਹਧਾਰੀ ਗੁਰੂ ਦਾ ਕੋਈ ਸਥਾਨ ਨਹੀਂ ਹੈ ਅਤੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਹੀ ਕਿਆਮਤ ਤੱਕ ਸਿੱਖਾਂ ਦੇ ਹਾਜ਼ਰ-ਨਾਜ਼ਰ ਤੇ ਜਾਗਤ ਜੋਤ ਗੁਰੂ ਹਨ। ਠਾਕੁਰ ਦਲੀਪ ਸਿੰਘ ਵੱਲੋਂ ਦਿੱਤਾ ਬਿਆਨ ਨਾ ਸਿਰਫ ਸਿੱਖ ਇਤਿਹਾਸ ਨੂੰ ਝੁਠਲਾਉਣ ਦੀ ਕੋਸ਼ਿਸ਼ ਹੈ, ਸਗੋਂ ਇਹ ਕਰੋੜਾਂ ਸਿੱਖਾਂ ਦੀਆਂ ਭਾਵਨਾਵਾਂ ਨੂੰ ਡੂੰਘੀ ਸੱਟ ਮਾਰਨ ਵਾਲਾ ਹੈ।

**ਪੰਥ ਵਿਰੋਧੀ ਸ਼ਕਤੀਆਂ ਦੀ ਸ਼ਿਹ 'ਤੇ ਬਿਆਨਬਾਜ਼ੀ**-ਕਰਨੈਲ ਸਿੰਘ ਪੀਰ ਮੁਹੰਮਦ ਨੇ ਕਿਹਾ ਕਿ ਅਜਿਹੇ ਬਿਆਨ ਜਾਣਬੁੱਝ ਕੇ ਸਿੱਖ ਕੌਮ ਵਿੱਚ ਦੁਬਿਧਾ ਪੈਦਾ ਕਰਨ ਅਤੇ ਪੰਥਕ ਏਕਤਾ ਨੂੰ ਭੰਗ ਕਰਨ ਲਈ ਦਿੱਤੇ ਜਾ ਰਹੇ ਹਨ। ਉਨ੍ਹਾਂ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਸਾਹਿਬਾਨ ਨੂੰ ਅਪੀਲ ਕੀਤੀ ਕਿ ਅਜਿਹੀਆਂ ਗੁਮਰਾਹਕੁੰਨ ਗੱਲਾਂ ਕਰਨ ਵਾਲਿਆਂ ਖ਼ਿਲਾਫ਼ ਸਖ਼ਤ ਰੁਖ਼ ਅਖ਼ਤਿਆਰ ਕੀਤਾ ਜਾਵੇ ਤਾਂ ਜੋ ਭਵਿੱਖ ਵਿੱਚ ਕੋਈ ਵੀ ਸਿੱਖ ਮਰਯਾਦਾ ਅਤੇ ਗੁਰੂ ਸਾਹਿਬ ਦੀ ਸਰਵਉੱਚਤਾ 'ਤੇ ਸਵਾਲ ਚੁੱਕਣ ਦੀ ਹਿੰਮਤ ਨਾ ਕਰ ਸਕੇ। ਉਨ੍ਹਾਂ ਸਿੱਖ ਸੰਗਤਾਂ ਨੂੰ ਸੁਚੇਤ ਕਰਦਿਆਂ ਕਿਹਾ ਕਿ ਉਹ ਅਜਿਹੇ ਗੁਮਰਾਹਕੁੰਨ ਪ੍ਰਚਾਰ ਤੋਂ ਬਚਣ ਅਤੇ ਧੰਨ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਲੜ ਲੱਗ ਕੇ ਗੁਰੂ ਸਾਹਿਬ ਵੱਲੋਂ ਬਖਸ਼ੇ ਨਿਰਮਲ ਪੰਥ ਦੇ ਸਿਧਾਂਤਾਂ 'ਤੇ ਪਹਿਰਾ ਦੇਣ।


ਲੜੀਵਾਰ ਗੁਰਬਾਣੀ ਕਥਾ ਵਿਚਾਰ
ਗੁਰਦੁਆਰਾ ਬੰਗਲਾ ਸਾਹਿਬ, ਦਿਲੀ
4 ਅਪ੍ਰੈਲ 2026 (ਸ਼ਨੀਵਾਰ)
ਸਵੇਰੇ 7:30ਤੋਂ 8:30 ਵਜੇ ਤੱਕ
Live on
CHARDIKLA TIME TV
ਗੁਰਦੁਆਰਾ ਸੀਸ ਗੰਜ ਸਾਹਿਬ, ਦਿਲੀ
5 ਅਪ੍ਰੈਲ 2026 (ਐਤਵਾਰ)
ਸਵੇਰੇ 7:30ਤੋਂ 8:30 ਵਜੇ ਤੱਕ
Live on
PTC SIMRAN
ਪੰਥ ਪ੍ਰਸਿੱਧ ਸਿੱਖ ਪ੍ਰਚਾਰਕ
ਜਥੇਦਾਰ ਬਲਜੀਤ ਸਿੰਘ ਦਾਦੂਵਾਲ
ਚੇਅਰਮੈਨ ਧਰਮ ਪ੍ਰਚਾਰ HSGMC
ਸੰਗਤਾਂ ਨਾਲ਼ ਗੁਰਬਾਣੀ ਸ਼ਬਦ ਵਿਚਾਰ ਦੀ
ਸਾਂਝ ਪਾਉਣਗੇ
ਸੰਪਰਕ ਨੰਬਰ:
9356060960,9814015740
ਆਵਾਜ਼ਿ ਕੌਮ
AWAZE QAUM
International Newspaper & WEB TV

### ਚੇਅਰਮੈਨ ਸ੍ ਅਮਰੀਕ ਸਿੰਘ ਸੋਢੀ ਨੇ ਬਲਾਕ ਕੁਆਂਡੀਨੇਟਰ ਮੈਡਮ ਸਰਬਜੀਤ ਕੌਰ ਦੇ ਗ੍ਰਹਿ ਵਿਖੇ ਕੀਤੀ ਸ਼ਿਰਕਤ

# ਜੰਡਿਆਲਾ ਗੁਰੂ 'ਚ ਚਲ ਰਹੇ ਵਿਕਾਸ ਕਾਰਜਾਂ ਬਾਰੇ ਕੀਤਾ ਵਿਚਾਰ-ਵਟਾਂਦਰਾ ਮੈਡਮ : ਸਰਬਜੀਤ ਕੌਰ



**ਜੰਡਿਆਲਾ ਗੁਰੂ, 2 ਅਪ੍ਰੈਲ ( ਕੁਲਵੰਤ ਸਿੰਘ ਵਿਰਦੀ )**-ਆਮ ਆਦਮੀ ਪਾਰਟੀ ਦੇ ਬਲਾਕ ਕੁਆਰਡੀਨੇਟਰ ਸ਼ੋਸ਼ਲ ਮੀਡੀਆ ਜੰਡਿਆਲਾ ਗੁਰੂ ਤੋਂ ਮੈਡਮ ਸਰਬਜੀਤ ਕੌਰ ਦੇ ਗ੍ਰਹਿ ਵਿਖੇ ਚੇਅਰਮੈਨ ਸ੍ਰ: ਅਮਰੀਕ ਸਿੰਘ ਸੋਢੀ ਬਲਾਕ ਸੰਮਤੀ ਜੰਡਿਆਲਾ ਗੁਰੂ ਪਹੁੰਚੇ ! ਇਸ ਮੌਕੇ ਚੇਅਰਮੈਨ ਸ੍ਰ ਅਮਰੀਕ ਸਿੰਘ ਸੋਢੀ ਦੇ ਨਾਲ ਉਨਾਂ ਦਾ ਪਰਿਵਾਰ ਵੀ ਵਿਸੇਸ ਤੌਰ ਤੇ ਨਾਲ ਪਹੁੰਚਿਆ ।ਅਤੇ ਇਸ ਮੌਕੇ ਮੈਡਮ ਸਰਬਜੀਤ ਕੌਰ ਨੇ ਉਨਾਂ ਨੂੰ ਜੀ ਆਇਆਂ ਆਖਿਆ ਤੇ ਚੈਅਰਮੈਨ ਅਮਰੀਕ ਸਿੰਘ ਸੋਢੀ ਤੇ ਪਰਿਵਾਰ ਦੇ ਮੈਂਬਰਾਂ ਨੂੰ ਸਿਰੋਪਾਓ ਦੇ ਕੇ ਸਨਮਾਨਿਤ ਕੀਤਾ ਗਿਆ। ਇਸ ਮੌਕੇ ਤੇ ਮੈਡਮ ਸਰਬਜੀਤ ਕੌਰ ਨੇ ਚੈਅਰਮੈਨ ਸ੍ਰ ਅਮਰੀਕ ਸਿੰਘ ਸੋਢੀ ਨਾਲ ਕੈਬਨਿਟ ਮੰਤਰੀ ਸ੍ਰ ਹਰਭਜਨ ਸਿੰਘ ਈ ਟੀ ਓ ਵੱਲੋਂ ਜੰਡਿਆਲਾ ਗੁਰੂ ਸ਼ਹਿਰ ਵਿੱਚ ਅਤੇ ਬਲਾਕ ਜੰਡਿਆਲਾ ਗੁਰੂ ਦੇ ਪਿੰਡਾਂ ਵਿਚ ਕੀਤੇ ਜਾ ਰਹੇ ਵਿਕਾਸ ਕਾਰਜਾਂ ਬਾਰੇ ਵੀਚਾਰ ਚਰਚਾ ਕੀਤੀ ਗਈ । ਇਸ ਮੌਕੇ ਮੈਡਮ ਸਰਬਜੀਤ ਕੌਰ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆ ਹੋਇਆ ਕਿਹਾ ਕਿ ਸ੍ਰ ਅਮਰੀਕ ਸਿੰਘ ਸੋਢੀ ਨੂੰ ਕੈਬਨਿਟ ਮੰਤਰੀ ਸ੍ਰ ਹਰਭਜਨ ਸਿੰਘ ਈ ਟੀ ਓ ਜੀ ਵੱਲੋਂ ਚੈਅਰਮੈਨ ਬਣਾਉਣ ਨਾਲ ਆਮ ਆਦਮੀ ਪਾਰਟੀ ਦਾ ਹਲਕਾ ਜੰਡਿਆਲਾ ਵਿੱਚ ਪੱਧਰ ਬਹੁਤ ਉੱਚਾ ਹੋ ਗਿਆ ਅਤੇ ਆਏ ਦਿਨ ਅਨੇਕਾਂ ਸਰਪੰਚ ਰਵਾਇਤੀ ਪਾਰਟੀਆਂ ਅਕਾਲੀ ਕਾਂਗਰਸ ਦੇ ਅਹੁਦੇਦਾਰ ਆਮ ਆਦਮੀ ਪਾਰਟੀ ਵਿੱਚ ਸ਼ਾਮਲ ਹੋ ਰਹੇ ਹਨ ਜਿਸ ਨਾਲ ਆਮ ਆਦਮੀ ਪਾਰਟੀ ਦਾ ਹਲਕਾ ਜੰਡਿਆਲਾ ਗੁਰੂ ਵਿੱਚ ਦਿਨੋਂ ਦਿਨ ਗ੍ਰਾਫ ਵੱਧ ਰਿਹਾ ਹੈ ਅਤੇ ਆਉਣ ਵਾਲੀਆਂ ਵਿਧਾਨ ਸਭਾ ਚੋਣਾਂ 2027 ਵਿੱਚ ਮੰਤਰੀ ਸ੍ਰ ਹਰਭਜਨ ਸਿੰਘ ਈ ਟੀ ਓ ਜੀ ਹਲਕਾ ਜੰਡਿਆਲਾ ਗੁਰੂ ਤੋਂ ਵੱਡੀ ਲੀਡ ਨਾਲ ਜਿੱਤ ਹਾਸਲ ਕਰਨਗੇ।

### ਸੀ.ਆਈ.ਏ.ਬਰਨਾਲਾ ਦੀ ਟੀਮ ਨੂੰ ਮਿਲੀ ਵੱਡੀ ਸਫਲਤਾ

# ਲੋਕਾਂ ਲਈ ਪ੍ਰੇਸ਼ਾਨੀ ਬਣਿਆ ਮੋਟਰਸਾਇਕਿਲ ਚੋਰ ਗਿਰੋਹ ਦਾ ਪਰਦਾਫਾਸ, 3 ਮੈਂਬਰ ਗ੍ਰਿਫ਼ਤਾਰ



**ਬਰਨਾਲਾ, 2 ਅਪ੍ਰੈਲ (ਆਵਾਜ਼ਿ ਕੌਮ ਬਿਊਰੋ)**-ਰਾਜਿੰਦਰਪਾਲ ਸਿੰਘ ਉਪ ਕਪਤਾਨ ਪੁਲਿਸ (ਇੰਨ) ਬਰਨਾਲਾ ਨੇ ਪ੍ਰੈਸ ਨੂੰ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ, ਪੰਜਾਬ ਸਰਕਾਰ ਅਤੇ ਡੀ.ਜੀ.ਪੀ.ਸਾਹਿਬ ਦੀਆਂ ਹਦਾਇਤਾਂ ਅਨੁਸਾਰ ਸਮਾਜ ਵਿਰੋਧੀ ਮਾੜੇ ਅਨਸਰਾ ਖਿਲਾਫ ਕਰਵਾਈ ਕਰਦੇ ਹੋਏ ਸੀ.ਆਈ.ਏ.ਬਰਨਾਲਾ ਦੀ ਟੀਮ ਨੂੰ ਉਸ ਸਮੇ ਵੱਡੀ ਸਫਲਤਾ ਮਿਲੀ ਜਦੋਂ ਸ:ਥ: ਲਵਪ੍ਰੀਤ ਸਿੰਘ ਸੀ.ਆਈ.ਏ ਬਰਨਾਲਾ ਨੂੰ ਸੌਰਸ ਵੱਲੋ ਇਤਲਾਹ ਮਿਲੀ ਕਿ ਵਿਸਾਲ ਕੁਮਾਰ ਉਰਫ ਵਿਸਾਲ ਪੁੱਤਰ ਗੋਤਮ ਮਾਝੀ ਵਾਸੀ ਗਲੀ ਨੰਬਰ 1 ਗਰਚਾ ਰੋਡ ਸੰਤ ਨਗਰ ਬਰਨਾਲਾ, ਲਵਦੀਪ ਸਿੰਘ ਉਰਫ ਲਵੀ ਪੁੱਤਰ ਰਾਜਵਿੰਦਰ ਸਿੰਘ ਵਾਸੀ ਗਲੀ ਨੰਬਰ 1 ਗਰਚਾ ਰੋਡ ਸੰਤ ਨਗਰ ਬਰਨਾਲਾ, ਸੁਖਦੀਪ ਕੁਮਾਰ ਉਰਫ ਸੋਨੂੰ ਪੁੱਤਰ ਨਰਿੰਦਰ ਕੁਮਾਰ ਵਾਸੀ ਰਮਦਾਸੀਆ ਨਗਰ ਖੁੱਡੀ ਕਲਾ ਨੇ ਆਪਣੇ ਹੋਰ ਸਾਥੀਆ ਨਾਲ ਰਲਕੇ ਇੱਕ ਗਿਰੋਹ ਬਣਾਇਆ ਹੋਇਆ ਹੈ, ਜੋ ਮੋਟਰਸਾਇਕਲ ਚੋਰੀ ਕਰਨ ਅਤੇ ਆਉਦੇ ਜਾਦੇ ਰਾਹਗੀਰਾ ਪਾਸੋ ਮੋਟਰਸਾਇਕਲ ਲੁੱਟਣ/ਖੋਹਣ ਦੀਆ ਵਾਰਦਾਤਾ ਨੂੰ ਅੰਜਾਮ ਦਿੰਦੇ ਹਨ, ਇਹ ਵਿਅਕਤੀ ਚੋਰੀ ਜਾਂ ਲੁੱਟ/ਖੋਹ ਕੀਤੇ ਮੋਟਰਸਾਇਕਲਾ ਹੀਰੋ ਸਪਲੈਂਡਰ ਰੰਗ ਕਾਲਾ, ਹੀਰੋ ਡੀਲਕਸ ਰੰਗ ਕਾਲਾ/ਲਾਲ ਅਤੇ ਹੀਰੋ ਸਪਲੈਂਡਰ ਰੰਗ ਸਿਲਵਰ ਪਰ ਗਰਚਾ ਰੋਡ ਬਰਨਾਲਾ ਅਤੇ ਆਈ.ਟੀ.ਆਈ ਚੋਕ ਬਰਨਾਲਾ ਦੇ ਆਸ ਪਾਸ ਕਿਸੇ ਵਾਰਦਤਾ ਨੂੰ ਅੰਜਾਮ ਦੇਣ ਦੀ ਤਾਕ ਵਿੱਚ ਘੁੰਮਦੇ ਵੇਖੇ ਗਏ ਹਨ, ਜਿਸਤੇ ਮੁਕੱਦਮਾ ਨੰਬਰ 139 ਮਿਤੀ 28-03-2026 ਅ/ਧ 304, 303(2) ਭੰਸ਼ ਥਾਣਾ ਸਿਟੀ ਬਰਨਾਲਾ ਦਰਜ ਰਜਿਸਟਰ ਕਰਵਾਇਆ ਗਿਆ। ਸ:ਥ: ਲਵਪ੍ਰੀਤ ਸਿੰਘ ਸੀ.ਆਈ.ਏ. ਬਰਨਾਲਾ ਨੇ ਦੌਰਾਨੇ ਤਾਲਾਸ ਵਿਸਾਲ ਕੁਮਾਰ ਉਰਫ ਵਿਸਾਲ, ਲਵਦੀਪ ਸਿੰਘ ਉਰਫ ਲਵੀ ਅਤੇ ਸੁਖਦੀਪ ਕੁਮਾਰ ਉਰਫ ਸੋਨੂੰ ਨੂੰ ਕਾਬੂ ਕੀਤਾ ਜਿੰਨਾ ਦੇ ਕਬਜੇ ਵਿੱਚੋ 01 ਮੋਟਰਸਾਇਕਲ ਮਾਰਕਾ ਹੀਰੋ ਡੀਲਕਸ ਰੰਗ ਲਾਲ-ਕਾਲਾ ਬਿੰਨਾ ਨੰਬਰੀ, 01 ਮੋਟਰਸਾਇਕਲ ਮਾਰਕਾ ਹੀਰੋ ਸੱਪਲੈਂਡਰ ਪਲੱਸ ਰੰਗ ਸਿਲਵਰ ਬਿਨਾ ਨੰਬਰੀ, 01 ਮੋਟਰਸਾਇਕਲ ਮਾਰਕਾ ਹੀਰੋ ਸਪਲੈਂਡਰ ਪਲੱਸ ਰੰਗ ਕਾਲਾ ਬਿਨਾ ਨੰਬਰੀ ਮੁਕੱਦਮਾ ਵਿੱਚ ਜੁਰਮ 317(2) ਦਾ ਵਾਧਾ ਕੀਤਾ ਗਿਆ, ਦੌਰਾਨੇ ਤਫਤੀਸ ਉਕਤਾਨ ਵਿਅਕਤੀਆ ਵੱਲੋ ਵੱਖ ਵੱਖ ਥਾਵਾ ਤੋ ਚੋਰੀ ਕੀਤੇ 02 ਮੋਟਰਸਾਇਕਲ ਮਾਰਕਾ ਹੀਰੋ ਸਪਲੈਂਡਰ ਪਲੱਸ ਰੰਗ ਕਾਲਾ ਬਿਨਾ ਨੰਬਰੀ, 01 ਮੋਟਰਸਾਇਕਲ ਮਾਰਕਾ ਹੀਰੋ ਸੱਪਲੈਂਡਰ ਪਲੱਸ ਰੰਗ ਸਿਲਵਰ ਬਿਨਾ ਨੰਬਰੀ , 01 ਮੋਟਰਸਾਇਕਲ ਮਾਰਕਾ ਹੀਰੋ ਡੀਲਕਸ ਰੰਗ ਕਾਲਾ ਬਿੰਨਾ ਨੰਬਰੀ ਬ੍ਰਾਮਦ ਹੋਏ ।ਦੌਰਾਨੇ ਪੁੱਛਗਿੱਛ ਉਕਤਾਨ ਵਿਅਕਤੀਆ ਨੇ ਦੱਸਿਆ ਕਿ ਇਹ ਤਿੰਨੋ ਜਣੇ ਵੱਖ ਵੱਖ ਸਹਿਰਾ ਬਠਿੰਡਾ, ਸੰਗਰੂਰ, ਪਟਿਆਲਾ, ਲੁਧਿਆਣਾ ਜਾ ਮੇਲਿਆ ਆਦਿ ਪਰ ਬੱਸ ਰਾਹੀ ਚੱਲੇ ਜਾਦੇ ਸਨ ਅਤੇ ਜਿੱਥੇ ਭੀੜ ਭੜੱਕਾ ਵਾਲੀਆ ਥਾਵਾ ਹੁੰਦੀਆ ਜਾ ਜਿੱਥੇ ਕਿਤੇ ਬਿੰਨਾ ਕਿਸੇ ਨਿਗਰਾਨੀ ਤੋ ਮੋਟਰਸਾਇਕਿਲ ਖੜੇ ਹੁੰਦੇ ਸੀ, ਉਹਨਾ ਨੂੰ ਚੋਰੀ ਕਰ ਲੈਂਦੇ ਸੀ ਅਤੇ ਅੱਗੇ ਆਪਣੇ ਜਾਣ ਪਛਾਣ ਦੇ ਵਿਅਕਤੀ ਨੂੰ ਝੂਠ ਬੋਲਕੇ ਵੇਚ ਦਿੰਦੇ ਸੀ ਜਾ ਗਹਿਣੇ ਰੱਖ ਦਿੰਦੇ ਸੀ ਅਤੇ ਉਹਨਾ ਪਾਸੋ ਕੁੱਝ ਪੈਸੇ ਸਾਈ ਦੇ ਤੌਰ ਤੇ ਲੈ ਲੈਂਦੇ ਸੀ ਅਤੇ ਬਾਕੀ ਪੈਸੇ ਕਾਗਜ/ਐਫੀਡੇਵਟ ਦੇਣ ਵਕਤ ਲੈਣ ਬਾਰੇ ਗੱਲ ਕਰ ਲੈਂਦੇ ਸੀ। ਦੋਸੀਆਨ ਪਾਸੋ ਪੁੱਛਗਿੱਛ ਜਾਰੀ ਹੈ ਅਹਿਮ ਖੁਲਾਸੇ ਹੋਣ ਦੀ ਸੰਭਾਵਨਾ ਹੈ।

ਆਵਾਜ਼ਿ ਕੌਮ AWAZE QAUM International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

ਆਵਾਜ਼ਿ ਕੌਮ

ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :

+447458381111 +447976210161 +919729091243

# ਸੂਝਵਾਨ ਮਾਪਿਆਂ ਦੀ ਪਹਿਲੀ ਪਸੰਦ ਬਣਿਆ ਦਸਮੇਸ਼ ਪਬਲਿਕ ਸੀਨੀਅਰ ਸੈਕੰਡਰੀ ਸਕੂਲ ਚੌਕ ਮਹਿਤਾ

## ਵਾਜ਼ਬ ਫ਼ੀਸ ਤੇ ਅੰਗਰੇਜ਼ੀ ਮੀਡੀਅਮ 'ਚ ਮਿਆਰੀ ਸਿੱਖਿਆ ਬਣੀ ਖਿੱਚ ਦਾ ਕੇਂਦਰ



ਚੌਕ ਮਹਿਤਾ 2 ਅਪ੍ਰੈਲ ( ਬਾਬਾ ਸੁਖਵੰਤ ਸਿੰਘ ਚੰਨਣਕੇ) ਸਾਢੇ ਚਾਰ ਦਹਾਕਿਆਂ ਤੋਂ ਸਿੱਖਿਆ ਦੇ ਖੇਤਰ ਵਿੱਚ ਨਵੀਆਂ ਬੁਲੰਦੀਆਂ ਛੋਹ ਰਹੀ ਵਿੱਚ ਮੈਡੀਕਲ, ਨਾਨ-ਮੈਡੀਕਲ, ਕਾਮਰਸ ਅਤੇ ਆਰਟਸ ਸਟਰੀਮਾਂ ਦੀ ਵਧੀਆ ਪੜ੍ਹਾਈ ਖਿੱਚ ਦਾ ਕੇਂਦਰ ਬਣੀ ਹੋਈ ਹੈ। ਚੰਗੀ ਸਿੱਖਿਆ ਇਲਾਕੇ ਦੀ ਨਾਮਵਰ ਸੰਸਥਾ ਦਸਮੇਸ਼ ਪਬਲਿਕ ਸੀਨੀਅਰ ਸੈਕੰਡਰੀ ਸਕੂਲ ਚੌਕ ਮਹਿਤਾ ਸੂਝਵਾਨ ਮਾਪਿਆਂ ਦੀ ਪਹਿਲੀ ਪਸੰਦ ਬਣ ਚੁੱਕਿਆ ਹੈ। ਇਸ ਦਾ ਮੁੱਖ ਕਾਰਨ ਹੈ ਕਿ ਵਾਜ਼ਬ ਫ਼ੀਸ ਉਪਰ ਅੰਗਰੇਜ਼ੀ ਮੀਡੀਅਮ ਵਿੱਚ ਮਿਆਰੀ ਸਿੱਖਿਆ ਮੁਹੱਈਆ ਕਰਵਾਈ ਜਾ ਰਹੀ ਹੈ।ਨੈਤਿਕ ਸਿੱਖਿਆ ਅਤੇ ਚੰਗੇ ਸੰਸਕਾਰਾਂ ਦੇ ਸੰਚਾਰ ਸਦਕਾ ਬੱਚਿਆਂ ਨੂੰ ਚੰਗੇ ਨਾਗਰਿਕ ਵਜੋਂ ਸਿਰਜਣ ਲਈ ਵਿਸ਼ੇਸ਼ ਯਤਨ ਕੀਤੇ ਜਾ ਰਹੇ ਹਨ। ਸਕੂਲ ਤੇ ਸੰਸਕਾਰਾਂ ਦੇ ਮਾਧਿਅਮ ਰਾਹੀਂ ਨੌਜਵਾਨਾਂ ਨੂੰ ਭਵਿੱਖ ਦੇ ਚੰਗੇ ਰੁਜ਼ਗਾਰ ਦੇ ਮੌਕਿਆਂ ਲਈ ਤਿਆਰ ਕੀਤਾ ਜਾ ਰਿਹਾ ਹੈ।ਸਦਾਚਾਰਕ ਗੁਣ, ਆਤਮ ਵਿਸ਼ਵਾਸ ਅਤੇ ਗੌਰਵਮਈ ਵਿਰਾਸਤ ਨਾਲ ਜੋੜਣ ਸਦਕਾ ਇੱਥੋਂ ਸਿੱਖਿਆ ਹਾਸਿਲ ਕਰਨ ਵਾਲੇ ਵਿਦਿਆਰਥੀ ਭਵਿੱਖ ਦੀਆਂ ਚੁਣੌਤੀਆਂ ਨਾਲ ਜੂਝਣ ਦੇ ਸਮਰੱਥ ਬਣਦੇ ਹਨ। ਸਰੀਰਕ, ਮਾਨਸਿਕ ਤੇ ਬੌਧਿਕ ਵਿਕਾਸ ਰਾਹੀਂ ਬੱਚਿਆਂ ਦੇ ਸਰਵਪੱਖੀ ਵਿਕਾਸ ਲਈ ਸੰਸਥਾ ਪੂਰੀ ਤਰ੍ਹਾਂ ਵਚਨਬੱਧ ਹੈ। ਪ੍ਰਿੰਸੀਪਲ ਹਰਸ਼ਦੀਪ ਸਿੰਘ ਰੰਧਾਵਾ ਦੀ ਸੁਚੱਜੀ ਰਹਿਨੁਮਾਈ ਸਦਕਾ ਸਕੂਲ ਦਾ ਸਮੁੱਚਾ ਕਾਬਲ, ਸੁਹਿਰਦ ਤੇ ਮਿਹਨਤੀ ਸਟਾਫ ਬੱਚਿਆਂ ਨੂੰ ਤਰਾਸਣ ਲਈ ਆਪਣੀ ਪੂਰੀ ਵਾਹ ਲਗਾ ਰਿਹਾ ਹੈ। ਸ਼ਾਨਦਾਰ ਨਤੀਜੇ ਅਤੇ ਬੋਰਡ ਪ੍ਰੀਖਿਆਵਾਂ ਵਿੱਚ ਹਾਸਿਲ ਕੀਤੀਆਂ ਮੈਰਿਟਾਂ ਅਦਾਰੇ ਦੀ ਮਾਣਮੱਤੀ ਕਾਰਗੁਜ਼ਾਰੀ ਦਾ ਪ੍ਰਮਾਣ ਪੇਸ਼ ਕਰਦੀਆਂ ਹਨ। ਇਵੇਂ ਖੇਡਾਂ ਵਿੱਚ ਸਟੇਟ ਅਤੇ ਨੈਸ਼ਨਲ ਪੱਧਰ ਤੱਕ ਦੀਆਂ ਪ੍ਰਾਪਤੀਆਂ ਸੰਸਥਾ ਦਾ ਮਾਣ ਬਣ ਚੁੱਕੀਆਂ ਹਨ। ਅਜਿਹੀਆਂ ਫ਼ਖ਼ਰਯੋਗ ਪ੍ਰਾਪਤੀਆਂ ਸਦਕਾ ਸਕੂਲ ਨੂੰ ਕਈ ਵਾਰ ਨੈਸ਼ਨਲ ਅਵਾਰਡ ਮਿਲ ਚੁੱਕੇ ਹਨ। ਸਕੂਲ ਦੇ ਪ੍ਰਬੰਧਕਾਂ, ਪ੍ਰਿੰਸੀਪਲ, ਵਾਈਸ ਪ੍ਰਿੰਸੀਪਲ ਅਤੇ ਅਨੇਕਾ ਅਧਿਆਪਕਾਂ ਨੂੰ ਵੱਕਾਰੀ ਸੰਸਥਾਵਾਂ ਵੱਲੋਂ ਸ਼ਾਨਦਾਰ ਕਾਰਗੁਜ਼ਾਰੀ ਸਦਕਾ ਬੈਸਟ ਅਵਾਰਡ ਮਿਲ ਚੁੱਕੇ ਹਨ। ਇਸ ਨੂੰ ਸੰਸਥਾ ਰਾਜ ਪੱਧਰੀ ਅਵਾਰਡ ਸਕੂਲ ਦੀਆਂ ਵੱਖ ਵੱਖ ਖੇਤਰਾਂ ਵਿੱਚ ਮਾਣਮੱਤੀਆਂ ਪ੍ਰਾਪਤੀਆਂ ਦੀ ਬਹੁਤ ਲੰਬੀ ਲੜੀ ਹੈ। ਇਥੋਂ ਸਿੱਖਿਆ ਗ੍ਰਹਿਣ ਕਰ ਚੁੱਕੇ ਅਣਗਿਣਤ ਹੋਣਹਾਰ ਨੌਜਵਾਨ ਦੇਸ਼-ਵਿਦੇਸ਼ ਵਿੱਚ ਸਨਮਾਨ ਯੋਗ ਰੁਤਬਿਆਂ ਤੇ ਸੇਵਾ ਨਿਭਾਉਣ ਸਦਕਾ ਸਕੂਲ ਦਾ ਨਾਂਅ ਰੌਸ਼ਨ ਕਰ ਰਹੇ ਹਨ। ਬਾਨੀ ਪ੍ਰਿੰਸੀਪਲ ਹਰਸ਼ਦੀਪ ਸਿੰਘ ਰੰਧਾਵਾ ਨੇ ਦੱਸਿਆ ਕਿ ਮਿਆਰੀ ਸਿੱਖਿਆ ਸੰਸਥਾ ਦਾ ਮਿਸ਼ਨ ਅਤੇ ਵਿਜਨ ਹੈ ਤਾਂ ਕਿ ਅਜੋਕੇ ਗਲੋਬਲ ਯੁੱਗ ਵਿੱਚ ਸਾਡੇ ਬੱਚੇ, ਸੰਸਥਾ, ਮਾਪਿਆਂ ਅਤੇ ਰਾਸ਼ਟਰ ਦਾ ਨਾਂਅ ਰੌਸ਼ਨ ਕਰਦੇ ਰਹਿਣ।

## ਜੰਡਿਆਲਾ ਗੁਰੂ ਵਿੱਚ ਨੋਵਾ ਗੱਡੀ ਤੇ ਚੱਲੀਆਂ ਤਾਬੜਤੋੜ ਗੋਲੀਆਂ ਇਲਾਕੇ ਚ ਦਹਿਸ਼ਤ ਦਾ ਮਾਹੌਲ



**ਜੰਡਿਆਲਾ ਗੁਰੂ, 2 ਅਪ੍ਰੈਲ ( ਕੁਲਵੰਤ ਸਿੰਘ ਵਿਰਦੀ )**-ਜੰਡਿਆਲਾ ਗੁਰੂ ਵਿੱਚ ਗੋਲੀਬਾਰੀ ਦੀ ਇਕ ਹੋਰ ਸੰਸਨੀਖੇਜ਼ ਘਟਨਾ ਸਾਹਮਣੇ ਆਈ ਹੈ, ਜਿਸ ਨਾਲ ਇਲਾਕੇ ਵਿੱਚ ਦਹਿਸ਼ਤ ਦਾ ਮਾਹੌਲ ਬਣ ਗਿਆ ਹੈ।ਮਿਲੀ ਜਾਣਕਾਰੀ ਅਨੁਸਾਰ, ਪਿੰਡ ਤਿੰਮੋਵਾਲ ਦੀ ਸਰਪੰਚ ਦੇ ਪਤੀ ਸੁਖਦੇਵ ਸਿੰਘ ਉਰਫ ਝੰਡਾ ਆਪਣੇ ਸਾਥੀਆਂ ਸਮੇਤ ਇਨੋਵਾਂ ਕਾਰ ਚ ਜਾ ਰਹੇ ਸਨ। ਇਸ ਦੌਰਾਨ ਅਣਪਛਾਤੇ ਮੋਟਰਸਾਈਕਲ ਸਵਾਰਾਂ ਵੱਲੋਂ ਉਨ੍ਹਾਂ ਦੀ ਇਨੋਵਾ ਕਾਰ ਨੂੰ ਨਿਸ਼ਾਨਾ ਬਣਾਉਂਦੇ ਹੋਏ ਤਾਬੜਤੋੜ ਗੋਲੀਆਂ ਚਲਾਈਆਂ ਗਈਆਂ।ਚਸ਼ਮਦੀਦਾਂ ਦੇ ਮੁਤਾਬਕ ਹਮਲਾਵਰਾਂ ਨੇ ਲਗਭਗ 8 ਤੋਂ 10 ਰਾਉਂਡ ਫਾਇਰ ਕੀਤੇ, ਜਿਸ ਨਾਲ ਬਾਜ਼ਾਰ ਵਿੱਚ ਭਗਦੜ ਮਚ ਗਈ। ਗੋਲੀਬਾਰੀ ਦੌਰਾਨ ਕਾਰ ਵਿੱਚ ਸਵਾਰ ਇੱਕ ਵਿਅਕਤੀ ਜ਼ਖਮੀ ਹੋ ਗਿਆ ਜਿਸ ਨੂੰ ਅੰਮ੍ਰਿਤਸਰ ਦੇ ਇੱਕ ਨਿੱਜੀ ਹਸਪਤਾਲ ਵਿੱਚ ਦਾਖਲ ਕਰਵਾਇਆ ਗਿਆ ਹੈ। ਘਬਰਾਹਟ ਵਿੱਚ ਕਾਰ ਦਾ ਡਰਾਈਵਰ ਕੰਟਰੋਲ ਗੁਆ ਬੈਠਾ ਅਤੇ ਇੱਕ ਸਕੂਟਰ ਨਾਲ ਟਕਰਾ ਗਿਆ।ਇਸ ਹਾਦਸੇ ਵਿੱਚ ਸਕੂਟਰ ਸਵਾਰ ਵਿਅਕਤੀ ਜ਼ਖਮੀ ਹੋ ਗਏ। ਇਹਨਾ ਨੂੰ ਤੁਰੰਤ ਇਲਾਜ ਲਈ ਹਸਪਤਾਲ ਦਾਖਲ ਕਰਵਾਇਆ ਗਿਆ ਹੈ।ਸੂਚਨਾ ਮਿਲਣ 'ਤੇ ਪੁਲਿਸ ਮੌਕੇ 'ਤੇ ਪਹੁੰਚ ਗਈ ਅਤੇ ਇਲਾਕੇ ਨੂੰ ਘੇਰ ਕੇ ਜਾਂਚ ਸ਼ੁਰੂ ਕਰ ਦਿੱਤੀ। ਪੁਲਿਸ ਵੱਲੋਂ ਨੇੜਲੇ ਸੀਸੀਟੀਵੀ ਕੈਮਰਿਆਂ ਦੀ ਫੁਟੇਜ ਖੰਗਾਲੀ ਜਾ ਰਹੀ ਹੈ ਅਤੇ ਹਮਲਾਵਰਾਂ ਦੀ ਪਛਾਣ ਕਰਨ ਦੀ ਕੋਸ਼ਿਸ਼ ਕੀਤੀ ਜਾ ਰਹੀ ਹੈ।ਹਮਲੇ ਦੇ ਕਾਰਨਾਂ ਬਾਰੇ ਅਜੇ ਤੱਕ ਕੋਈ ਪੱਕੀ ਜਾਣਕਾਰੀ ਸਾਹਮਣੇ ਨਹੀਂ ਆਈ। ਪੁਲਿਸ ਦਾ ਕਹਿਣਾ ਹੈ ਕਿ ਸਾਰੇ ਪੱਖਾਂ ਨੂੰ ਧਿਆਨ ਵਿੱਚ ਰੱਖਦਿਆਂ ਜਾਂਚ ਕੀਤੀ ਜਾ ਰਹੀ ਹੈ ਅਤੇ ਜਲਦੀ ਹੀ ਦੋਸ਼ੀਆਂ ਨੂੰ ਕਾਬੂ ਕਰ ਲਿਆ ਜਾਵੇਗਾ।ਇਸ ਘਟਨਾ ਤੋਂ ਬਾਅਦ ਇਲਾਕੇ ਦੇ ਨਿਵਾਸੀਆਂ ਵਿੱਚ ਡਰ ਦਾ ਮਾਹੌਲ ਬਣ ਗਿਆ ਹੈ ਅਤੇ ਲੋਕਾਂ ਵੱਲੋਂ ਸੁਰੱਖਿਆ ਪ੍ਰਬੰਧ ਮਜ਼ਬੂਤ ਕਰਨ ਦੀ ਮੰਗ ਕੀਤੀ ਜਾ ਰਹੀ ਹੈ।




★ ਜਾਰੀ ਕਰਤਾ ★

ਆਵਾਜ਼ਿ ਕੌਮ AWAZE QAUM
International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
+447458381111 +447976210161 +919729091243